ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 22 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੬ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ‘ਪੰਜਾਬ ਪੁਲਿਸ ਮੰਤਰੀਆ ਦੇ ਦਬਾਅ ਹੇਠ, ਸੀਬੀਆਈ ਜਾਂਚ ਕਰਵਾਈ ਜਾਵੇ’, ਮ੍ਰਿਤਕ ਗੁਲਜ਼ਾਰ ਸਿੰਘ ਦੇ ਮੁੰਡੇ ਨੇ ਹਾਈਕੋਰਟ ’ਚ ਲਾਈ ਗੁਹਾਰ

**ਚੰਡੀਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮ੍ਰਿਤਕ ਗੁਲਜ਼ਾਰ ਸਿੰਘ ਦੇ ਪੁੱਤਰ ਲਖਵਿੰਦਰ ਸਿੰਘ ਨੇ ਹੁਣ ਗੁਲਜ਼ਾਰ ਸਿੰਘ ਦੇ ਖੁਦਕੁਸ਼ੀ ਮਾਮਲੇ ਸਬੰਧੀ ਹਾਈ ਕੋਰਟ ਵਿੱਚ ਅਪੀਲ ਕੀਤੀ ਹੈ। ਉਸ ਨੇ ਕਿਹਾ ਕਿ ਪੰਜਾਬ ਪੁਲਿਸ ਇਸ ਮਾਮਲੇ ਦੀ ਨਿਰਪੱਖ ਜਾਂਚ ਨਹੀਂ ਕਰ ਸਕਦੀ, ਕਿਉਂਕਿ ਉਹ ਮੰਤਰੀ ਦੇ ਦਬਾਅ ਹੇਠ ਕੰਮ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਪੂਰੇ ਮਾਮਲੇ ਦੀ ਜਾਂਚ ਸੀਬੀਆਈ ਜਾਂ ਕਿਸੇ ਹੋਰ ਨਿਰਪੱਖ ਜਾਂਚ ਏਜੰਸੀ ਤੋਂ ਕਰਵਾਈ ਜਾਵੇ। ਇਹ ਵੀ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਮੰਤਰੀ, ਐਸਐਸਪੀ ਅਤੇ ਐਸਐਚਓ ਦੇ ਕਾਲ ਵੇਰਵੇ ਸਮੇਤ ਪੂਰਾ ਰਿਕਾਰਡ ਸੁਰੱਖਿਅਤ ਰੱਖਿਆ ਜਾਵੇ। ਗੁਲਜ਼ਾਰ ਸਿੰਘ ਦੇ ਪੁੱਤ ਨੇ ਪਟੀਸ਼ਨ ਵਿੱਚ ਪੰਜਾਬ ਦੇ ਗ੍ਰਹਿ ਸਕੱਤਰ, ਸੰਗਰੂਰ ਦੇ ਐਸਐਸਪੀ, ਦਿੜਬਾ ਦੇ ਐਸਐਚਓ, ਸੀਬੀਆਈ ਅਤੇ ਮੰਤਰੀ ਹਰਪਾਲ ਚੀਮਾ ਨੂੰ ਪ੍ਰਤੀਵਾਦੀ ਵਜੋਂ ਨਾਮਜ਼ਦ ਕੀਤਾ ਹੈ। ਹਾਈ ਕੋਰਟ ਨੇ ਅੱਜ ਪਟੀਸ਼ਨ ਨੂੰ ਪਹਿਲਾਂ ਦਾਇਰ ਕੀਤੀ ਗਈ ਜਨਹਿੱਤ ਪਟੀਸ਼ਨ ਦੇ ਨਾਲ ਸੁਣਨ ਦਾ ਹੁਕਮ ਦਿੱਤਾ ਹੈ, ਜਿਸਦੀ ਸੁਣਵਾਈ 29 ਸਤੰਬਰ ਨੂੰ ਤੈਅ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ 6 ਸਤੰਬਰ ਨੂੰ ਗੁਲਜ਼ਾਰ ਸਿੰਘ ਨੇ ਸੰਗਰੂਰ ਵਿੱਚ ਆਪਣੇ ਪਿੰਡ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਦੇ ਸਾਹਮਣੇ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੇ ਵਪਾਰ ਵਿਰੁੱਧ ਗੱਲ ਕੀਤੀ। ਉਦੋਂ ਤੋਂ, ਉਨ੍ਹਾਂ ਨੂੰ ਵਾਰ-ਵਾਰ ਧਮਕੀਆਂ ਅਤੇ ਜਾਤੀਵਾਦੀ ਗਾਲਾਂ ਮਿਲ ਰਹੀਆਂ ਹਨ। ਇਸ ਤੋਂ ਦੁਖੀ ਹੋ ਕੇ ਗੁਲਜ਼ਾਰ ਸਿੰਘ ਨੇ ਖੁਦ-ਕੁ-ਸ਼ੀ ਕਰ ਲਈ।

# ਦਿੱਲੀ ਤੇ ਮੋਹਾਲੀ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਮਿਲੀਆਂ ਧਮਕੀਆਂ

**ਨਵੀਂ ਦਿੱਲੀ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰੀ ਰਾਜਧਾਨੀ ਦੇ ਤਿੰਨ ਸਕੂਲਾਂ ਨੂੰ ਸੋਮਵਾਰ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ, ਜਿਸ ਕਾਰਨ ਅਧਿਕਾਰੀਆਂ ਨੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਦਿੱਲੀ ਫਾਇਰ ਸਰਵਿਸ ਦੇ ਅਨੁਸਾਰ ਧਮਕੀਆਂ ਪ੍ਰਾਪਤ ਕਰਨ ਵਾਲੇ ਸਕੂਲਾਂ ਵਿੱਚ ਹੌਜ਼ ਖਾਸ ਵਿੱਚ ਮਦਰ ਇੰਟਰਨੈਸ਼ਨਲ ਸਕੂਲ, ਚਾਣਕਿਆਪੁਰੀ ਵਿੱਚ ਨੇਵੀ ਚਿਲਡਰਨ ਸਕੂਲ ਅਤੇ ਚਾਣਕਿਆਪੁਰੀ ਵਿੱਚ ਬਾਲ ਭਾਰਤੀ ਸਕੂਲ ਸ਼ਾਮਲ ਹਨ। ਅਧਿਕਾਰੀ ਨੇ ਕਿਹਾ ਕਿ ਤਲਾਸ਼ੀ ਮੁਹਿੰਮ ਜਾਰੀ ਹੈ ਅਤੇ ਹੁਣ ਤੱਕ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ। ਹੋਰ ਵੇਰਵਿਆਂ ਦੀ ਉਡੀਕ ਹੈ। ਦੂਜੇ ਪਾਸੇ ਮੋਹਾਲੀ ਦੇ ਫੇਜ਼-6 ਸਥਿਤ ਸ਼ਿਵਾਲਿਕ ਸਕੂਲ ਨੂੰ ਇਕ ਵਾਰ ਫਿਰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ, ਜਿਸ ਤੋਂ ਬਾਅਦ ਹੜਕੰਪ ਮਚ ਗਿਆ। ਸਕੂਲ ਪ੍ਰਸ਼ਾਸਨ ਨੇ ਤੁਰੰਤ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ। ਜਾਣਕਾਰੀ ਮੁਤਾਬਕ ਇਹ ਧਮਕੀ ਉਸ ਸਮੇਂ ਮਿਲੀ, ਜਦੋਂ ਸਕੂਲ ‘ਚ ਪ੍ਰੀਖਿਆਵਾਂ ਚੱਲ ਰਹੀਆਂ ਹਨ। ਧਮਕੀ ਮਿਲਣ ਮਗਰੋਂ ਸਾਵਧਾਨੀ ਵਜੋਂ ਪ੍ਰੀਖਿਆਵਾਂ ਵਿਚਾਲੇ ਹੀ ਰੋਕ ਦਿੱਤੀਆਂ ਗਈਆਂ ਅਤੇ ਵਿਦਿਆਰਥੀਆਂ ਨੂੰ ਸਕੂਲ ‘ਚੋਂ ਬਾਹਰ ਕੱਢਿਆ ਗਿਆ। ਸਕੂਲ ਪ੍ਰਸ਼ਾਸਨ ਨੇ ਮਾਪਿਆਂ ਨੂੰ ਸੂਚਨਾ ਦੇ ਕੇ ਬੱਚਿਆਂ ਨੂੰ ਸੁਰੱਖਿਆ ਘਰ ਭੇਜ ਦਿੱਤਾ। ਛੋਟੇ ਬੱਚਿਆਂ ਅਤੇ ਦੂਰ-ਦੁਰਾਡੇ ਤੋਂ ਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਬੱਸਾਂ ਦੇ ਮਾਧਿਅਮ ਰਾਹੀਂ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ ‘ਤੇ ਪਹੁੰਚੀ ਅਤੇ ਸਕੂਲ ਕੰਪਲੈਕਸ ਦੀ ਸੁਰੱਖਿਆ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਵਲੋਂ ਧਮਕੀ ਭਰੀ ਈ-ਮੇਲ ਦੀ ਜਾਂਚ ਕੀਤੀ ਜਾ ਰਹੀ ਹੈ। ਫਿਲਹਾਲ ਸਕੂਲ ‘ਚ ਸੁਰੱਖਿਆ ਨੂੰ ਸਖ਼ਤ ਕੀਤਾ ਗਿਆ ਹੈ ਅਤੇ ਪੁਲਸ ਵਲੋਂ ਅੱਗੇ ਦੀ ਕਾਰਵਾਈ ਜਾਰੀ ਹੈ।




## 5 ਕਰੋੜ ਦੇ ਇਲਜ਼ਾਮਾਂ ਦਾ ਮਾਮਲਾ; ਅਕਾਲੀ ਦਲ ਨੇ ਬਠਿੰਡਾ ’ਚ ਕੀਤਾ ਪ੍ਰਦਰਸ਼ਨ

**ਬਠਿੰਡਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਲੋਕ ਸਭਾ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਸੋਮਵਾਰ ਨੂੰ ਬਠਿੰਡਾ ਜ਼ਿਲ੍ਹੇ ਦੇ ਨਥਾਣਾ ਅਤੇ ਰਾਮਪੁਰਾ ਫੂਲ ਦਾ ਦੌਰਾ ਕੀਤਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਰਾਮਪੁਰਾ ਫੂਲ ਦੇ ਗੁਰਦੁਆਰਾ ਅਕਾਲਗੜ੍ਹ ਵਿਖੇ ਇੱਕ ਵੱਡਾ ਸਮਾਗਮ ਕਰਵਾਇਆ ਗਿਆ, ਜਿੱਥੇ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਸ਼ਿਰਕਤ ਕੀਤੀ ਅਤੇ ਵਰਕਰਾਂ ਨੂੰ ਸੰਬੋਧਨ ਕੀਤਾ। ਇਹ ਸਮਾਗਮ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ’ਤੇ 5 ਕਰੋੜ ਰੁਪਏ ਦੀ ਕਥਿਤ ਰਿਸ਼ਵਤਖੋਰੀ ਦੇ ਦੋਸ਼ਾਂ ਦੇ ਜਵਾਬ ਵਿੱਚ ਆਯੋਜਿਤ ਕੀਤਾ ਗਿਆ ਸੀ। ਦੋਸ਼ ਹੈ ਕਿ ਇਹ ਪੈਸੇ ਬਲਾਤਕਾਰ ਦੇ ਮਾਮਲੇ ਨੂੰ ਪ੍ਰਭਾਵਿਤ ਕਰਨ ਲਈ ਮੰਗੇ ਗਏ ਸਨ। ਹਾਲਾਂਕਿ, ਡਾ. ਗੁਰਪ੍ਰੀਤ ਕੌਰ ਨੇ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੱਤਾ ਹੈ। ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਇਸ ਮਾਮਲੇ ਸਬੰਧੀ ਪੰਜਾਬ ਸਰਕਾਰ ਅਤੇ ਪੁਲਿਸ ਤੋਂ ਜਾਂਚ ਰਿਪੋਰਟ ਵੀ ਮੰਗੀ ਹੈ। ਅਕਾਲੀ ਦਲ ਦੇ ਵਰਕਰਾਂ ਨੇ ਮਾਮਲੇ ਵਿੱਚ ਕਾਰਵਾਈ ਦੀ ਮੰਗ ਕਰਦੇ ਹੋਏ ਧਰਨਾ ਦਿੱਤਾ। ਇਸ ਤੋਂ ਬਾਅਦ, ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ, ਵਰਕਰਾਂ ਨੇ ਪੈਦਲ ਮਾਰਚ ਕੱਢਿਆ ਅਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਐਸਡੀਐਮ ਦਫ਼ਤਰ ਵੱਲ ਮਾਰਚ ਕੀਤਾ। ਪ੍ਰਦਰਸ਼ਨਕਾਰੀਆਂ ਨੇ ਰਾਮਪੁਰਾ ਫੂਲ ਦੇ ਐਸਡੀਐਮ ਗੁਰਪ੍ਰੀਤ ਸਿੰਘ ਨੂੰ ਇੱਕ ਮੰਗ ਪੱਤਰ ਸੌਂਪਿਆ, ਜਿਸ ਵਿੱਚ ਕਥਿਤ 5 ਕਰੋੜ ਰੁਪਏ ਦੇ ਰਿਸ਼ਵਤਖੋਰੀ ਮਾਮਲੇ ਦੀ ਨਿਰਪੱਖ ਜਾਂਚ ਅਤੇ ਬਲਾਤਕਾਰ ਦੇ ਦੋਸ਼ੀਆਂ ਅਤੇ ਨਸ਼ਾਖੋਰਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।



## ਦੁਬਈ ਦੇ ਸ਼ਾਸਕ ਦੇ ਛੋਟੇ ਭਰਾ ਸ਼ੇਖ ਅਹਿਮਦ ਦਾ ਦਿਹਾਂਤ, 76 ਦੀ ਉਮਰ ’ਚ ਲਏ ਅੰਤਿਮ ਸਾਹ, ਅਮੀਰਾਤ ’ਚ 10 ਦਿਨਾਂ ਦਾ ਸੋਗ ਐਲਾਨਿਆ

**ਦੁਬਈ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦੁਬਈ ਦੇ ਸ਼ਾਸਕ ਸ਼ੇਖ ਮੁਹੰਮਦ ਬਿਨ ਰਾਸ਼ਿਦ ਅਲ ਮਕਤੂਮ ਦੇ ਛੋਟੇ ਭਰਾ, ਸ਼ੇਖ ਅਹਿਮਦ ਬਿਨ ਰਾਸ਼ਿਦ ਅਲ ਮਕਤੂਮ ਦਾ ਸੋਮਵਾਰ ਸਵੇਰੇ 76 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਉਨ੍ਹਾਂ ਦੇ ਦੇਹਾਂਤ ਤੋਂ ਬਾਅਦ ਦੁਬਈ ਵਿੱਚ 10 ਦਿਨਾਂ ਦੇ ਸਰਕਾਰੀ ਸੋਗ ਦਾ ਐਲਾਨ ਕੀਤਾ ਗਿਆ ਹੈ, ਜਿਸ ਦੌਰਾਨ ਪੂਰੇ ਅਮੀਰਾਤ ਵਿੱਚ ਝੰਡੇ ਅੱਧੇ ਝੁਕਾਏ ਰਹਿਣਗੇ। ਆਪਣੇ ਭਰਾ ਨੂੰ ਯਾਦ ਕਰਦਿਆਂ, ਸ਼ੇਖ ਮੁਹੰਮਦ ਨੇ ਸ਼ੇਖ ਅਹਿਮਦ ਦੇ ਦੇਹਾਂਤ ’ਤੇ ਇੱਕ ਭਾਵੁਕ ਸੰਦੇਸ਼ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਭਾਵੇਂ ਅਹਿਮਦ ਹੁਣ ਉਨ੍ਹਾਂ ਦੀਆਂ ਨਜ਼ਰਾਂ ਤੋਂ ਦੂਰ ਹਨ, ਪਰ ਉਹ ਹਮੇਸ਼ਾ ਉਨ੍ਹਾਂ ਦੀਆਂ ਅਰਦਾਸਾਂ ਅਤੇ ਦਿਲ ਵਿੱਚ ਵੱਸੇ ਰਹਿਣਗੇ। ਦੁਬਈ ਦੇ ਅਖਬਾਰ ’ਖਲੀਜ ਟਾਈਮਜ਼’ ਦੀ ਰਿਪੋਰਟ ਅਨੁਸਾਰ, ਸ਼ੇਖ ਅਹਿਮਦ ਦੁਬਈ ਦੇ ਸ਼ਾਸਕ ਪਰਿਵਾਰ ਦੇ ਇੱਕ ਪ੍ਰਮੁੱਖ ਮੈਂਬਰ ਸਨ। ਉਨ੍ਹਾਂ ਨੇ ਦੁਬਈ ਪੁਲਿਸ ਅਤੇ ਜਨਤਕ ਸੁਰੱਖਿਆ ਵਿਭਾਗ ਦੇ ਉਪ-ਚੇਅਰਮੈਨ ਵਜੋਂ ਸੇਵਾ ਨਿਭਾਈ ਅਤੇ ਉਹ ’ਅਲ ਵਸਲ ਸਪੋਰਟਸ ਕਲੱਬ’ ਦੇ ਚੇਅਰਮੈਨ ਵੀ ਸਨ। ਫੌਜੀ ਖੇਤਰ ਨਾਲ ਉਨ੍ਹਾਂ ਦਾ ਲੰਬਾ ਸਬੰਧ ਰਿਹਾ; ਯੂਕੇ ਵਿੱਚ ’ਰਾਇਲ ਮਿਲਟਰੀ ਅਕੈਡਮੀ ਸੈਂਡਹਰਸਟ’ ਤੋਂ ਸਿਖਲਾਈ ਲੈਣ ਤੋਂ ਬਾਅਦ, ਉਹ ਦੁਬਈ ਦੇ ਕੇਂਦਰੀ ਫੌਜੀ ਖੇਤਰ ਵਿੱਚ ਸ਼ਾਮਲ ਹੋਏ ਅਤੇ ਬਾਅਦ ਵਿੱਚ ਇਸ ਦੀ ਕਮਾਂਡ ਸੰਭਾਲੀ। ਸ਼ੇਖ ਅਹਿਮਦ ਦਾ ਅਲ ਵਸਲ ਕਲੱਬ ਨਾਲ ਲਗਭਗ ਛੇ ਦਹਾਕਿਆਂ ਦਾ ਡੂੰਘਾ ਸਬੰਧ ਸੀ। ਉਹ ਕਲੱਬ ਦੀ ਸ਼ੁਰੂਆਤੀ ਸਥਾਪਨਾ ਤੋਂ ਲੈ ਕੇ ਇਸ ਦੇ ਵਿਸਥਾਰ ਤੱਕ ਇਸ ਨਾਲ ਜੁੜੇ ਰਹੇ। ਉਨ੍ਹਾਂ ਦੀ ਅਗਵਾਈ ਹੇਠ, ਅਲ ਵਸਲ ਫੁੱਟਬਾਲ ਸਮੇਤ ਵੱਖ-ਵੱਖ ਖੇਡਾਂ ਵਿੱਚ ਯੂਏਈ ਦੇ ਮੋਹਰੀ ਕਲੱਬਾਂ ਵਿੱਚੋਂ ਇੱਕ ਵਜੋਂ ਉੱਭਰਿਆ। ਇਸ ਤੋਂ ਇਲਾਵਾ, ਉਨ੍ਹਾਂ ਨੇ ਘੋੜ-ਦੌੜ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ; ’ਜਬਲ ਅਲੀ ਰੇਸਕੋਰਸ’, ’ਅਲ ਅਦਿਆਤ’ ਅਤੇ ’ਦੁਬਈ ਹਾਰਸ ਰੇਸਿੰਗ ਸੈਂਟਰ’ ਵਰਗੀਆਂ ਪਹਿਲਕਦਮੀਆਂ ਨਾਲ ਉਨ੍ਹਾਂ ਦਾ ਨਾਮ ਜੁੜਿਆ ਹੋਇਆ ਸੀ। ਸ਼ੇਖ ਅਹਿਮਦ ਨੇ ’ਦੁਬਈ ਇੰਟਰਨੈਸ਼ਨਲ ਮਰੀਨ ਕਲੱਬ’ ਦੀ ਸਥਾਪਨਾ ਵਿੱਚ ਅਹਿਮ ਭੂਮਿਕਾ ਨਿਭਾਈ ਅਤੇ 1988 ਵਿੱਚ ਇਸ ਦੇ ਪਹਿਲੇ ਚੇਅਰਮੈਨ ਬਣੇ। ਉਨ੍ਹਾਂ ਨੇ 1989 ਵਿੱਚ ’ਵਿਕਟਰੀ ਟੀਮ’ ਦੀ ਸਥਾਪਨਾ ਵਿੱਚ ਵੀ ਮੁੱਖ ਭੂਮਿਕਾ ਨਿਭਾਈ। ਯੂਏਈ ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨੇ ਸ਼ੇਖ ਅਹਿਮਦ ਦੇ ਦੇਹਾਂਤ ’ਤੇ ਦੁੱਖ ਪ੍ਰਗਟ ਕੀਤਾ। ਦੁਬਈ ਦੇ ਕ੍ਰਾਊਨ ਪ੍ਰਿੰਸ ਸ਼ੇਖ ਹਮਦਾਨ ਬਿਨ ਮੁਹੰਮਦ ਬਿਨ ਰਾਸ਼ਿਦ ਅਲ ਮਕਤੂਮ ਨੇ ਵੀ ਆਪਣੇ ਚਾਚਾ ਨੂੰ ਸ਼ਰਧਾਂਜਲੀ ਭੇਟ ਕੀਤੀ। ਦੁਬਈ ਵਿੱਚ ਸੋਮਵਾਰ ਤੋਂ ਸ਼ੁਰੂ ਹੋਇਆ ਦਸ ਦਿਨਾਂ ਦਾ ਸਰਕਾਰੀ ਸੋਗ ਦਾ ਸਮਾਂ ਜਾਰੀ ਰਹੇਗਾ ਅਤੇ ਪੂਰੇ ਅਮੀਰਾਤ ਵਿੱਚ ਝੰਡੇ ਅੱਧੇ ਝੁਕਾਏ ਜਾਣਗੇ।



## ਪੰਥ ਤੋਂ ਛੇਕੇ ਜਾਣ ਮਗਰੋਂ ਅਮਰਜੀਤ ਸਿੰਘ ਚਾਵਲਾ ਦਾ ਵੱਡਾ ਬਿਆਨ : ਮੇਰਾ ਪੱਖ ਨਹੀਂ ਸੁਣਿਆ ਗਿਆ

**ਚੰਡੀਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਥ ’ਚੋਂ ਛੇਕੇ ਜਾਣ ਮਗਰੋਂ ਅਮਰਜੀਤ ਸਿੰਘ ਚਾਵਲਾ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਚਾਵਲਾ ਨੇ ਵੀਡੀਓ ਜਾਰੀ ਕਰਦਿਆਂ ਕਿਹਾ ਕਿ ਜਥੇਦਾਰ ਨੇ ਮੇਰੇ ਬਾਰੇ ਜੋ ਫੈਸਲਾ ਲਿਆ ਹੈ ਉਹ ਮੇਰੇ ਨਾਲ ਬਹੁਤ ਵੱਡੀ ਬੇਇਨਸਾਫੀ ਹੋਈ ਹੈ। ਉਨ੍ਹਾਂ ਕਿਹਾ ਬਹਿਰੀਨ ਵਾਲੀ ਬੇਬੀ ਨੇ ਜੋ ਲੰਮੇ ਸਮੇਂ ਤੋਂ ਆਨੰਦਪੁਰ ਸਾਹਿਬ ਵਿਖੇ ਰਹਿ ਰਹੀ ਸੀ ਉਸ ਵੱਲੋਂ ਸੰਗੀਨ ਦੋਸ਼ ਲਾਏ ਗਏ ਹਨ। ਇਨ੍ਹਾਂ ਦੋਸ਼ਾਂ ’ਤੇ ਸਿੰਘ ਸਾਹਿਬਾਨ ਨੇ ਸਹੀ ਤਰੀਕੇ ਨਾਲ ਵਿਚਾਰ ਨਹੀਂ ਕੀਤੀ ਅਤੇ ਨਾ ਹੀ ਪੜ੍ਹਿਆ ਸੁਣਿਆ ਗਿਆ। ਚਾਵਲਾ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਥਾਣੇ ’ਚ ਇਸ ਕੇਸ ਦੀ ਐਫ. ਆਈ. ਆਰ. ਹੋ ਚੁੱਕੀ ਹੈ ਅਤੇ ਅਦਾਲਤ ’ਚ ਬਿਆਨ ਵੀ ਕਲਮਬੰਦ ਹੋ ਚੁੱਕੇ ਹਨ। ਉਨ੍ਹਾਂ ਕਿਹਾ ਜਿੰਨੀ ਦੇਰ ਅਦਾਲਤ ਵਿਚ ਫੈਸਲਾ ਨਹੀਂ ਸੀ ਆਉਂਦਾ ਤਾਂ ਸਿੰਘ ਸਾਹਿਬ ਵੱਲੋਂ ਇਸ ਮਾਮਲੇ ’ਤੇ ਫੈਸਲਾ ਨਹੀਂ ਲੈਣਾ ਚਾਹੀਦਾ ਸੀ। ਉਨ੍ਹਾਂ ਕਿਹਾ ਜਥੇਦਾਰ ਸਾਹਿਬ ਨੇ ਇਕਤਰਫ਼ਾ ਫੈਸਲਾ ਨਹੀਂ ਕਰਨਾ ਚਾਹੀਦਾ ਸੀ। ਕੋਈ ਵੀ ਅਜਿਹਾ ਫੈਸਲਾ ਲੈਣ ਤੋਂ ਪਹਿਲਾਂ ਮੇਰਾ ਪੱਖ ਜ਼ਰੂਰ ਸੁਣਨਾ ਚਾਹੀਦਾ ਸੀ। ਉਨ੍ਹਾਂ ਕਿਹਾ ਜਥੇਦਾਰ ਨੂੰ ਵਿਚਾਰ ਕਰਨਾ ਚਾਹੀਦਾ ਸੀ ਕਿ ਦੋਸ਼ ਲਗਾਉਣ ਵਾਲੀ ਬੀਬੀ ਕੌਣ ਹੈ, ਕਿਵੇਂ ਇੱਥੇ ਆਈ ਅਤੇ ਕਿਸ ਤਰ੍ਹਾਂ ਰਹਿ ਰਹੀ ਹੈ, ਜੋ ਕਿ ਕੋਈ ਸਧਾਰਨ ਗੱਲ ਨਹੀਂ ਹੈ। ਪਰ ਮੈਨੂੰ ਬਲੀ ਦਾ ਬਕਰਾ ਬਣਾ ਦਿੱਤਾ ਅਤੇ ਮੇਰੇ ਖਿਲਾਫ਼ ਕਾਹਲੀ ਵਿਚ ਫ਼ੈਸਲਾ ਲਿਆ ਗਿਆ। ਚਾਵਲਾ ਨੇ ਕਿਹਾ ਕਿ ਸਿੰਘ ਸਾਹਿਬ ਤੁਸੀਂ ਹੱਕ ਸੱਚ ਵਾਲੀ ਥਾਂ ’ਤੇ ਖੜ੍ਹੇ ਹੋ ਇੱਥੇ ਇਕੱਲਾ ਬੋਲਣ ਦਾ ਮਸਲਾ ਨਹੀਂ ਹੈ, ਇੱਥੋ ਸੱਚ ਦੀ ਆਵਾਜ਼ ਆਉਂਦੀ ਹੈ। ਉਨ੍ਹਾਂ ਕਿਹਾ ਮੈਨੂੰ ਤਾਂ ਪਤਾ ਵੀ ਨਹੀਂ ਸੀ, ਖਬਰਾਂ ਤੋਂ ਪਤਾ ਲੱਗਾ ਸੀ ਕਿ ਮੇਰੇ ਬਾਰੇ ਫੈਸਲਾ ਆਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਮੈਂ ਸੁੱਚਾ ਸਿੰਘ ਲੰਗਾਹ ਨਹੀਂ, ਉਸ ਦੀ ਵੀਡੀਓ ਆਉਣ ਦੇ ਬਾਵਜੂਦ ਵੀ ਸ੍ਰੀ ਅਕਾਲ ਤਖਤ ਸਾਹਿਬ ’ਤੇ ਇਕ ਕਮੇਟੀ ਬਣਾ ਕੇ ਫੈਸਲਾ ਲਿਆ ਗਿਆ ਸੀ ਪਰੰਤੂ ਮੇਰੇ ਮਾਮਲੇ ਦੇ ਵਿਚ ਕੁਝ ਵੀ ਨਹੀਂ ਹੈ। ਉਨ੍ਹਾਂ ਕਿਹਾ ਮੈਂ 30/35 ਸਾਲ ਸੇਵਾ ਲਈ ਲਾਏ ਅਤੇ ਜੇਕਰ ਮੇਰੇ ਬਾਰੇ ਫੈਸਲਾ ਲੈਣ ਸੀ ਤਾਂ ਮੈਨੂੰ ਪੁੱਛਣਾ ਵੀ ਤਾਂ ਬਣਦਾ ਸੀ। ਉਨ੍ਹਾਂ ਕਿਹਾ ਬੀਬੀ ਆਈ ਕਿਵੇਂ ਇਸ ਬਾਰੇ ਪੰਥ ਜਾਣਨਾ ਚਾਹੁੰਦਾ ਹੈ। ਕੀ ਤੁਸੀਂ ਇਕ ਵਾਰ ਵੀ ਬੀਬੀ ਨੂੰ ਸਵਾਲ ਵੀ ਕੀਤਾ? ਉਨ੍ਹਾਂ ਕਿਹਾ ਜੇਕਰ ਮੈਂ ਗਤਲ ਹੁੰਦਾ ਮੈਨੂੰ ਅਕਾਲ ਤਖਤ ਸਾਹਿਬ ਖੜ੍ਹੇ ਹੋ ਕੇ ਗੋਲੀ ਮਾਰਦੇ ਪਰ ਫੈਸਲਾ ਮੈਨੂੰ ਦੱਸੇ ਬਿਨਾਂ ਹੀ ਲੈ ਲਿਆ ਗਿਆ।



## ਪੰਜਾਬ ’ਚ ਸਵਾਈਨ ਫਲੂ ਦਾ ਕਹਿਰ ! ਸੂਬੇ ਭਰ ’ਚ ਫਲੂ ਦੇ 1926 ਸ਼ੱਕੀ ਕੇਸ ਆਏ ਸਾਹਮਣੇ, ਦੋ ਲੋਕਾਂ ਦੀ ਮੌਤਾਂ

**ਚੰਡੀਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿਹਤ ਅਧਿਕਾਰੀਆਂ ਵੱਲੋਂ ਦਿੱਤੇ ਗਏ ਅੰਕੜਿਆਂ ਅਨੁਸਾਰ, ਪੰਜਾਬ ਵਿੱਚ 1,926 ਸ਼ੱਕੀ ਸਵਾਈਨ ਫਲੂ ਦੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ ਦੋ ਮੌਤਾਂ ਜਲੰਧਰ ਅਤੇ ਲੁਧਿਆਣਾ ਵਿੱਚ ਹੋਈਆਂ ਹਨ। ਸੂਬੇ ਭਰ ਵਿੱਚ 347 ਮਾਮਲਿਆਂ ਦੀ ਪੁਸ਼ਟੀ ਹੋਈ ਹੈ। ਸੂਬੇ ਵਿੱਚ ਸਭ ਤੋਂ ਵੱਧ ਮਾਮਲੇ ਲੁਧਿਆਣਾ ਵਿੱਚ ਸਾਹਮਣੇ ਆਏ ਹਨ, ਜਿੱਥੇ 90 ਤੋਂ ਵੱਧ ਮਰੀਜ਼ ਪਾਜ਼ੀਟਿਵ ਪਾਏ ਗਏ ਹਨ ਅਤੇ ਇੱਕ ਮੌਤ ਇਸ ਲਾਗ ਨਾਲ ਜੁੜੀ ਹੋਈ ਹੈ। ਜੇਕਰ ਜ਼ਿਲ੍ਹਾਵਾਰ ਅੰਕੜਿਆਂ ਦੀ ਗੱਲ ਕੀਤੀ ਜਾਵੇ ਤਾਂ ਇਸ ਪ੍ਰਕਾਰ ਹਨ: ਲੁਧਿਆਣਾ: 90 ਤੋਂ ਵੱਧ ਮਾਮਲੇ; 1 ਮੌਤ ਪਟਿਆਲਾ: 49 ਮਾਮਲੇ ਮੁਹਾਲੀ: 49 ਮਾਮਲੇ ਜਲੰਧਰ: 21 ਮਾਮਲੇ; 1 ਮੌਤ ਅੰਮ੍ਰਿਤਸਰ: 15 ਮਾਮਲੇ ਮੋਗਾ: 14 ਮਾਮਲੇ ਹੁਸ਼ਿਆਰਪੁਰ: 13 ਮਾਮਲੇ ਰੂਪਨਗਰ (ਰੋਪੜ): 12 ਮਾਮਲੇ ਬਠਿੰਡਾ: 11 ਮਾਮਲੇ ਮਲੇਰਕੋਟਲਾ: 9 ਮਾਮਲੇ ਸੰਗਰੂਰ: 9 ਮਾਮਲੇ ਗੁਰਦਾਸਪੁਰ: 8 ਮਾਮਲੇ ਫਿਰੋਜ਼ਪੁਰ: 6 ਮਾਮਲੇ ਫਰੀਦਕੋਟ: 5 ਮਾਮਲੇ ਫਤਿਹਗੜ੍ਹ ਸਾਹਿਬ: 5 ਮਾਮਲੇ ਕਪੂਰਥਲਾ: 4 ਮਾਮਲੇ ਪਠਾਨਕੋਟ: 4 ਮਾਮਲੇ ਤਰਨਤਾਰਨ: 4 ਮਾਮਲੇ ਬਰਨਾਲਾ: 2 ਮਾਮਲੇ ਫਾਜ਼ਿਲਕਾ: 2 ਮਾਮ.ਲੇ ਮੁਕਤਸਰ: 2 ਮਾਮਲੇ ਮਾਨਸਾ: 1 ਮਾਮਲਾ ਸਵਾਈਨ ਫਲੂ ਇੱਕ ਆਮ ਸ਼ਬਦ ਹੈ, ਜੋ ਇਨਫਲੂਐਂਜ਼ਾ ਏ ਵਾਇਰਸ ਦੇ ਕੁਝ ਕਿਸਮਾਂ, ਖਾਸ ਕਰਕੇ H1N1 ਸਟ੍ਰੇਨ ਕਾਰਨ ਹੋਣ ਵਾਲੀ ਬਿਮਾਰੀ ਲਈ ਵਰਤਿਆ ਜਾਂਦਾ ਹੈ। ਹਾਲਾਂਕਿ ਇਹ ਵਾਇਰਸ ਪਹਿਲਾਂ ਸੂਰਾਂ ਵਿੱਚ ਫੈਲਣ ਨਾਲ ਜੁੜਿਆ ਹੋਇਆ ਸੀ, ਪਰ ਹੁਣ H1N1 ਇੱਕ ਮੌਸਮੀ ਇਨਫਲੂਐਂਜ਼ਾ ਵਾਇਰਸ ਦੇ ਰੂਪ ਵਿੱਚ ਮਨੁੱਖਾਂ ਵਿੱਚ ਫੈਲਦਾ ਹੈ। ਜ਼ਿਆਦਾਤਰ ਲੋਕਾਂ ਲਈ, ਲਾਗ ਸਾਹ ਦੀ ਬਿਮਾਰੀ ਦਾ ਕਾਰਨ ਬਣਦੀ ਹੈ ਜਿਸਨੂੰ ਢੁਕਵੀਂ ਦੇਖਭਾਲ ਨਾਲ ਪ੍ਰਬੰਧਿਤ ਕੀਤਾ ਜਾ ਸਕਦਾ ਹੈ। ਹਾਲਾਂਕਿ, ਕੁਝ ਮਰੀਜ਼ ਗੰਭੀਰ ਪੇਚੀਦਗੀਆਂ ਪੈਦਾ ਕਰ ਸਕਦੇ ਹਨ, ਖਾਸ ਕਰਕੇ ਉਹ ਜਿਨ੍ਹਾਂ ਨੂੰ ਵਧੇਰੇ ਜੋਖਮ ਹੁੰਦਾ ਹੈ। H1N1 ਦੂਜੇ ਮੌਸਮੀ ਇਨਫਲੂਐਂਜ਼ਾ ਵਾਇਰਸਾਂ ਵਾਂਗ ਹੀ ਫੈਲਦਾ ਹੈ। ਇੱਕ ਸੰਕਰਮਿਤ ਵਿਅਕਤੀ ਖੰਘਣ, ਛਿੱਕਣ ਜਾਂ ਗੱਲ ਕਰਨ ਵੇਲੇ ਵਾਇਰਸ ਵਾਲੀਆਂ ਸਾਹ ਦੀਆਂ ਬੂੰਦਾਂ ਛੱਡ ਸਕਦਾ ਹੈ। ਇਹ ਲਾਗ ਉਦੋਂ ਵੀ ਫੈਲ ਸਕਦੀ ਹੈ ਜਦੋਂ ਕੋਈ ਵਿਅਕਤੀ ਦੂਸ਼ਿਤ ਸਤਹਾਂ ਨੂੰ ਛੂੰਹਦਾ ਹੈ ਅਤੇ ਬਾਅਦ ਵਿੱਚ ਆਪਣੇ ਮੂੰਹ, ਨੱਕ ਜਾਂ ਅੱਖਾਂ ਨੂੰ ਛੂੰਹਦਾ ਹੈ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।**




## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਨਸ਼ਿਆਂ ਦੀ ਗੁਲਾਮੀ ਤੋਂ ਪੰਜਾਬ ਨੂੰ ਮੁਕਤ ਕਰਾਉਣ ਲਈ

# 'ਆਪ' ਸਰਕਾਰ ਨੂੰ ਸੱਤਾ ਤੋਂ ਬਾਹਰ ਕਰਨਾ ਜ਼ਰੂਰੀ : ਲਾਲ ਸਿੰਘ ਆਰੀਆ



**ਬਟਾਲਾ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਮੀਤ ਪ੍ਰਧਾਨ ਅਤੇ ਸਾਬਕਾ ਮੰਤਰੀ ਸ੍ਰੀ ਲਾਲ ਸਿੰਘ ਆਰੀਆ ਨੇ ਕਿਹਾ ਕਿ ਜੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ, ਪਰਿਵਾਰਾਂ ਨੂੰ ਖੁਸ਼ਹਾਲ ਬਣਾਉਣਾ ਅਤੇ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੈ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਤੋਂ ਬਾਹਰ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨਸ਼ਿਆਂ ਦੀ ਸਮੱਸਿਆ ਦੇ ਸਥਾਈ ਹੱਲ ਲਈ ਕੰਮ ਕਰੇਗੀ। ਪੰਜਾਬ ਭਾਜਪਾ ਦੇ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਚੌਥੇ ਦਿਨ ਹਲਕਾ ਬਟਾਲਾ ਵਿਖੇ ਨੌਸ਼ਹਿਰਾ ਮੱਝਾ ਸਿੰਘ, ਗਾਂਧੀ ਕੈਂਪ ਅਤੇ ਕਪੂਰੀ ਗੇਟ ਸਮੇਤ ਵੱਖ-ਵੱਖ ਥਾਵਾਂ 'ਤੇ ਹੋਈਆਂ ਰੈਲੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਆਰੀਆ ਨੇ ਕਿਹਾ ਕਿ ਯਾਤਰਾ ਨੂੰ ਮਿਲ ਰਿਹਾ ਲੋਕਾਂ ਦਾ ਭਰਵਾਂ ਹੁੰਗਾਰਾ ਦਰਸਾਉਂਦਾ ਹੈ ਕਿ ਪੰਜਾਬ ਦਾ ਸਮਾਜ ਨਸ਼ਿਆਂ ਵਿਰੁੱਧ ਜਾਗਰੂਕ ਹੋ ਰਿਹਾ ਹੈ। ਲੋਕ ਘਰਾਂ ਅਤੇ ਦੁਕਾਨਾਂ ਤੋਂ ਆਪਮੁਹਾਰੇ ਬਾਹਰ ਆ ਕੇ ਯਾਤਰਾ ਦਾ ਸਵਾਗਤ ਕਰ ਰਹੇ ਹਨ ਅਤੇ ਇਸ ਮੁਹਿੰਮ ਨਾਲ ਜੁੜ ਰਹੇ ਹਨ। ਸ੍ਰੀ ਆਰੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਵਾਅਦੇ ਕੀਤੇ ਸਨ, ਪਰ ਸਾਢੇ ਚਾਰ ਸਾਲ ਬਾਅਦ ਵੀ ਨਸ਼ਿਆਂ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਆਪਣੇ ਆਗੂਆਂ ਵੱਲੋਂ ਨਸ਼ਾ ਖ਼ਤਮ ਕਰਨ ਵਿੱਚ ਅਸਫ਼ਲਤਾ ਸਬੰਧੀ ਕੀਤੇ ਬਿਆਨ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਕਰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਸਵੇਰੇ ਨਸ਼ੇ ਦੀ ਮਾਰ ਝੱਲ ਰਹੇ ਪਰਿਵਾਰਾਂ ਨਾਲ ਮੁਲਾਕਾਤ ਦੌਰਾਨ ਮਾਵਾਂ ਅਤੇ ਭੈਣਾਂ ਨੇ ਆਪਣੇ ਘਰਾਂ ਦੀ ਤਬਾਹੀ ਦੀ ਦਰਦਨਾਕ ਕਹਾਣੀ ਸੁਣਾਈ। ਉਨ੍ਹਾਂ ਦੱਸਿਆ ਕਿ ਇੱਕ ਮਾਂ ਨੇ ਕਿਹਾ ਕਿ "ਮੇਰੇ ਤਿੰਨ ਪੁੱਤਰਾਂ ਵਿੱਚੋਂ ਦੋ ਨਸ਼ੇ ਕਾਰਨ ਮਰ ਚੁੱਕੇ ਹਨ ਅਤੇ ਤੀਜਾ ਮੌਤ ਦੀ ਕਗਾਰ 'ਤੇ ਹੈ।" ਸ੍ਰੀ ਆਰੀਆ ਨੇ ਕਿਹਾ ਕਿ ਇਹ ਕਿਸੇ ਇੱਕ ਪਰਿਵਾਰ ਦਾ ਦਰਦ ਨਹੀਂ, ਸਗੋਂ ਪੰਜਾਬ ਦੇ ਅਨੇਕਾਂ ਪਰਿਵਾਰਾਂ ਦੀ ਪੁਕਾਰ ਹੈ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰਾਂ ਨੇ ਸਪੱਸ਼ਟ ਕਿਹਾ ਹੈ ਕਿ ਉਨ੍ਹਾਂ ਨੂੰ ਮੁਫ਼ਤ ਦੀਆਂ ਸਹੂਲਤਾਂ ਨਹੀਂ, ਸਗੋਂ ਆਪਣੇ ਬੱਚਿਆਂ ਅਤੇ ਪੰਜਾਬ ਦਾ ਭਵਿੱਖ ਬਚਾਉਣ ਲਈ ਨਸ਼ਿਆਂ ਦਾ ਖ਼ਾਤਮਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ੇ ਕਾਰਨ ਪ੍ਰਭਾਵਿਤ ਪਰਿਵਾਰਾਂ ਨੂੰ ਸਰਕਾਰੀ ਸਹਾਇਤਾ ਵੀ ਨਹੀਂ ਮਿਲ ਰਹੀ।



ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਬਟਾਲਾ 'ਚ ਭਰਵਾਂ ਹੁੰਗਾਰਾ; ਘਰਾਂ-ਦੁਕਾਨਾਂ ਤੋਂ ਆਪਮੁਹਾਰੇ ਬਾਹਰ ਆਏ ਲੋਕ

**"ਮੋਦੀ ਦੀ ਗਾਰੰਟੀ—ਨਸ਼ਾ ਵੇਚਣ ਵਾਲਿਆਂ ਲਈ ਸਮਾਜ ਨਹੀਂ, ਜੇਲ੍ਹ": ਲਾਲ ਸਿੰਘ ਆਰੀਆ**

ਸ੍ਰੀ ਆਰੀਆ ਨੇ ਕਿਹਾ ਕਿ ਦੇਸ਼ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਨੇ ਕਈ ਮੁਸ਼ਕਲ ਚੁਣੌਤੀਆਂ 'ਤੇ ਫੈਸਲਾਕੁੰਨ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਧਾਰਾ 370, ਅੱਤਵਾਦ ਅਤੇ ਨਕਸਲਵਾਦ ਵਰਗੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਕਦਮ ਚੁੱਕੇ ਅਤੇ ਹੁਣ ਨਸ਼ਿਆਂ ਵਿਰੁੱਧ ਲੜਾਈ ਨੂੰ ਵੀ ਫੈਸਲਾਕੁੰਨ ਪੜਾਅ 'ਤੇ ਲਿਜਾਣ ਦਾ ਸੰਕਲਪ ਹੈ। ਉਨ੍ਹਾਂ ਕਿਹਾ ਕਿ "ਨਸ਼ਾ ਵੇਚਣ ਵਾਲਿਆਂ ਦੀ ਜਗ੍ਹਾ ਸਮਾਜ ਵਿੱਚ ਨਹੀਂ, ਜੇਲ੍ਹ ਵਿੱਚ ਹੋਣੀ ਚਾਹੀਦੀ ਹੈ।" ਭਾਜਪਾ ਦੀ ਸਰਕਾਰ ਆਉਣ 'ਤੇ ਪੰਜਾਬ ਵਿੱਚ ਨਸ਼ਿਆਂ ਅਤੇ ਅਪਰਾਧ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ, ਕਾਨੂੰਨ ਦਾ ਰਾਜ ਅਤੇ ਸ਼ਾਂਤੀ ਯਕੀਨੀ ਬਣਾਉਣ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸੁਰੱਖਿਅਤ ਮਾਹੌਲ ਪੰਜਾਬ ਵਿੱਚ ਨਿਵੇਸ਼ ਅਤੇ ਵਿਕਾਸ ਲਈ ਵੀ ਮਹੱਤਵਪੂਰਨ ਹੈ।ਪੱਤਰਕਾਰਾਂ ਵੱਲੋਂ 'ਆਪ' ਵੱਲੋਂ ਕਾਲੀਆਂ ਝੰਡੀਆਂ ਦਿਖਾਉਣ ਸਬੰਧੀ ਪੁੱਛੇ ਸਵਾਲ 'ਤੇ ਸ੍ਰੀ ਆਰੀਆ ਨੇ ਦੋਸ਼ ਲਾਇਆ ਕਿ ਸੱਤਾਧਾਰੀ ਧਿਰ ਵੱਲੋਂ ਯਾਤਰਾ ਦਾ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਅਜਿਹੇ ਵਿਰੋਧ ਦੀ ਪਰਵਾਹ ਨਹੀਂ ਅਤੇ ਪਾਰਟੀ ਦਾ ਧਿਆਨ ਪੰਜਾਬ ਨੂੰ ਨਸ਼ਾ ਮੁਕਤ ਕਰਨ 'ਤੇ ਕੇਂਦਰਿਤ ਹੈ।ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਲੋਕ ਅੰਦੋਲਨ ਬਣਾਉਣ। ਉਨ੍ਹਾਂ ਕਿਹਾ, "ਨਸ਼ਿਆਂ ਵਿਰੁੱਧ ਇਹ ਲੜਾਈ ਸਿਰਫ਼ ਭਾਜਪਾ ਦੀ ਨਹੀਂ, ਪੰਜਾਬ ਦੇ ਹਰ ਪਰਿਵਾਰ ਦੀ ਲੜਾਈ ਹੈ।"

**NCB ਅਤੇ ਪੰਜਾਬ ਪੁਲਿਸ ਦੇ ਤਾਲਮੇਲ ਨਾਲ ਨਸ਼ਾ ਤਸਕਰੀ ਦੀ ਸਪਲਾਈ ਚੇਨ ਤੋੜਨ ਦੀ ਲੋੜ: ਫਤਿਹ ਜੰਗ ਬਾਜਵਾ**

ਭਾਜਪਾ ਆਗੂ ਫਤਿਹ ਜੰਗ ਸਿੰਘ ਬਾਜਵਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਧਾਰਾ 370 ਅਤੇ ਨਕਸਲਵਾਦ ਵਰਗੀਆਂ ਚੁਣੌਤੀਆਂ 'ਤੇ ਫੈਸਲਾਕੁੰਨ ਕਾਰਵਾਈ ਕੀਤੀ ਹੈ ਅਤੇ ਹੁਣ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਪੰਜਾਬ ਪੁਲਿਸ ਦੀਆਂ ਸਬੰਧਤ ਐਂਟੀ-ਡਰੱਗ ਏਜੰਸੀਆਂ ਵਿਚਕਾਰ ਪ੍ਰਭਾਵਸ਼ਾਲੀ ਤਾਲਮੇਲ ਜ਼ਰੂਰੀ ਹੈ, ਤਾਂ ਜੋ ਨਸ਼ਾ ਤਸਕਰੀ ਦੀ ਸਪਲਾਈ ਚੇਨ, ਵਿੱਤੀ ਨੈੱਟਵਰਕ ਅਤੇ ਵੱਡੇ ਤਸਕਰਾਂ ਤੱਕ ਪਹੁੰਚ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਛੋਟੇ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਪੂਰੇ ਨੈੱਟਵਰਕ ਨੂੰ ਤੋੜਨ ਅਤੇ ਜਵਾਬਦੇਹੀ ਤੈਅ ਕਰਨ ਤੱਕ ਜਾਣੀ ਚਾਹੀਦੀ ਹੈ।

**"83 ਪਿੰਡਾਂ ਅਤੇ 50 ਵਾਰਡਾਂ ਨੂੰ ਨਸ਼ਾ ਮੁਕਤ ਕਰਨਾ ਸਾਡਾ ਵਚਨ": ਅਸ਼ਵਨੀ ਸ਼ੇਖੜੀ**

ਭਾਜਪਾ ਆਗੂ ਅਸ਼ਵਨੀ ਸ਼ੇਖੜੀ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਦੋ ਸਾਲਾਂ ਦਾ ਸੰਕਲਪ ਲਿਆ ਗਿਆ ਹੈ ਅਤੇ ਭਾਜਪਾ ਇਸ ਟੀਚੇ ਨੂੰ ਪੂਰਾ ਕਰਨ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਹੈ। ਉਨ੍ਹਾਂ ਕਿਹਾ ਕਿ ਬਟਾਲਾ ਹਲਕੇ ਦੇ 83 ਪਿੰਡਾਂ ਅਤੇ 50 ਵਾਰਡਾਂ ਵਿੱਚੋਂ ਨਸ਼ੇ ਦਾ ਖ਼ਾਤਮਾ ਕਰਨਾ ਭਾਜਪਾ ਦਾ ਵਚਨ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਸਿਰਫ਼ ਛੋਟੇ ਪੱਧਰ ਦੇ ਤਸਕਰਾਂ ਤੱਕ ਸੀਮਤ ਕਰਨ ਦੀ ਬਜਾਏ ਪੂਰੇ ਨੈੱਟਵਰਕ ਨੂੰ ਤੋੜਨਾ ਹੋਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਸਿਰਫ਼ ਸਿਆਸੀ ਨਾਅਰਾ ਨਹੀਂ, ਸਗੋਂ ਪੰਜਾਬ ਦੀ ਜਵਾਨੀ, ਪਰਿਵਾਰਾਂ ਅਤੇ ਭਵਿੱਖ ਨੂੰ ਬਚਾਉਣ ਦਾ ਸਾਂਝਾ ਸੰਕਲਪ ਹੈ।

**ਸਪਲਾਈ ਚੇਨ ਤੋੜਨਾ ਅਤੇ ਕਿੰਗਪਿਨਾਂ 'ਤੇ ਕਾਰਵਾਈ ਜ਼ਰੂਰੀ: ਰਜਨੀਸ਼ ਧੀਮਾਨ**

ਪੰਜਾਬ ਭਾਜਪਾ ਦੇ ਜਨਰਲ ਸਕੱਤਰ ਅਤੇ ਯਾਤਰਾ ਦੇ ਇੰਚਾਰਜ ਰਜਨੀਸ਼ ਧੀਮਾਨ ਨੇ ਕਿਹਾ ਕਿ 'ਨਸ਼ਾ ਮੁਕਤ ਪੰਜਾਬ ਯਾਤਰਾ' ਪੰਜਾਬ ਦੀ ਜਵਾਨੀ, ਸਮਾਜ ਅਤੇ ਭਵਿੱਖ ਨੂੰ ਬਚਾਉਣ ਲਈ ਚਲਾਈ ਗਈ ਜਨਜਾਗਰੂਕਤਾ ਮੁਹਿੰਮ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਥਾਨਕ 'ਆਪ' ਆਗੂਆਂ ਵੱਲੋਂ ਲੋਕਾਂ ਨੂੰ ਯਾਤਰਾ ਵਿੱਚ ਸ਼ਾਮਲ ਨਾ ਹੋਣ ਲਈ ਕਥਿਤ ਤੌਰ 'ਤੇ ਧਮਕਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਪਲਾਈ ਚੇਨ ਤੋੜਨੀ, ਵੱਡੇ ਤਸਕਰਾਂ ਵਿਰੁੱਧ ਕਾਰਵਾਈ ਕਰਨੀ, ਨਸ਼ਿਆਂ ਦੇ ਪੈਸੇ ਨਾਲ ਬਣੀਆਂ ਜਾਇਦਾਦਾਂ ਦੀ ਜਾਂਚ ਅਤੇ ਕਾਨੂੰਨੀ ਕਾਰਵਾਈ ਕਰਨੀ ਅਤੇ ਨਸ਼ਾ ਛੱਡਣ ਵਾਲਿਆਂ ਲਈ ਇਲਾਜ, ਹੁਨਰ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨੇ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਮਕਸਦ ਸਿਰਫ਼ ਗ੍ਰਿਫ਼ਤਾਰੀਆਂ ਨਹੀਂ, ਸਗੋਂ ਨਸ਼ਿਆਂ ਦੀ ਸਮੱਸਿਆ ਦਾ ਹਕੀਕੀ ਅਤੇ ਲੰਬੇ ਸਮੇਂ ਦਾ ਹੱਲ ਹੈ।

**"ਪੰਜਾਬ ਦੀ ਜਵਾਨੀ ਨੂੰ ਬਚਾਉਣਾ ਹੀ ਯਾਤਰਾ ਦਾ ਮਕਸਦ": ਰਵੀਕਰਨ ਸਿੰਘ ਕਾਹਲੋਂ**

ਯਾਤਰਾ ਦੇ ਕੋਆਰਡੀਨੇਟਰ ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਕਿਸਾਨੀ, ਖੇਡਾਂ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਜਾਣੀ ਜਾਂਦੀ ਰਹੀ ਹੈ, ਪਰ ਨਸ਼ਿਆਂ ਦੀ ਸਮੱਸਿਆ ਨੇ ਇਸ ਨੌਜਵਾਨੀ ਅਤੇ ਪਰਿਵਾਰਾਂ ਨੂੰ ਗੰਭੀਰ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖ਼ਤਮ ਕਰਨ ਦਾ ਸੰਕਲਪ ਲਿਆ ਹੈ ਅਤੇ ਇਸ ਲਈ ਲੋਕਾਂ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਅਤੇ ਇਸ ਮੁਹਿੰਮ ਦਾ ਹਿੱਸਾ ਬਣਨ।

**ਨਸ਼ੇ ਦੀ ਜੜ੍ਹ ਤੱਕ ਪਹੁੰਚਣਾ ਹੋਵੇਗਾ: ਹੀਰਾ ਵਾਲੀਆ**

ਭਾਜਪਾ ਦੇ ਜ਼ਿਲ੍ਹਾ ਬਟਾਲਾ ਪ੍ਰਧਾਨ ਹੀਰਾ ਵਾਲੀਆ ਨੇ ਕਿਹਾ ਕਿ ਨਸ਼ਿਆਂ ਦਾ ਖ਼ਾਤਮਾ ਕਰਨ ਲਈ ਇਸ ਦੀ ਜੜ੍ਹ ਤੱਕ ਪਹੁੰਚਣਾ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਲੜਾਈ ਮੁਸ਼ਕਲ ਜ਼ਰੂਰ ਹੈ, ਪਰ ਅਸੰਭਵ ਨਹੀਂ। ਉਨ੍ਹਾਂ ਕਿਹਾ ਕਿ ਜਿਸ ਪੰਜਾਬ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮਨਿਰਭਰ ਬਣਾਉਣ ਅਤੇ ਸਰਹੱਦਾਂ ਦੀ ਰਾਖੀ ਵਿੱਚ ਵੱਡਾ ਯੋਗਦਾਨ ਪਾਇਆ, ਉਸ ਪੰਜਾਬ ਦੀ ਨੌਜਵਾਨੀ ਦਾ ਨਸ਼ਿਆਂ ਦੀ ਲਪੇਟ ਵਿੱਚ ਆਉਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ।

**ਨਸ਼ਾ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਦੌਰਾਨ ਭਾਵੁਕ ਹੋਇਆ ਮਾਹੌਲ**-ਇਸ ਤੋਂ ਪਹਿਲਾਂ ਸ੍ਰੀ ਲਾਲ ਸਿੰਘ ਆਰੀਆ ਨੇ ਨਸ਼ਿਆਂ ਦੀ ਮਾਰ ਝੱਲ ਰਹੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਪਰਿਵਾਰਾਂ ਨੇ ਆਪਣੇ ਦੁੱਖ ਅਤੇ ਸੰਘਰਸ਼ ਸਾਂਝੇ ਕੀਤੇ। ਮਾਵਾਂ ਅਤੇ ਭੈਣਾਂ ਨੇ ਨਸ਼ਿਆਂ ਕਾਰਨ ਘਰਾਂ 'ਤੇ ਪੈ ਰਹੇ ਪ੍ਰਭਾਵ ਬਾਰੇ ਦੱਸਦਿਆਂ ਸਰਕਾਰ ਅਤੇ ਸਮਾਜ ਤੋਂ ਨਸ਼ਿਆਂ ਵਿਰੁੱਧ ਠੋਸ ਕਾਰਵਾਈ ਦੀ ਮੰਗ ਕੀਤੀ। ਇੱਕ ਪੀੜਤ ਮਾਂ ਵੱਲੋਂ ਆਪਣੇ ਤਿੰਨ ਪੁੱਤਰਾਂ ਵਿੱਚੋਂ ਦੋ ਨੂੰ ਨਸ਼ਿਆਂ ਕਾਰਨ ਗੁਆਉਣ ਅਤੇ ਤੀਜੇ ਪੁੱਤਰ ਦੀ ਗੰਭੀਰ ਹਾਲਤ ਬਾਰੇ ਦੱਸੀ ਗਈ ਦਰਦਨਾਕ ਗੱਲ ਨੇ ਮਾਹੌਲ ਨੂੰ ਭਾਵੁਕ ਕਰ ਦਿੱਤਾ। ਪਰਿਵਾਰਾਂ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਲੋੜ ਮੁਫ਼ਤ ਸਹੂਲਤਾਂ ਨਹੀਂ, ਸਗੋਂ ਆਪਣੇ ਬੱਚਿਆਂ ਅਤੇ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣਾ ਹੈ।ਸ੍ਰੀ ਆਰੀਆ ਨੇ ਪੀੜਤ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਭਾਜਪਾ ਉਨ੍ਹਾਂ ਦੇ ਦਰਦ ਨੂੰ ਸਮਝਦੀ ਹੈ ਅਤੇ ਨਸ਼ਿਆਂ ਦੀ ਸਮੱਸਿਆ ਦੇ ਹੱਲ ਲਈ ਹਰ ਸੰਭਵ ਯਤਨ ਕਰਨ ਦੇ ਸੰਕਲਪ ਨਾਲ ਉਨ੍ਹਾਂ ਦੇ ਨਾਲ ਖੜ੍ਹੀ ਹੈ। ਇਸ ਮੌਕੇ ਪੰਜਾਬ ਭਾਜਪਾ ਦੇ ਸਕੱਤਰ ਸੂਰਜ ਭਾਰਦਵਾਜ, ਅੰਬਿਕਾ ਖੰਨਾ, ਕੁਲਦੀਪ ਸਿੰਘ ਕਾਹਲੋਂ, ਸੁਨੀਲ ਚਾਚੋਵਾਲੀਆ, ਰਜਿੰਦਰ ਸਿੰਘ ਬਿੱਟਾ, ਰੰਜਨ ਮਲਹੋਤਰਾ, ਹਰਪ੍ਰੀਤ ਸਿੰਘ ਬੇਦੀ, ਬਿਕਰਮਜੀਤ ਸਿੰਘ ਸੋਨੂ, ਮਨੰਦਾ, ਹਰਜੀਤ ਸਿੰਘ, ਬਾਬਾ ਅਵਤਾਰ ਸਿੰਘ, ਪਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਅਤੇ ਇਕਬਾਲ ਮਸੀਹ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਵਰਕਰ ਮੌਜੂਦ ਸਨ।

# "ਨਾਨਕੁ ਦੁਨੀਆ ਕੈਸੀ ਹੋਈ"—ਮਾਇਆ, ਅਹੁਦੇ ਤੇ ਦਿਖਾਵੇ ਦੀ ਦੌੜ 'ਚ ਮਨੁੱਖ ਭੁੱਲਿਆ ਆਪਣਾ ਅਸਲ ਮੂਲ: ਭਾਈ ਜਰਨੈਲ ਸਿੰਘ ਕੋਹਾੜਕਾ



**ਨਵੀਂ ਦਿੱਲੀ 21 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਰਨੈਲ ਸਿੰਘ ਕੋਹਾੜਕਾ ਨੇ ਗੁਰੂ ਨਾਨਕ ਦੇਵ ਜੀ ਦੇ ਪਾਵਨ ਬਚਨ "ਨਾਨਕੁ ਦੁਨੀਆ ਕੈਸੀ ਹੋਈ" ਦੇ ਹਵਾਲੇ ਨਾਲ ਕਿਹਾ ਕਿ ਮਨੁੱਖ ਨੇ ਦੁਨਿਆਵੀ ਤਰੱਕੀ ਤਾਂ ਬਹੁਤ ਕਰ ਲਈ ਹੈ, ਪਰ ਉਸ ਦੇ ਜੀਵਨ ਵਿੱਚੋਂ ਸਬਰ, ਸੰਤੋਖ, ਦਇਆ ਅਤੇ ਇਨਸਾਨੀਅਤ ਘਟਦੀ ਜਾ ਰਹੀ ਹੈ। ਮਾਇਆ, ਅਹੁਦੇ ਅਤੇ ਦਿਖਾਵੇ ਦੀ ਦੌੜ ਵਿੱਚ ਮਨੁੱਖ ਆਪਣੇ ਅਸਲ ਮੂਲ ਅਤੇ ਪਰਮਾਤਮਾ ਨਾਲੋਂ ਦੂਰ ਹੁੰਦਾ ਜਾ ਰਿਹਾ ਹੈ। ਬਾਹਰੋਂ ਚਮਕਦਾ ਸਮਾਜ ਜੇ ਅੰਦਰੋਂ ਹਉਮੈ, ਲੋਭ, ਈਰਖਾ ਅਤੇ ਸਵਾਰਥ ਨਾਲ ਭਰਿਆ ਹੋਵੇ ਤਾਂ ਅਜਿਹੀ ਤਰੱਕੀ ਮਨੁੱਖ ਨੂੰ ਅਸਲ ਸੁਖ ਨਹੀਂ ਦੇ ਸਕਦੀ। ਭਾਈ ਕੋਹਾੜਕਾ ਨੇ ਕਿਹਾ ਕਿ ਅੱਜ ਮਨੁੱਖ ਦੀ ਵੱਡੀ ਤ੍ਰਾਸਦੀ ਇਹ ਹੈ ਕਿ ਕਈ ਥਾਵਾਂ 'ਤੇ ਰਿਸ਼ਤਿਆਂ ਦੀ ਪਵਿੱਤਰਤਾ ਵੀ ਸਵਾਰਥ ਦੇ ਭਾਰ ਹੇਠ ਦੱਬ ਰਹੀ ਹੈ। ਧਨ, ਅਹੁਦਾ ਅਤੇ ਸਮਾਜਿਕ ਦਿਖਾਵਾ ਮਨੁੱਖ ਦੀ ਕਦਰ ਦੇ ਮਾਪਦੰਡ ਬਣਦੇ ਜਾ ਰਹੇ ਹਨ। ਸੋਸ਼ਲ ਮੀਡੀਆ ਨੇ ਸੰਪਰਕ ਦੇ ਸਾਧਨ ਤਾਂ ਵਧਾਏ ਹਨ, ਪਰ ਦਿਖਾਵੇ ਦੀ ਦੌੜ ਨੇ ਮਨ ਦੀ ਬੇਚੈਨੀ ਵੀ ਵਧਾਈ ਹੈ। ਧਾਰਮਿਕਤਾ ਨੂੰ ਸਿਰਫ਼ ਤਸਵੀਰਾਂ, ਪਹਿਰਾਵੇ ਜਾਂ ਬਾਹਰੀ ਦਿਖਾਵੇ ਤੱਕ ਸੀਮਤ ਕਰਨ ਦੀ ਥਾਂ ਗੁਰਬਾਣੀ ਨੂੰ ਆਪਣੇ ਆਚਰਨ ਦਾ ਹਿੱਸਾ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ, ਅਸ਼ਲੀਲਤਾ, ਦਿਖਾਵੇ ਅਤੇ ਤੁਰੰਤ ਪ੍ਰਸਿੱਧੀ ਦੀ ਦੌੜ ਤੋਂ ਬਚਾਉਣ ਲਈ ਪਰਿਵਾਰ ਅਤੇ ਸਮਾਜ ਨੂੰ ਉਨ੍ਹਾਂ ਨਾਲ ਸਹੀ ਸੰਵਾਦ ਕਾਇਮ ਕਰਨਾ ਪਵੇਗਾ। ਬੱਚਿਆਂ ਨੂੰ ਸਿਰਫ਼ ਅਮੀਰ ਬਣਨ ਅਤੇ ਅੱਗੇ ਨਿਕਲਣ ਦੀ ਸਿੱਖਿਆ ਦੇਣ ਦੀ ਥਾਂ ਇਮਾਨਦਾਰ, ਨਿਮਰ ਅਤੇ ਦੂਜਿਆਂ ਦੇ ਦੁੱਖ ਨੂੰ ਸਮਝਣ ਵਾਲਾ ਮਨੁੱਖ ਬਣਨ ਦੀ ਸਿੱਖਿਆ ਦੇਣੀ ਚਾਹੀਦੀ ਹੈ। ਭਾਈ ਕੋਹਾੜਕਾ ਨੇ ਕਿਹਾ ਕਿ ਸਮਾਜ ਦੀ ਅਸਲ ਤਬਦੀਲੀ ਦੂਜਿਆਂ ਨੂੰ ਬਦਲਣ ਨਾਲ ਨਹੀਂ, ਸਗੋਂ ਆਪਣੇ ਅੰਦਰ ਝਾਤੀ ਮਾਰਨ ਨਾਲ ਸ਼ੁਰੂ ਹੁੰਦੀ ਹੈ। ਜੇ ਮਨੁੱਖ ਦੂਜਿਆਂ ਦੀਆਂ ਗ਼ਲਤੀਆਂ ਗਿਣਦਾ ਰਹੇ ਪਰ ਆਪਣੇ ਅੰਦਰਲੀ ਹਉਮੈ, ਕ੍ਰੋਧ, ਲੋਭ ਅਤੇ ਈਰਖਾ ਨੂੰ ਨਾ ਪਛਾਣੇ ਤਾਂ ਗੁਰਬਾਣੀ ਸੁਣਨ ਦਾ ਮਕਸਦ ਅਧੂਰਾ ਰਹਿ ਜਾਂਦਾ ਹੈ। ਇਸ ਲਈ ਹਰ ਮਨੁੱਖ ਨੂੰ ਆਪਣੇ ਕਰਮਾਂ ਦੀ ਜ਼ਿੰਮੇਵਾਰੀ ਸਮਝਦਿਆਂ ਜੀਵਨ ਨੂੰ ਗੁਰੂ ਦੇ ਸ਼ਬਦ ਅਨੁਸਾਰ ਢਾਲਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਗੁਰਬਾਣੀ ਦੀ ਪੰਕਤੀ "ਜੋ ਦੀਸੈ ਸੋ ਚਾਲਸੀ, ਕਿਸ ਕਉ ਮੀਤੁ ਕਰੇਉ" ਦਾ ਹਵਾਲਾ ਦਿੰਦਿਆਂ ਕਿਹਾ ਕਿ ਜੋ ਕੁਝ ਅੱਖਾਂ ਨੂੰ ਦਿਖਾਈ ਦੇ ਰਿਹਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਨਹੀਂ। ਧਨ, ਅਹੁਦਾ, ਸ਼ੋਹਰਤ ਅਤੇ ਦੁਨਿਆਵੀ ਦਿਖਾਵਾ ਸਭ ਇੱਥੇ ਹੀ ਰਹਿ ਜਾਣਾ ਹੈ। ਮਨੁੱਖ ਦੇ ਨਾਲ ਉਸ ਦੇ ਕਰਮ ਅਤੇ ਆਤਮਿਕ ਕਮਾਈ ਹੀ ਜੁੜਦੀ ਹੈ। ਇਸ ਲਈ ਨਾਸ਼ਵਾਨ ਦੁਨੀਆ ਦੇ ਆਸਰਿਆਂ ਦੀ ਥਾਂ ਗੁਰੂ ਦੇ ਸ਼ਬਦ ਨੂੰ ਜੀਵਨ ਦਾ ਆਸਰਾ ਬਣਾਉਣਾ ਚਾਹੀਦਾ ਹੈ। ਅੰਤ ਵਿਚ ਉਨ੍ਹਾਂ ਕਿਹਾ ਕਿ "ਨਾਨਕੁ ਦੁਨੀਆ ਕੈਸੀ ਹੋਈ" ਅੱਜ ਵੀ ਮਨੁੱਖ ਦੇ ਸਾਹਮਣੇ ਖੜ੍ਹਾ ਇੱਕ ਡੂੰਘਾ ਸਵਾਲ ਹੈ। ਇਸ ਦਾ ਜਵਾਬ ਦੁਨੀਆ ਨੂੰ ਕੋਸਣ ਵਿੱਚ ਨਹੀਂ, ਆਪਣੇ ਆਪ ਨੂੰ ਬਦਲਣ ਵਿੱਚ ਹੈ। ਜੇ ਹਰ ਮਨੁੱਖ ਆਪਣੇ ਅੰਦਰ ਝਾਤੀ ਮਾਰ ਕੇ ਇੱਕ ਵਿਕਾਰ ਛੱਡਣ ਅਤੇ ਇੱਕ ਗੁਰਮੁਖੀ ਗੁਣ ਜੀਵਨ ਵਿੱਚ ਵਸਾਉਣ ਦਾ ਯਤਨ ਕਰੇ ਤਾਂ ਸਮਾਜ ਦੀ ਤਸਵੀਰ ਵੀ ਬਦਲਣੀ ਸ਼ੁਰੂ ਹੋ ਸਕਦੀ ਹੈ। ਦੁਨੀਆ ਬਦਲਣ ਤੋਂ ਪਹਿਲਾਂ ਮਨੁੱਖ ਨੂੰ ਆਪਣੇ ਮਨ ਨੂੰ ਪੁੱਛਣਾ ਪਵੇਗਾ—ਕੀ ਮੇਰੇ ਜੀਵਨ ਵਿੱਚ ਗੁਰੂ ਦਾ ਸ਼ਬਦ ਸੱਚਮੁੱਚ ਵੱਸਿਆ ਹੈ?

ਆਵਾਜ਼ਿ ਕੌਮ AWAZE QAUM International Newspaper & WEB TV

# ਐੱਸ.ਆਈ.ਆਰ: ਨੋਟਿਸ ਅਤੇ ਹੀਅਰਿੰਗ ਫੇਜ਼ ਦਾ ਕੰਮ ਨਿਰਧਾਰਤ ਸਮੇਂ ਸੀਮਾ ਅੰਦਰ ਮੁਕੰਮਲ ਕਰਨ ਦੀ ਹਦਾਇਤ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ 2026 ਦੀ ਪ੍ਰਕਿਰਿਆ ਤਹਿਤ ਚੱਲ ਰਹੀਆਂ ਵੱਖ-ਵੱਖ ਮਿੱਤੀਬੱਧ ਗਤੀਵਿਧੀਆਂ ਦੀ ਸਮੀਖਿਆ ਕਰਨ ਲਈ ਜ਼ਿਲ੍ਹਾ ਸੰਗਰੂਰ ਅਧੀਨ ਆਉਂਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟਸ ਨਾਲ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਸੰਗਰੂਰ ਸ਼੍ਰੀਮਤੀ ਪੂਨਮਦੀਪ ਕੌਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਵਿਖੇ ਰੀਵਿਊ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਮੂਹ ਈ.ਆਰ.ਓਜ਼ ਨੂੰ ਐੱਸ.ਆਈ.ਆਰ 2026 ਗਤੀਵਿਧੀਆਂ ਤਹਿਤ ਚੱਲ ਰਹੇ ਦੂਜੇ ਪੜਾਅ ਤਹਿਤ ਨੋਟਿਸ ਅਤੇ ਹੀਅਰਿੰਗ ਫੇਜ਼ ਦਾ ਕੰਮ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਿਰਧਾਰਤ ਸਮੇਂ ਸੀਮਾ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ। ਚੋਣ ਹਲਕੇ ਵਾਰ ਆਸ.ਆਈ.ਆਰ. ਦੇ ਇਸ ਫੇਜ਼ ਅਧੀਨ ਪੈਂਡੈਂਸੀ ਕਲੀਅਰ ਕੀਤੇ ਜਾਣ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਸੰਗਰੂਰ ਸ਼੍ਰੀ ਅੰਕੁਰ ਮਹਿੰਦਰੂ, ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਲਹਿਰਾ, ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਸੁਨਾਮ, ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਧੂਰੀ ਚੋਣਕਾਰ ਰਜਿਸਟਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ, ਸੰਗਰੂਰ ਤੋਂ ਇਲਾਵਾ ਚੋਣ ਤਹਿਸੀਲਦਾਰ ਸ਼੍ਰੀਮਤੀ ਪਰਮਜੀਤ ਕੌਰ ਸਮੇਤ ਚੋਣ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਝੋਨੇ ਦੀ ਕਟਾਈ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕੀਤੀ ਜਾਵੇ: ਡਿਪਟੀ ਕਮਿਸ਼ਨਰ



**ਜੰਡਿਆਲਾ ਗੁਰੂ , 21 ਸਤੰਬਰ ( ਕੁਲਵੰਤ ਸਿੰਘ ਵਿਰਦੀ ) :** ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਸਾਲ ਝੋਨੇ ਦੀ ਕਟਾਈ ਫ਼ਸਲ ਦੇ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕੀਤੀ ਜਾਵੇ ਅਤੇ ਖਰੀਫ਼ ਸੀਜ਼ਨ ਦੌਰਾਨ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲਿਆਂਦਾ ਜਾਵੇ ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਝੋਨੇ ਦੀ ਖਰੀਦ ਲਈ ਨਮੀ ਦੀ ਹੱਦ 17 ਫ਼ੀਸਦੀ ਨਿਰਧਾਰਿਤ ਕੀਤੀ ਗਈ ਹੈ। ਜੇਕਰ ਕਿਸੇ ਕਿਸਾਨ ਦੇ ਝੋਨੇ ਵਿੱਚ 17 ਫ਼ੀਸਦੀ ਤੋਂ ਵੱਧ ਨਮੀ ਪਾਈ ਜਾਂਦੀ ਹੈ ਤਾਂ ਉਸ ਨੂੰ ਮੰਡੀ ਵਿੱਚ ਆਪਣੀ ਫ਼ਸਲ ਵੇਚਣ ਸਮੇਂ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਇਸ ਸਾਲ ਝੋਨੇ ਦੀ ਫ਼ਸਲ ਦਾ ਮੁੱਲ 2461 ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕੀਤਾ ਗਿਆ ਹੈ। ਇਸ ਲਈ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਆਪਣੀ ਫ਼ਸਲ ਦਾ ਪੂਰਾ ਮੁੱਲ ਮਿਲ ਸਕੇ ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਅਤੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਲਈ ਜਾਗਰੂਕ ਕੀਤਾ ਜਾਵੇ ।ਇਸ ਦੇ ਨਾਲ ਹੀ ਉਨ੍ਹਾਂ ਨੇ ਕੰਬਾਈਨ ਆਪਰੇਟਰਾਂ ਨੂੰ ਹਦਾਇਤ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਝੋਨੇ ਦੀ ਕਟਾਈ ਕੀਤੀ ਜਾਵੇ।

### ਓ. ਐਸ. ਡੀ. ਸੁਖਵੀਰ ਸਿੰਘ ਵੱਲੋਂ

# ਪਿੰਡ ਬਾਲੀਆਂ ਵਿਖੇ ਅੱਖਾਂ ਦੇ ਜਾਂਚ ਕੈਂਪ ਦਾ ਉਦਘਾਟਨ




**ਸ਼ੇਰਪੁਰ/ਧੂਰੀ ( ਰਣਜੀਤ ਸਿੰਘ ਪੇਧਨੀ)** -ਪੰਜਾਬ ਸਰਕਾਰ ਦੀ ਲੋਕ-ਪੱਖੀ ਪਹਿਲਕਦਮੀ 'ਰੰਗਲਾ ਪੰਜਾਬ, ਸਿਹਤਮੰਦ ਪੰਜਾਬ' ਤਹਿਤ ਅੱਜ ਪਿੰਡ ਬਾਲੀਆਂ ਵਿਖੇ ਲਗਾਏ ਗਏ ਵਿਸ਼ਾਲ ਅੱਖਾਂ ਦੇ ਜਾਂਚ ਕੈਂਪ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਉਦਘਾਟਨ ਕੀਤਾ ਗਿਆ। 'ਸਿਹਤਮੰਦ ਅੱਖਾਂ, ਸੁਖਾਲਾ ਪੰਜਾਬ' ਦੇ ਸੰਦੇਸ਼ ਨਾਲ ਲਗਾਏ ਗਏ ਇਸ ਕੈਂਪ ਦਾ ਉਦੇਸ਼ ਲੋਕਾਂ ਨੂੰ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਸਮੇਂ ਸਮੇਂ 'ਤੇ ਜਾਂਚ ਨੂੰ ਯਕੀਨੀ ਬਣਾਉਣਾ ਹੈ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਅੱਖਾਂ ਦੀ ਸਿਹਤ ਮਨੁੱਖੀ ਜੀਵਨ ਦਾ ਅਹਿਮ ਹਿੱਸਾ ਹੈ ਅਤੇ ਸਮੇਂ ਸਿਰ ਜਾਂਚ ਕਰਵਾਉਣ ਨਾਲ ਅੱਖਾਂ ਦੀਆਂ ਕਈ ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਢੁੱਕਵਾਂ ਇਲਾਜ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ ਸੇਵਾਵਾਂ ਦਾ ਲਾਭ ਉਨ੍ਹਾਂ ਦੇ ਨੇੜੇ ਮੁਹੱਈਆ ਕਰਵਾਉਣ ਲਈ ਅਜਿਹੇ ਸਿਹਤ ਕੈਂਪ ਅਹਿਮ ਭੂਮਿਕਾ ਨਿਭਾਉਂਦੇ ਹਨ। ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਅੱਖਾਂ ਨਾਲ ਸਬੰਧਤ ਜ਼ਰੂਰੀ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਸੁਖਵੰਤ ਸਿੰਘ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਸਿਹਤ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀਆਂ ਅੱਖਾਂ ਦੀ ਨਿਯਮਤ ਜਾਂਚ ਕਰਵਾਉਣ ਨੂੰ ਤਰਜੀਹ ਦੇਣ।ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਡਾਕਟਰ ਜਸਦੀਪ ਸਿੰਘ ਐਸਐਮਓ ਸ਼ੇਰਪੁਰ, ਸੂਬੇਦਾਰ ਸੁਖਵੰਤ ਸਿੰਘ, ਗੁਰਤੇਜ ਸਿੰਘ ਪੰਚ, ਚਮਕੌਰ ਸਿੰਘ ਪੰਚ, ਬਲਜੀਤ ਕੌਰ ਪੰਚ, ਗੁਰਜੰਟ ਸਿੰਘ ਪੰਚ, ਸਰਬਜੀਤ ਕੌਰ ਪੰਚ, ਕਰਨੈਲ ਕੌਰ ਪੰਚ, ਗੁਰਜੰਟ ਸਿੰਘ ਸਾਬਕਾ ਪੰਚ, ਅਜੈਬ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਮੇਲ ਸਿੰਘ ਖਜਾਨਚੀ, ਹੈਡ ਗ੍ਰੰਥੀ ਹਰਿਮੰਦਰ ਸਿੰਘ ਹਾਜਰ ਸਨ।

**ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵਚਨਬੱਧ: ਸੁਖਵੀਰ ਸਿੰਘ**

### ਭਾਈ ਨਿੱਝਰ ਕਤਲ ਤੋਂ ਬਾਅਦ ਗਲੋਬਲ ਸਿੱਖ ਕਾਰਕੁਨਾਂ ਨੂੰ ਮਿਲ ਰਹੀਆਂ

# ਵਾਰਨਿੰਗਾਂ ਦਾ ਸਿਲਸਿਲਾ ਜਾਰੀ, ਸੁਰੱਖਿਆ ਪ੍ਰਬੰਧਾਂ 'ਤੇ ਉਠੇ ਗੰਭੀਰ ਸਵਾਲ



**ਨਰਿੰਦਰ ਸਿੰਘ ਰੰਧਾਵਾ ਤੇ ਮਨਜਿੰਦਰ ਸਿੰਘ ਨੂੰ ਮੁੜ ਜਾਨ ਦੇ ਖ਼ਤਰੇ ਸਬੰਧੀ ਪੁਲਿਸ ਚੇਤਾਵਨੀਆਂ ਦਾ ਦਾਅਵਾ**

**ਨਵੀਂ ਦਿੱਲੀ, 21 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਸ਼ਹੀਦ ਹਰਦੀਪ ਸਿੰਘ ਨਿੱਝਰ ਦੀ ਯਾਦ ਅਤੇ ਇਨਸਾਫ਼ ਦੀ ਮੰਗ ਨਾਲ ਜੁੜੇ ਸਿੱਖ ਕਾਰਕੁਨਾਂ ਦੀ ਸੁਰੱਖਿਆ ਦਾ ਮੁੱਦਾ ਇੱਕ ਵਾਰ ਫਿਰ ਗੰਭੀਰ ਚਰਚਾ ਦਾ ਵਿਸ਼ਾ ਬਣ ਗਿਆ ਹੈ। ਬ੍ਰਿਟਿਸ਼ ਕੋਲੰਬੀਆ ਵਿੱਚ ਸਰਗਰਮ ਮਨਜਿੰਦਰ ਸਿੰਘ ਅਤੇ ਨਰਿੰਦਰ ਸਿੰਘ ਰੰਧਾਵਾ ਵੱਲੋਂ ਜਨਤਕ ਤੌਰ 'ਤੇ ਪੁਲਿਸ ਤੋਂ ਜਾਨ ਨੂੰ ਖ਼ਤਰੇ ਸਬੰਧੀ ਵਾਰਨਿੰਗ ਮਿਲਣ ਦੀ ਜਾਣਕਾਰੀ ਸਾਂਝੀ ਕੀਤੀ ਗਈ ਹੈ। ਦੋਵੇਂ ਕਾਰਕੁਨ ਕੈਨੇਡਾ ਵਿੱਚ ਸਿੱਖ ਮੁੱਦਿਆਂ ਨਾਲ ਸਬੰਧਤ ਸਰਗਰਮੀਆਂ ਵਿੱਚ ਹਿੱਸਾ ਲੈਂਦੇ ਰਹੇ ਹਨ। ਇਸ ਦੇ ਨਾਲ ਹੀ ਇੱਕ ਵੈੱਬ ਡਿਬੇਟ ਦੌਰਾਨ ਸਿੱਖ ਕਾਰਕੁਨਾਂ ਬਾਰੇ ਕਥਿਤ ਧਮਕੀ ਭਰੇ ਬਿਆਨਾਂ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਚਰਚਾ ਵਿੱਚ ਹੈ। ਜਿਕਰਯੋਗ ਹੈ ਕਿ 18 ਸਤੰਬਰ 2023 ਨੂੰ ਤਤਕਾਲੀ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਸੰਸਦ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ ਅਤੇ ਭਾਰਤ ਸਰਕਾਰ ਦੇ ਏਜੰਟਾਂ ਵਿਚਕਾਰ ਸੰਭਾਵਿਤ ਸਬੰਧਾਂ ਬਾਰੇ ਕੈਨੇਡੀਅਨ ਸੁਰੱਖਿਆ ਏਜੰਸੀਆਂ ਵੱਲੋਂ ਜਾਂਚ ਕੀਤੇ ਜਾਣ ਦੀ ਗੱਲ ਕਹੀ ਗਈ ਸੀ। ਭਾਈ ਨਿੱਝਰ ਮਾਮਲੇ ਤੋਂ ਬਾਅਦ ਕੈਨੇਡਾ ਵਿੱਚ ਸਿੱਖ ਕਾਰਕੁਨਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਲਗਾਤਾਰ ਚਰਚਾ ਵਿੱਚ ਰਹੀਆਂ ਹਨ। ਭਾਈ ਨਰਿੰਦਰ ਸਿੰਘ ਰੰਧਾਵਾ ਜੋ ਕਿ ਗੁਰਦੁਆਰਾ ਸਾਹਿਬ ਦੇ ਮੈਂਬਰ ਵੀ ਹਨ ਅਤੇ ਭਾਈ ਮਨਜਿੰਦਰ ਸਿੰਘ ਐਸਐਫਜੇ ਨੂੰ ਮਿਲੀਆਂ ਦੱਸੀਆਂ ਜਾ ਰਹੀਆਂ ਪੁਲਿਸ ਵਾਰਨਿੰਗਾਂ ਨੇ ਇਹ ਸਵਾਲ ਹੋਰ ਤਿੱਖਾ ਕਰ ਦਿੱਤਾ ਹੈ ਕਿ ਆਖ਼ਿਰ ਅਜਿਹੇ ਕਾਰਕੁਨਾਂ ਦੀ ਸੁਰੱਖਿਆ ਲਈ ਕੈਨੇਡੀਅਨ ਅਧਿਕਾਰੀਆਂ ਵੱਲੋਂ ਕੀ ਕਦਮ ਚੁੱਕੇ ਜਾ ਰਹੇ ਹਨ। ਧਮਕੀ ਵਾਲੀ ਵੀਡੀਓ ਦੇ ਮਾਮਲੇ ਵਿੱਚ ਵੀ ਪੂਰੇ ਸੰਦਰਭ ਅਤੇ ਸੰਭਾਵਿਤ ਖ਼ਤਰੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ। 'ਟੀਮ ਸ਼ਹੀਦ ਨਿੱਝਰ' ਵੱਲੋਂ ਕਿਹਾ ਗਿਆ ਹੈ ਕਿ ਪੁਲਿਸ ਵਾਰਨਿੰਗਾਂ ਜਾਂ ਧਮਕੀਆਂ ਦੇ ਮਾਹੌਲ ਦੇ ਬਾਵਜੂਦ ਸਿੱਖ ਕਾਰਕੁਨ ਇਨਸਾਫ਼, ਜਵਾਬਦੇਹੀ ਅਤੇ ਆਪਣੇ ਵਿਚਾਰ ਪ੍ਰਗਟ ਕਰਨ ਦੇ ਹੱਕ ਦੀ ਆਵਾਜ਼ ਉਠਾਉਂਦੇ ਰਹਿਣਗੇ। ਟੀਮ ਨਿੱਝਰ ਦਾ ਕਹਿਣਾ ਹੈ ਕਿ ਕਿਸੇ ਵੀ ਭਾਈਚਾਰੇ ਦੀ ਸਿਆਸੀ ਜਾਂ ਸਮਾਜਿਕ ਆਵਾਜ਼ ਨੂੰ ਧਮਕੀਆਂ ਜਾਂ ਦਬਾਅ ਰਾਹੀਂ ਨਹੀਂ, ਸਗੋਂ ਕਾਨੂੰਨੀ ਅਤੇ ਲੋਕਤੰਤਰਿਕ ਪ੍ਰਕਿਰਿਆ ਰਾਹੀਂ ਸੰਬੋਧਿਤ ਕੀਤਾ ਜਾਣਾ ਚਾਹੀਦਾ ਹੈ। ਇਸੇ ਸੰਦਰਭ ਵਿੱਚ ਓਨ੍ਹਾ ਵਲੋਂ 18 ਅਕਤੂਬਰ 2026 ਨੂੰ ਐਡਮੰਟਨ, ਅਲਬਰਟਾ ਵਿੱਚ ਖਾਲਿਸਤਾਨ ਰੈਫਰੈਂਡਮ ਕਰਵਾਏ ਜਾਣ ਦੀ ਜਾਣਕਾਰੀ ਸਾਂਝੀ ਕਰਣ ਨਾਲ ਇਸ ਨੂੰ ਭਾਰੀ ਗਿਣਤੀ ਵਿਚ ਵੋਟਿੰਗ ਕਰਕੇ ਸਫਲ ਬਣਾਉਣ ਦੀ ਅਪੀਲ ਕੀਤੀ ਗਈ।

# 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਨਾਲ ਆਮ ਪਰਿਵਾਰਾਂ ਨੂੰ ਮਿਲੀ ਵੱਡੀ ਰਾਹਤ: ਦਲਵੀਰ ਸਿੰਘ ਢਿੱਲੋਂ

## ਪੰਜਾਬ ਸਰਕਾਰ ਲੋਕਾਂ ਤੱਕ ਮਿਆਰੀ ਸਿਹਤ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ: ਰਾਜਵੰਤ ਸਿੰਘ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸਿਹਤ ਸੁਰੱਖਿਆ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਅੱਜ ਧੂਰੀ ਹਲਕੇ ਵਿੱਚ ਸਿਹਤ ਕਾਰਡਾਂ ਦੀ ਵੰਡ ਦੀ ਸ਼ੁਰੂਆਤ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵੱਲੋਂ ਕੀਤੀ ਗਈ।

ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਸਿਹਤ ਖੇਤਰ ਵਿੱਚ ਇੱਕ ਅਹਿਮ ਪਹਿਲਕਦਮੀ ਹੈ। ਇਸ ਯੋਜਨਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪਰਿਵਾਰ ਨੂੰ ਮਹਿੰਗੇ ਇਲਾਜ ਕਾਰਨ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਦੱਸਿਆ ਕਿ ਧੂਰੀ ਹਲਕੇ ਵਿੱਚ ਸਿਹਤ ਕਾਰਡਾਂ ਦੀ ਵੰਡ ਲਈ ਕੁੱਲ 23 ਕੈਂਪ ਲਗਾਏ ਜਾਣਗੇ। ਇਸ ਤੋਂ ਇਲਾਵਾ ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾ ਕੇ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਜਾਣਗੇ, ਤਾਂ ਜੋ ਯੋਜਨਾ ਦਾ ਲਾਭ ਯੋਗ ਪਰਿਵਾਰਾਂ ਤੱਕ ਪਹੁੰਚਾਇਆ ਜਾ ਸਕੇ ਅਤੇ ਕੋਈ ਵੀ ਲਾਭਪਾਤਰੀ ਇਸ ਸਹੂਲਤ ਤੋਂ ਵਾਂਝਾ ਨਾ ਰਹੇ।

ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਦੇ ਦਾਇਰੇ ਵਿੱਚ 817 ਤੋਂ ਵੱਧ ਹਸਪਤਾਲ ਅਤੇ ਲਗਭਗ 2,300 ਮੈਡੀਕਲ ਇਲਾਜ ਪੈਕੇਜ ਸ਼ਾਮਲ ਹਨ, ਜਿਸ ਨਾਲ ਲੋਕਾਂ ਨੂੰ ਵੱਖ-ਵੱਖ ਬਿਮਾਰੀਆਂ ਦੇ ਇਲਾਜ ਲਈ ਸਿਹਤ ਸਹੂਲਤਾਂ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਉਪਰਾਲਾ ਆਮ ਲੋਕਾਂ ਨੂੰ ਸਿਹਤ ਸੇਵਾਵਾਂ ਤੱਕ ਪਹੁੰਚ ਪ੍ਰਦਾਨ ਕਰਨ ਅਤੇ ਇਲਾਜ ਦੌਰਾਨ ਹੋਣ ਵਾਲੇ ਵਿੱਤੀ ਬੋਝ ਨੂੰ ਘਟਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਅਮਲੀ ਰੂਪ ਦੇਣ ਲਈ ਸਿਹਤ ਖੇਤਰ ਵਿੱਚ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਇਲਾਜ ਲਈ ਵਿੱਤੀ ਸੁਰੱਖਿਆ ਪ੍ਰਦਾਨ ਕਰਨ ਦਾ ਉਪਰਾਲਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਧੂਰੀ ਹਲਕੇ ਵਿੱਚ 23 ਕੈਂਪਾਂ ਅਤੇ ਆਸ਼ਾ ਵਰਕਰਾਂ ਰਾਹੀਂ ਘਰ-ਘਰ ਕਾਰਡ ਵੰਡਣ ਦੀ ਮੁਹਿੰਮ ਨਾਲ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਣਕਾਰੀ ਦੇਣ ਅਤੇ ਸਿਹਤ ਕਾਰਡ ਉਨ੍ਹਾਂ ਤੱਕ ਪਹੁੰਚਾਉਣ ਵਿੱਚ ਸਹਾਇਤਾ ਮਿਲੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਲਾਭ ਲੈਣ ਲਈ ਸਿਹਤ ਕਾਰਡ ਬਣਵਾਉਣ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਉਠਾਉਣ।

ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦਾ ਉਦੇਸ਼ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣ ਲਈ ਅਜਿਹੀਆਂ ਪਹਿਲਕਦਮੀਆਂ ਜਾਰੀ ਰਹਿਣਗੀਆਂ। ਇਸ ਮੌਕੇ ਡਾਇਰੈਕਟਰ ਅਨਿਲ ਮਿੱਤਲ, ਹਰਪ੍ਰੀਤ ਸਿੰਘ ਗਿੱਲ ਸਮੇਤ ਵੱਡੀ ਗਿਣਤੀ ਵਿੱਚ ਵਲੰਟੀਅਰ ਅਤੇ ਲਾਭਪਾਤਰੀ ਮੌਜੂਦ ਸਨ।

## ਸਾਬਕਾ ਕੇਂਦਰੀ ਮੰਤਰੀ ਬਿੱਟੂ ਵੱਲੋਂ ਮੁੱਖ ਮੰਤਰੀ ਨੂੰ ਆਂਡੇ ਅਤੇ ਬੋਤਲਾਂ ਦਿਖਾਉਣਾ ਸੋਭਾ ਨਹੀਂ ਦਿੰਦੀਆਂ: ਬਸੰਤ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕਾਫਲੇ ਤੇ ਦੇਸ਼ ਦੇ ਸਾਬਕਾ ਕੇਂਦਰੀ ਮੰਤਰੀ ਵੱਲੋਂ ਪਾਣੀ ਦੀ ਬੋਤਲਾਂ ਤੇ ਆਂਡੇ ਸੁੱਟਣ ਤਾਂ ਇਹ ਸਾਰਾ ਕਰਨ ਤੇ ਚਿੰਤਾਜਨਕ ਕਰਦਿਆਂ ਉੱਗੇ ਸਮਾਜ ਸੇਵੀ ਬਸੰਤ ਕੁਮਾਰ ਕਾਂਝਲਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਹਰਕਤਾਂ ਪੰਜਾ ਦੇ ਵੱਡੇ ਲੀਡਰਾਂ ਨੂੰ ਨਹੀਂ ਸ਼ੋਭਾ ਨਹੀਂ ਦਿੰਦੀਆਂ। ਉਹਨਾਂ ਕਿਹਾ ਕਿ ਜੇਕਰ ਤੁਸੀਂ ਇਸ ਤਰ੍ਹਾਂ ਦੀਆਂ ਰਵਾਇਤਾਂ ਪਾਓਗੇ ਤਾਂ ਆਉਣ ਵਾਲੇ ਸਮੇਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਤੁਹਾਨੂੰ ਵੀ ਪਿੰਡਾਂ ਵਿੱਚ ਆਉਣਾ ਪਵੇਗਾ ਅਤੇ ਪਿੰਡਾਂ ਦੇ ਲੋਕ ਤੁਹਾਨੂੰ ਪਸੰਦ ਨਹੀਂ ਕਰਦੇ ਹੋ ਸਕਦਾ ਤੁਹਾਡੀ ਵੀ ਇਸ ਤਰ੍ਹਾਂ ਹੀ ਆਂਡੇ ਅਤੇ ਪਾਣੀ ਦੀਆਂ ਬੋਤਲਾਂ ਟਮਾਟਰ ਨਾਲ ਸਵਾਗਤ ਹੋਵੇ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੀ ਰਵਾਇਤਾਂ ਪਾ ਕੇ ਆਪਾਂ ਆਉਣ ਵਾਲੀ ਨੌਜਵਾਨ ਪੀੜੀ ਨੂੰ ਕੀ ਸਿੱਖਿਆ ਦੇਣਾ ਚਾਹੁੰਦੇ ਹਾਂ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਵਾਅਦੇ ਪੰਜਾਬ ਦੇ ਲੋਕਾਂ ਦੇ ਨਾਲ ਨਹੀਂ ਵੀ ਕੀਤੇ ਸਨ ਉਹਨਾਂ ਨੂੰ ਵੀ ਸਾਢੇ ਚਾਰ ਸਾਲਾਂ ਦੇ ਵਿੱਚ ਪੂਰਾ ਕਰਕੇ ਇਤਿਹਾਸ ਬਣਾਇਆ ਹੈ। ਪੰਜਾਬ ਤੇ ਲੋਕ ਸਰਦਾਰ ਮਾਨ ਦੇ ਨਾਲ ਚਟਾਨ ਵਾਂਗ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਮੁੱਖ ਮੰਤਰੀ ਬਣਾ ਕੇ ਇਤਿਹਾਸ ਬਣਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਪਹਿਲੀ ਵਾਰ ਅੱਖਾਂ ਦੀ ਸਰਜਰੀ ਅਤੇ

# ਹਾਈਟੈਕ ਖ਼ੂਨ ਜਾਂਚ ਮਸ਼ੀਨਾਂ ਦੀ ਸ਼ੁਰੂਆਤ-ਪ੍ਰੋ. ਬਲਜਿੰਦਰ ਕੌਰ ਨੇ ਕੀਤਾ ਉਦਘਾਟਨ






ਤਲਵੰਡੀ ਸਾਬੋ, 21 ਸਤੰਬਰ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਜ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪਹਿਲੀ ਵਾਰ ਅੱਖਾਂ ਦੀ ਸਰਜਰੀ ਦੀ ਸ਼ੁਰੂਆਤ ਕੀਤੀ ਗਈ। ਇਸ ਦੇ ਨਾਲ ਹੀ ਹਸਪਤਾਲ ਵਿੱਚ ਨਵੀਆਂ ਹਾਈਟੈਕ ਖ਼ੂਨ ਜਾਂਚ ਮਸ਼ੀਨਾਂ ਦੀ ਸਹੂਲਤ ਵੀ ਸ਼ੁਰੂ ਕੀਤੀ ਗਈ।ਇਨ੍ਹਾਂ ਨਵੀਆਂ ਸਹੂਲਤਾਂ ਦਾ ਉਦਘਾਟਨ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਵੱਲੋਂ ਕੀਤਾ ਗਿਆ। ਉਦਘਾਟਨ ਸਮਾਗਮ ਤੋਂ ਪਹਿਲਾਂ ਹਸਪਤਾਲ ਵਿਖੇ



ਸੁਖਮਨੀ ਸਾਹਿਬ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ, ਡਾਕਟਰਾਂ, ਹਸਪਤਾਲ ਦੇ ਸਟਾਫ਼, ਇਲਾਕੇ ਦੀਆਂ ਸੰਗਤਾਂ ਅਤੇ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਵਿੱਚ ਸਿਵਲ ਸਰਜਨ ਬਠਿੰਡਾ ਡਾ. ਰੁਪਿੰਦਰਜੀਤ ਕੌਸ਼ਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਹਸਪਤਾਲ ਵਿੱਚ ਪਹੁੰਚੀਆਂ ਸੰਗਤਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੂੰ ਹਸਪਤਾਲ ਵਿੱਚ ਅੱਖਾਂ ਦੀ ਸਰਜਰੀ ਅਤੇ ਨਵੀਆਂ ਖ਼ੂਨ ਜਾਂਚ ਮਸ਼ੀਨਾਂ ਦੀ ਸ਼ੁਰੂਆਤ ਲਈ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਸਹੂਲਤਾਂ ਨਾਲ ਇਲਾਕੇ ਦੇ ਲੋਕਾਂ ਨੂੰ ਆਪਣੇ ਨੇੜੇ ਹੀ ਆਧੁਨਿਕ ਸਿਹਤ ਸੇਵਾਵਾਂ ਮਿਲਣਗੀਆਂ। ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਹਸਪਤਾਲ ਵਿੱਚ ਸਿਹਤ ਸਹੂਲਤਾਂ ਨੂੰ ਲਗਾਤਾਰ ਬਿਹਤਰ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ। ਅੱਖਾਂ ਦੀ ਸਰਜਰੀ ਦੀ ਸਹੂਲਤ ਸ਼ੁਰੂ ਹੋਣ ਨਾਲ ਹੁਣ ਇਲਾਕੇ ਦੇ ਮਰੀਜ਼ਾਂ ਨੂੰ ਅੱਖਾਂ ਦੇ ਆਪ੍ਰੇਸ਼ਨ ਲਈ ਦੂਰ-ਦੁਰਾਡੇ ਦੇ ਹਸਪਤਾਲਾਂ ਦਾ ਰੁਖ ਨਹੀਂ ਕਰਨਾ ਪਵੇਗਾ। ਇਸੇ ਤਰ੍ਹਾਂ ਨਵੀਆਂ ਹਾਈਟੈਕ ਖ਼ੂਨ ਜਾਂਚ ਮਸ਼ੀਨਾਂ ਸ਼ੁਰੂ ਹੋਣ ਨਾਲ ਵੱਖ-ਵੱਖ ਬਿਮਾਰੀਆਂ ਦੀ ਜਾਂਚ ਤੇਜ਼ੀ ਅਤੇ ਸੁਚੱਜੇ ਢੰਗ ਨਾਲ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ. ਬਲਜਿੰਦਰ ਕੌਰ ਨੇ ਪੰਜਾਬ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਹਸਪਤਾਲਾਂ ਵਿੱਚ ਲੋਕਾਂ ਨੂੰ ਵੱਧ ਤੋਂ ਵੱਧ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਲਗਾਤਾਰ ਨਵੀਆਂ ਸਹੂਲਤਾਂ ਸ਼ੁਰੂ ਹੋ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਹ ਹਸਪਤਾਲ ਸੂਬੇ ਵਿੱਚ ਤੀਜੇ ਸਥਾਨ 'ਤੇ ਹੈ, ਜਿੱਥੇ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਸਮੇਤ ਲੋੜੀਂਦੀਆਂ ਸਿਹਤ ਸਹੂਲਤਾਂ ਉਪਲਬਧ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਆਮ ਲੋਕਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਿਆਰੀ ਅਤੇ ਆਧੁਨਿਕ ਇਲਾਜ ਦੀ ਸਹੂਲਤ ਉਪਲਬਧ ਕਰਵਾਉਣਾ ਹੈ।ਅੱਖਾਂ ਦੀ ਸਰਜਰੀ ਦੀ ਸ਼ੁਰੂਆਤ ਨੂੰ ਹਸਪਤਾਲ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਵਜੋਂ ਦੇਖਿਆ ਜਾ ਰਿਹਾ ਹੈ। ਹਸਪਤਾਲ ਵਿੱਚ ਅੱਖਾਂ ਨਾਲ ਸਬੰਧਤ ਇਲਾਜ ਦੀ ਸਹੂਲਤ ਪਹਿਲਾਂ ਤੋਂ ਉਪਲਬਧ ਰਹੀ ਹੈ, ਜਦਕਿ ਹੁਣ ਅੱਖਾਂ ਦੇ ਆਪ੍ਰੇਸ਼ਨ ਲਈ ਓਪਰੇਸ਼ਨ ਥੀਏਟਰ ਦੀ ਸਹੂਲਤ ਵੀ ਸ਼ੁਰੂ ਹੋਣ ਨਾਲ ਮਰੀਜ਼ਾਂ ਨੂੰ ਹੋਰ ਵਧੇਰੇ ਸੇਵਾਵਾਂ ਇੱਕੋ ਛੱਤ ਹੇਠ ਮਿਲ ਸਕਣਗੀਆਂ। ਸਰਕਾਰੀ ਸਿਹਤ ਪ੍ਰਬੰਧ ਵਿੱਚ ਤਲਵੰਡੀ ਸਾਬੋ ਦਾ ਹਸਪਤਾਲ ਸਬ-ਡਿਵੀਜ਼ਨ ਹਸਪਤਾਲ ਵਜੋਂ ਦਰਜ ਹੈ। ਇਸੇ ਤਰ੍ਹਾਂ ਖ਼ੂਨ ਦੀ ਜਾਂਚ ਲਈ ਲਗਾਈਆਂ ਗਈਆਂ ਆਧੁਨਿਕ ਮਸ਼ੀਨਾਂ ਨਾਲ ਬਾਇਓਕੈਮਿਸਟਰੀ ਅਤੇ ਸੀਬੀਸੀ ਸਮੇਤ ਜ਼ਰੂਰੀ ਟੈਸਟਾਂ ਦੀ ਜਾਂਚ ਪ੍ਰਕਿਰਿਆ ਹੋਰ ਸੁਚਾਰੂ ਹੋਣ ਦੀ ਉਮੀਦ ਹੈ। ਨਵੀਂ ਤਕਨਾਲੋਜੀ ਨਾਲ ਜਾਂਚ ਰਿਪੋਰਟਾਂ ਤਿਆਰ ਕਰਨ ਵਿੱਚ ਸਹੂਲਤ ਮਿਲੇਗੀ ਅਤੇ ਡਾਕਟਰਾਂ ਨੂੰ ਮਰੀਜ਼ਾਂ ਦੀ ਬਿਮਾਰੀ ਦੀ ਪਛਾਣ ਅਤੇ ਇਲਾਜ ਸਬੰਧੀ ਫੈਸਲੇ ਲੈਣ ਵਿੱਚ ਮਦਦ ਮਿਲੇਗੀ।ਸਮਾਗਮ ਦੌਰਾਨ ਹਸਪਤਾਲ ਦੇ ਡਾਕਟਰਾਂ ਅਤੇ ਸਟਾਫ਼ ਵੱਲੋਂ ਪਹੁੰਚੇ ਹੋਏ ਮਹਿਮਾਨਾਂ ਅਤੇ ਸੰਗਤਾਂ ਦਾ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਵੀ ਹਸਪਤਾਲ ਵਿੱਚ ਨਵੀਆਂ ਸਿਹਤ ਸਹੂਲਤਾਂ ਸ਼ੁਰੂ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਲੋਕਾਂ ਦਾ ਕਹਿਣਾ ਸੀ ਕਿ ਇਲਾਕੇ ਵਿੱਚ ਸਰਕਾਰੀ ਹਸਪਤਾਲ ਅੰਦਰ ਹੀ ਅੱਖਾਂ ਦੀ ਸਰਜਰੀ ਅਤੇ ਆਧੁਨਿਕ ਜਾਂਚ ਦੀਆਂ ਸਹੂਲਤਾਂ ਮਿਲਣ ਨਾਲ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੱਡੀ ਸਹੂਲਤ ਮਿਲੇਗੀ।ਸਮਾਗਮ ਦੇ ਅੰਤ ਵਿੱਚ ਡਾ. ਰਵੀ ਕਾਂਤ ਗੁਪਤਾ ਵੱਲੋਂ ਸਮੂਹ ਪਹੁੰਚੀਆਂ ਸੰਗਤਾਂ, ਸਿਹਤ ਵਿਭਾਗ ਦੇ ਅਧਿਕਾਰੀਆਂ, ਡਾਕਟਰਾਂ ਅਤੇ ਸਟਾਫ਼ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਭਰੋਸਾ ਦਿੱਤਾ ਗਿਆ ਕਿ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ। ਸਮੁੱਚੇ ਡਾਕਟਰੀ ਅਮਲੇ, ਸਟਾਫ ਤੋਂ ਇਲਾਵਾ ਬਾਬਾ ਬੱਲਮ ਸਿੰਘ ਜੀ, ਡਾਕਟਰ ਯਾਦਵਿੰਦਰ ਸਿੰਘ ਮੌੜ, ਤਰਸੇਮ ਸਿੰਗਲਾ ਸ਼ਹਿਰੀ ਪ੍ਰਧਾਨ, ਹਰਜੀਤ ਸਿੰਘ ਸਰਾਂ, ਜਸਵਿੰਦਰ ਕੌਰ ਚੌਧਰੀ ਸਰਪੰਚ, ਸੁਖਦੇਵ ਸਿੰਘ ਐਮ ਸੀ, ਦਵਿੰਦਰ ਸਿੰਘ ਸੂਬਾ ਐਮ ਸੀ, ਕੇਵਲ ਸਿੰਘ ਪੀਏ, ਜੱਗਾ ਸਿੰਘ ਸਿੱਧੂ ਪ੍ਰਧਾਨ ਚੜਦੀਕਲਾ ਵੈੱਲਫੇਅਰ ਸੁਸਾਇਟੀ ਜਗਾ, ਲਖਵੀਰ ਸਿੰਘ ਸਮਾਜ ਸੇਵੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੀ.ਐਚ.ਸੀ. ਮਾਨਾਂਵਾਲ ਵਿਖੇ ਸ੍ਰ ਈ.ਟੀ.ਓ ਨੇ ਸਿਹਤ ਸੇਵਾਵਾਂ ਅਤੇ ਹਸਪਤਾਲ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ

# ਮਰੀਜਾਂ ਨਾਲ ਗੱਲਬਾਤ ਕਰਕੇ ਫੀਡਬੈਕ ਹਾਸਲ ਕੀਤੀ

ਜੰਡਿਆਲਾ ਗੁਰੂ 21 ਸਤੰਬਰ (ਕੁਲਵੰਤ ਸਿੰਘ ਵਿਰਦੀ)- ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ.) ਮਾਨਾਂਵਾਲ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਅਤੇ ਹਸਪਤਾਲ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਨੇ ਸੀ.ਐਚ.ਸੀ. ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਕੀਤਾ ਅਤੇ ਇਲਾਜ ਕਰਵਾ ਰਹੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਸਬੰਧੀ ਫੀਡਬੈਕ ਹਾਸਲ ਕੀਤੀ।ਉਨ੍ਹਾਂ ਵੱਲੋਂ ਡਾਕਟਰਾਂ ਦੀ ਹਾਜ਼ਰੀ ਚੈੱਕ ਕਰਨ ਦੇ ਨਾਲ-ਨਾਲ ਓ.ਪੀ.ਡੀ. ਦਾ ਵੀ ਨਿਰੀਖਣ ਕੀਤਾ ਗਿਆ।ਆਪਣੇ ਦੌਰੇ ਸਬੰਧੀ ਜਾਣਕਾਰੀ ਦਿੰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੀ.ਐਚ.ਸੀ. ਮਾਨਾਂਵਾਲ ਦੇ ਨਿਰੀਖਣ ਦੌਰਾਨ ਸਾਰੇ ਡਾਕਟਰ ਅਤੇ ਹੋਰ ਪੈਰਾ-ਮੈਡੀਕਲ ਅਮਲਾ ਹਾਜ਼ਰ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲ ਰਹੀਆਂ ਇਲਾਜ ਸੇਵਾਵਾਂ ਬਾਰੇ ਫੀਡਬੈਕ ਵੀ ਲਈ ਗਈ, ਜਿਸ ਦੌਰਾਨ ਮਰੀਜ਼ਾਂ ਨੇ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ



ਸੇਵਾਵਾਂ ਪ੍ਰਤੀ ਸੰਤੁਸ਼ਟੀ ਪ੍ਰਗਟਾਈ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਪੰਜਾਬ ਸਰਕਾਰ ਦੀਆਂ ਮੁੱਖ ਤਰਜੀਹਾਂ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਿਹਤ ਕ੍ਰਾਂਤੀ ਤਹਿਤ ਸੂਬਾ ਸਰਕਾਰ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਅਤੇ ਹਸਪਤਾਲਾਂ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ, ਤਾਂ ਜੋ ਲੋਕਾਂ ਨੂੰ ਮਿਆਰੀ ਅਤੇ ਬਿਹਤਰ ਸਿਹਤ ਸਹੂਲਤਾਂ ਉਨ੍ਹਾਂ ਦੇ ਨੇੜੇ ਹੀ ਮੁਹੱਈਆ ਕਰਵਾਈਆਂ ਜਾ ਸਕਣ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਦਾ ਆਮ ਲੋਕਾਂ ਵੱਲੋਂ ਭਰਪੂਰ ਲਾਭ ਲਿਆ ਜਾ ਰਿਹਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਿਲ ਰਹੀਆਂ ਸਹੂਲਤਾਂ ਪ੍ਰਤੀ ਸੰਤੁਸ਼ਟੀ ਪ੍ਰਗਟ ਕਰਨਾ ਸਰਕਾਰ ਦੇ ਯਤਨਾਂ ਦੀ ਮਹੱਤਵਪੂਰਨ ਪ੍ਰਾਪਤੀ ਹੈ।

# ਇੰਗਲੈਂਡ ਦੀ ਧਰਤੀ 'ਤੇ ਗੂੰਜਿਆ ਪੰਜਾਬ ਦੇ ਹੱਕਾਂ ਦਾ ਨਾਅਰਾ, ਸਮੈਥਿਕ ਵਿਖੇ ਚਮਕੌਰ ਸਿੰਘ ਧੁੰਨ ਦੀ ਅਗਵਾਈ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਵਿਸ਼ਾਲ ਪੰਥਕ ਇਕੱਠ




**ਲੰਡਨ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਕੱਲ ਇੰਗਲੈਂਡ ਦੇ ਗੁਰਦੁਆਰਾ ਗੁਰੂ ਨਾਨਕ ਸਾਹਿਬ, ਸਮੈਥਿਕ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਚਮਕੌਰ ਸਿੰਘ ਧੁੰਨ ਦੀ ਅਗਵਾਈ ਵਿੱਚ ਵਿਸ਼ਾਲ ਪੰਥਕ ਇਕੱਠ ਕਰਵਾਇਆ ਗਿਆ। ਇਸ ਇਕੱਠ ਵਿੱਚ ਵੱਡੀ ਗਿਣਤੀ ਵਿੱਚ ਸੰਗਤ, ਨੌਜਵਾਨਾਂ ਅਤੇ ਐਨ.ਆਰ.ਆਈ. ਪੰਜਾਬੀਆਂ ਨੇ ਸ਼ਮੂਲੀਅਤ ਕਰਦਿਆਂ ਪੰਜਾਬ ਦੇ ਮੌਜੂਦਾ ਹਾਲਾਤ, ਪੰਜਾਬ ਦੀ ਨੌਜਵਾਨੀ ਦੇ ਭਵਿੱਖ ਅਤੇ ਪੰਜਾਬ ਦੇ ਹੱਕਾਂ ਨਾਲ ਜੁੜੇ ਅਹਿਮ ਮਸਲਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦਾ ਆਪਣੇ ਵਤਨ ਪੰਜਾਬ ਨਾਲ ਰਿਸ਼ਤਾ ਸਿਰਫ਼ ਜ਼ਮੀਨ ਜਾਂ ਪਰਿਵਾਰਾਂ ਤੱਕ ਸੀਮਤ ਨਹੀਂ, ਸਗੋਂ ਪੰਜਾਬ ਦੀ ਭਾਸ਼ਾ, ਸੱਭਿਆਚਾਰ, ਪਾਣੀਆਂ, ਨੌਜਵਾਨੀ ਅਤੇ ਪੰਥਕ ਮਸਲਿਆਂ ਨਾਲ ਉਨ੍ਹਾਂ ਦੀਆਂ ਭਾਵਨਾਵਾਂ ਡੂੰਘਾਈ ਨਾਲ ਜੁੜੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਲਈ ਰੁਜ਼ਗਾਰ, ਨਸ਼ਿਆਂ ਤੋਂ ਮੁਕਤੀ, ਸਿੱਖਿਆ, ਉਦਯੋਗ ਅਤੇ ਆਪਣੇ ਸੂਬੇ ਵਿੱਚ ਸਨਮਾਨਜਨਕ ਭਵਿੱਖ ਸਭ ਤੋਂ ਵੱਡੇ ਮੁੱਦੇ ਹਨ। ਇਕੱਠ ਦੌਰਾਨ ਐਨ.ਆਰ.ਆਈ. ਪੰਜਾਬੀਆਂ ਨੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ 2027 ਵਿੱਚ ਪੰਜਾਬ ਦੇ ਮੁੱਖ ਮੰਤਰੀ ਦੇ ਚਿਹਰੇ ਵਜੋਂ ਅੱਗੇ ਲਿਆਉਣ ਲਈ ਪਾਰਟੀ ਦੀ ਮੁਹਿੰਮ ਨਾਲ ਡਟ ਕੇ ਖੜ੍ਹਨ ਦਾ ਪ੍ਰਗਟਾਵਾ ਕੀਤਾ।ਪਾਰਟੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮੁੱਖ ਮੰਤਰੀ ਚਿਹਰਾ ਐਲਾਨਣ ਦੀ ਗੱਲ ਪਹਿਲਾਂ ਵੀ ਜਨਤਕ ਤੌਰ 'ਤੇ ਸਾਹਮਣੇ ਆ ਚੁੱਕੀ ਹੈ। ਬੁਲਾਰਿਆਂ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੇ ਵਤਨ ਦੀ ਤਰੱਕੀ ਅਤੇ ਪੰਜਾਬ ਦੇ ਭਵਿੱਖ ਨੂੰ ਲੈ ਕੇ ਚਿੰਤਤ ਹਨ ਅਤੇ ਉਹ ਪੰਜਾਬ ਵਿੱਚ ਅਜਿਹੀ ਸਿਆਸੀ ਵਿਵਸਥਾ ਦੀ ਗੱਲ ਕਰ ਰਹੇ ਹਨ ਜਿਸ ਵਿੱਚ ਪੰਜਾਬ ਦੇ ਹਿੱਤ, ਪੰਜਾਬ ਦੀ ਆਵਾਜ਼ ਅਤੇ ਪੰਜਾਬ ਦੇ ਲੋਕਾਂ ਦੇ ਮੁੱਦੇ ਕੇਂਦਰ ਵਿੱਚ ਹੋਣ। ਭਾਈ ਚਮਕੌਰ ਸਿੰਘ ਧੁੰਨ ਨੇ ਇਕੱਠ ਵਿੱਚ ਸ਼ਾਮਲ ਹੋਈ ਸਮੁੱਚੀ ਸੰਗਤ ਅਤੇ ਐਨ.ਆਰ.ਆਈ. ਪੰਜਾਬੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਵੱਲੋਂ ਪੰਜਾਬ ਦੇ ਮਸਲਿਆਂ ਪ੍ਰਤੀ ਦਿਖਾਈ ਜਾ ਰਹੀ ਜਾਗਰੂਕਤਾ ਇਹ ਦਰਸਾਉਂਦੀ ਹੈ ਕਿ ਪੰਜਾਬ ਪ੍ਰਤੀ ਉਨ੍ਹਾਂ ਦਾ ਪਿਆਰ ਅਤੇ ਜ਼ਿੰਮੇਵਾਰੀ ਅੱਜ ਵੀ ਪਹਿਲਾਂ ਵਾਂਗ ਮਜ਼ਬੂਤ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਗਤੀਵਿਧੀਆਂ ਨੂੰ ਵਿਦੇਸ਼ਾਂ ਵਿੱਚ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਵੱਧ ਤੋਂ ਵੱਧ ਪੰਜਾਬੀਆਂ ਨੂੰ ਪੰਜਾਬ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨਾਲ ਜੋੜਿਆ ਜਾਵੇਗਾ। ਇਸ ਮੌਕੇ ਸਮੁੱਚੀ ਸੰਗਤ ਨੇ ਪੰਜਾਬ ਦੀ ਚੜ੍ਹਦੀ ਕਲਾ, ਨੌਜਵਾਨੀ ਦੇ ਸੁਨਹਿਰੇ ਭਵਿੱਖ ਅਤੇ ਪੰਜਾਬ ਦੇ ਹੱਕਾਂ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।

### ਨੌਜਵਾਨ ਪੰਜਾਬ ਦੇ ਭਵਿੱਖ ਨੂੰ ਲੈ ਕੇ ਫਿਕਰਮੰਦ, ਭਾਈ ਅੰਮ੍ਰਿਤਪਾਲ ਸਿੰਘ ਨੂੰ 2027 ਵਿੱਚ ਪੰਜਾਬ ਦਾ ਮੁੱਖ ਮੰਤਰੀ ਬਣਾਉਣ ਲਈ ਐਨ.ਆਰ.ਆਈ. ਪੰਜਾਬੀਆਂ ਨੇ ਕਮਰ ਕੱਸੀ

ਆਵਾਜ਼ਿ ਕੌਮ AWAZE QAUM International Newspaper & WEB TV

# ਸਾਹਿਤਕ , ਸੰਗੀਤਕ ਅਤੇ ਸਨਮਾਨ ਸਮਾਰੋਹ ਯਾਦਗਾਰੀ ਹੋ ਨਿੱਬੜਿਆ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬੀ ਸਾਹਿਤ ਸਭਾ ( ਰਜਿ: ) ਧੂਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕੀਤਾ ਗਿਆ ।ਸੁਆਗਤੀ ਸ਼ਬਦਾਂ ਤੋਂ ਉਪਰੰਤ ਬੀਤੇ ਦਿਨਾਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਵੱਖੋ ਵੱਖ ਸਾਹਿਤਕਾਰਾਂ , ਕਲਾਕਾਰਾਂ ਅਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਸਾਂਝੇ ਤੌਰ 'ਤੇ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ ।ਇਸ ਤੋਂ ਬਾਅਦ ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ( ਰਜਿ: ) ਦੇ 13 ਸਤੰਬਰ ਨੂੰ ਹੋਏ ਜਨਰਲ ਇਜਲਾਸ ਅਤੇ 25 ਅਕਤੂਬਰ ਨੂੰ ਹੋਣ ਜਾ ਰਹੀ ਤਿੰਨ ਸਾਲਾ ਚੋਣ ਬਾਰੇ ਵਿਚਾਰ ਚਰਚਾ ਵੀ ਕੀਤੀ ਗਈ । ਦੂਜੇ ਦੌਰ ਵਿੱਚ ਸਭਾ ਦੇ ਬਾਨੀ ਮੈਂਬਰਾਂ ਵਿੱਚੋਂ ਇੱਕ , ਮੌਜੂਦਾ ਮੁਦੇ ਸਲਾਹਕਾਰ ਅਤੇ ਪੰਜਾਬੀ ਲੋਕ ਗੀਇਕੀ ਦੇ ਬਾਬਾ ਬੋਹੜ ਗੁਰਦਿਆਲ ਨਿਰਮਾਣ ਧੂਰੀ ਨੂੰ ਉਮਰ ਭਰ ਦੀਆਂ ਪ੍ਰਾਪਤੀਆਂ ਲਈ ਪਹਿਲੇ ਮਰਹੂਮ ਕ੍ਰਿਸ਼ਨ ਗੋਪਾਲ ਭੰਡਾਰੀ ਯਾਦਗਾਰੀ ਐਵਾਰਡ ਨਾਲ਼ ਸਨਮਾਨਿਤ ਕੀਤਾ ਗਿਆ ।ਇਹ ਸਨਮਾਨ ਸਭਾ ਅਤੇ ਸਥਾਨਕ ਵਿਉਪਾਰ ਮੰਡਲ ਤੇ ਕਰਿਆਨਾ ਮਰਚੈਂਟ ਐਸੋਸੀਏਸ਼ਨ ਦੇ ਸਕੱਤਰ ਸ਼੍ਰੀ ਅਸ਼ੋਕ ਭੰਡਾਰੀ ਵੱਲੋਂ ਆਪਣੇ ਪਿਤਾ ਜੀ ਦੀ ਯਾਦ ਵਿੱਚ ਆਪਣੇ ਪਰਿਵਾਰ ਅਤੇ ਦੋਵੇਂ ਜਥੇਬੰਦੀਆਂ ਦੇ ਸਹਿਯੋਗ ਨਾਲ਼ ਕੀਤਾ ਗਿਆ ।ਸਨਮਾਨਿਤ ਸਖ਼ਸ਼ੀਅਤ ਦੇ ਜੀਵਨ ਅਤੇ ਪ੍ਰਾਪਤੀਆਂ ਬਾਰੇ ਹੋਰਨਾਂ ਤੋਂ ਇਲਾਵਾ ਉਨ੍ਹਾਂ ਦੇ ਜੱਦੀ ਪਿੰਡ ਜੱਖਲਾਂ ਦੇ ਜੰਮਪਲ ਲੈਕਚਰਾਰ ਰਾਮ ਚੰਦ ਸ਼ਰਮਾ ਨੇ ਵਿਸਥਾਰ ਸਹਿਤ ਆਪਣੇ ਵਿਚਾਰ ਸਾਂਝੇ ਕੀਤੇ ਜਿਸ ਵਿੱਚ ਉਸ ਦੇ ਪ੍ਰਸਿੱਧ ਗਾਇਕ ਸਪੁੱਤਰ ਲਵਲੀ ਨਿਰਮਾਣ ਦਾ ਜ਼ਿਕਰ ਹੋਣਾ ਵੀ ਸੁਭਾਵਿਕ ਸੀ ।ਇਸ ਦੇ ਨਾਲ਼ ਹੀ ਹਰ ਵਾਰੀ ਦੀ ਤਰ੍ਹਾਂ ਸਤੰਬਰ ਮਹੀਨੇ ਵਿੱਚ ਜਨਮੇਂ ਮੈਂਬਰਾਂ ਮਨਜੀਤ ਕੌਰ ਸੰਧੂ , ਲੈਕਚਰਾਰ ਸੁਖਦੇਵ ਸ਼ਰਮਾ , ਹਰਬੰਸ ਸਿੰਘ ਬੇਨੜਾ ਅਤੇ ਰਾਮ ਚੰਦ ਸ਼ਰਮਾ ਦਾ ਮੂੰਹ ਮਿੱਠਾ ਕਰਵਾ ਕੇ ਸਭਾ ਅਤੇ ਬਲਜੀਤ ਸਿੰਘ ਬਾਂਸਲ ਵੱਲੋਂ ਵੀ ਕਿਰਤੀ ਭਾਈ ਲਾਲੋ ਜੀ ਦੇ ਯਾਦ ਚਿੰਨ ਭੇਂਟ ਕਰਕੇ ਸਨਮਾਨ ਵੀ ਕੀਤਾ ਗਿਆ । ਕਿਉਂਕਿ ਭਾਈ ਲਾਲੋ ਜੀ ਜਨਮ ਦਿਹਾੜਾ ਵੀ ਏਸੇ ਮਹੀਨੇ ਵਿੱਚ ਹੈ । ਤੀਜੇ ਦੌਰ ਵਿੱਚ ਜਨਰਲ ਸਕੱਤਰ ਚਰਨਜੀਤ ਸਿੰਘ ਮੀਮਸਾ ਦੇ ਸੁਚੱਜੇ ਮੰਚ ਸੰਚਾਲਨ ਅਧੀਨ ਕੀਤੇ ਗਏ ਵਿਸ਼ਾਲ ਕਵੀ ਦਰਬਾਰ ਵਿੱਚ ਮੈਨੇਜਰ ਜਗਦੇਵ ਸ਼ਰਮਾ , ਗੁਰਮੀਤ ਸਿੰਘ ਸੋਹੀ , ਮਨਪ੍ਰੀਤ ਕੌਰ ਢੀਂਡਸਾ , ਜਗਤਾਰ ਸਿੰਘ ਧੂਰੀ , ਅਕਾਸ਼ਪ੍ਰੀਤ ਸਿੰਘ ਬਾਜਵਾ , ਪੇਂਟਰ ਸੁਖਦੇਵ ਸਿੰਘ , ਲੈਕਚਰਾਰ ਅਸ਼ਵਨੀ ਕੁਮਾਰ , ਗੁਰਜੰਟ ਸਿੰਘ ਮੀਮਸਾ , ਅਸ਼ੋਕ ਭੰਡਾਰੀ , ਰਣਜੀਤ ਆਜ਼ਾਦ ਕਾਂਝਲਾ , ਬਲਜੀਤ ਬਾਂਸਲ , ਕਾ. ਸੁਖਦੇਵ ਸ਼ਰਮਾ , ਲੀਲਾ ਖਾਨ , ਮੀਤ ਸਕਰੌਦੀ , ਬਖ਼ਸੀਸ਼ ਸਿੱਧੂ ਅਲਾਲ਼ , ਸੁਖਵਿੰਦਰ ਸਿੰਘ ਸਿਆਣ , ਲਖਵਿੰਦਰ ਸਿੰਘ ਖੁਰਾਣਾ ਅਤੇ ਕੁਲਜੀਤ ਧਵਨ ਨੇ ਆਪੋ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਨਾਲ਼ ਖ਼ੂਬ ਰੰਗ ਬੰਨ੍ਹਿਆਂ ।ਅੰਤ ਵਿੱਚ ਗੁਰਦਿਆਲ ਨਿਰਮਾਣ ਧੂਰੀ ਵੱਲੋਂ ਹਾਜ਼ਰੀਨ ਤੋਂ ਇਲਾਵਾ ਸਮੁੱਚੇ ਭੰਡਾਰੀ ਪਰਿਵਾਰ ਦਾ ਧੰਨਵਾਦ ਕਰਦਿਆਂ ਆਪਣੇ ਨਵੇਂ ਪੁਰਾਣੇ ਗੀਤਾਂ ਦੇ ਜੌਹਰ ਵੀ ਵਿਖਾਏ ।ਇੱਥੇ ਇਹ ਵੀ ਜ਼ਿਕਰ ਯੋਗ ਹੈ ਉਨ੍ਹਾਂ ਨੇ 91 ਸਾਲ ਦੀ ਉਮਰ ਵਿੱਚ ਵੀ ਆਪਣੀ ਗਾਇਕੀ ਓਸੇ ਤਰ੍ਹਾਂ ਜਾਰੀ ਰੱਖੀ ਹੋਈ ਹੈ।

### ਬੈਲਜੀਅਮ 'ਚ ਸਿੱਖ ਸ਼ਹੀਦਾਂ ਨੂੰ ਸ਼ਰਧਾਂਜਲੀ, ਪੰਜ ਪਿਆਰਿਆਂ ਦੀ ਅਗਵਾਈ 'ਚ

# ਗੂੰਜੇ ਜੈਕਾਰਿਆਂ ਨਾਲ ਯਾਦ ਕੀਤਾ ਗਿਆ ਬਹਾਦਰ ਸਿੱਖ ਸਿਪਾਹੀਆਂ ਦਾ ਇਤਿਹਾਸ







ਨਵੀਂ ਦਿੱਲੀ, 21 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਬੈਲਜੀਅਮ ਦੇ ਸਿੰਤ-ਟਰੂਡਿਨ ਵਿਖੇ ਪਹਿਲੀ ਅਤੇ ਦੂਜੀ ਵਿਸ਼ਵ ਜੰਗ ਸਮੇਤ ਵੱਖ-ਵੱਖ ਵਿਸ਼ਵ ਜੰਗਾਂ ਦੌਰਾਨ ਸ਼ਹੀਦ ਹੋਏ ਸਿੱਖ ਸਿਪਾਹੀਆਂ ਦੀ ਯਾਦ ਵਿੱਚ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਸ਼ਹਿਰ ਸਥਿਤ ਸਿੱਖ ਸ਼ਹੀਦ ਯਾਦਗਾਰ 'ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਿੱਖ ਸੰਗਤ ਵੱਲੋਂ ਜੈਕਾਰਿਆਂ ਨਾਲ ਸ਼ਹੀਦ ਸਿਪਾਹੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸਥਾਨਕ ਬੈਲਜੀਅਨ ਨਾਗਰਿਕਾਂ ਵੱਲੋਂ ਬੈਂਡ ਦੀਆਂ ਧੁਨਾਂ ਨਾਲ ਬੈਲਜੀਅਮ ਦਾ ਰਾਸ਼ਟਰੀ ਗੀਤ ਗਾ ਕੇ ਵੀ ਸ਼ਹੀਦਾਂ ਨੂੰ ਸਨਮਾਨ ਦਿੱਤਾ ਗਿਆ। ਸਮਾਗਮ ਵਿੱਚ ਸਿੰਤ-ਟਰੂਡਿਨ ਦੇ ਮੇਅਰ ਲੁਡਵਿਗ ਵੈਂਡਨਹੋਵ ਅਤੇ ਸ਼ਹਿਰ ਦੇ ਹੋਰ ਪਤਵੰਤੇ ਸੱਜਣ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪੰਜ ਪਿਆਰਿਆਂ ਦੀ ਅਗਵਾਈ ਹੇਠ ਸੰਗਤ ਗੁਰਦੁਆਰਾ ਸੰਗਤ ਸਾਹਿਬ ਵਿਖੇ ਪਹੁੰਚੀ, ਜਿੱਥੇ ਦੂਜੀ ਵਿਸ਼ਵ ਜੰਗ ਦੌਰਾਨ ਸ਼ਹੀਦ ਹੋਏ ਸਿੱਖ ਸਿਪਾਹੀਆਂ ਦੀਆਂ ਤਸਵੀਰਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਲਗਾਈ ਗਈ। ਇਸ ਪ੍ਰਦਰਸ਼ਨੀ ਰਾਹੀਂ ਸਿੱਖ ਸਿਪਾਹੀਆਂ ਦੀ ਬਹਾਦਰੀ, ਕੁਰਬਾਨੀ ਅਤੇ ਵਿਸ਼ਵ ਜੰਗਾਂ ਦੌਰਾਨ ਨਿਭਾਈ ਭੂਮਿਕਾ ਨੂੰ ਯਾਦ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਮੇਅਰ ਸਮੇਤ ਪਤਵੰਤੇ ਸੱਜਣਾਂ ਅਤੇ ਪੰਜ ਪਿਆਰਿਆਂ ਨੂੰ ਸਨਮਾਨਿਤ ਕੀਤਾ ਗਿਆ। ਯੂਰਪੀਅਨ ਸਿੱਖ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਭਾਈ ਬਿੰਦਰ ਸਿੰਘ ਨੇ ਕਿਹਾ ਕਿ ਸਿੱਖ ਸਿਪਾਹੀਆਂ ਦੀਆਂ ਕੁਰਬਾਨੀਆਂ ਸਿਰਫ਼ ਸਿੱਖ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਯੂਰਪ ਦੀ ਜੰਗੀ ਇਤਿਹਾਸਕ ਵਿਰਾਸਤ ਦਾ ਵੀ ਅਹਿਮ ਅਧਿਆਇ ਹਨ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਇਨ੍ਹਾਂ ਸ਼ਹੀਦਾਂ ਦੇ ਇਤਿਹਾਸ ਅਤੇ ਕੁਰਬਾਨੀਆਂ ਨਾਲ ਜੋੜਨਾ ਜ਼ਰੂਰੀ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਵੀ ਜਾਣ ਸਕਣ ਕਿ ਸਿੱਖ ਸਿਪਾਹੀਆਂ ਨੇ ਵਿਸ਼ਵ ਜੰਗਾਂ ਦੌਰਾਨ ਕਿੰਨੀ ਬਹਾਦਰੀ ਨਾਲ ਆਪਣਾ ਫਰਜ਼ ਨਿਭਾਇਆ। ਜ਼ਿਕਰਯੋਗ ਹੈ ਕਿ ਬੈਲਜੀਅਮ ਦੀ ਧਰਤੀ ਨਾਲ ਸਿੱਖ ਸਿਪਾਹੀਆਂ ਦੀ ਕੁਰਬਾਨੀ ਦਾ ਡੂੰਘਾ ਇਤਿਹਾਸਕ ਨਾਤਾ ਹੈ। ਪਹਿਲੀ ਵਿਸ਼ਵ ਜੰਗ ਦੌਰਾਨ ਭਾਰਤੀ ਫੌਜ ਦੀਆਂ ਸਿੱਖ ਰੈਜੀਮੈਂਟਾਂ ਨੇ ਬੈਲਜੀਅਮ ਸਮੇਤ ਯੂਰਪ ਦੇ ਵੱਖ-ਵੱਖ ਮੋਰਚਿਆਂ 'ਤੇ ਲੜਦਿਆਂ ਵੱਡੀਆਂ ਕੁਰਬਾਨੀਆਂ ਦਿੱਤੀਆਂ। ਸਿੰਤ-ਟਰੂਡਿਨ ਵਿੱਚ ਹਰ ਸਾਲ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਕੀਤੇ ਜਾਂਦੇ ਇਹ ਉਪਰਾਲੇ ਉਸ ਇਤਿਹਾਸ ਨੂੰ ਸਾਂਭਣ ਅਤੇ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦਾ ਸਾਧਨ ਬਣ ਰਹੇ ਹਨ। ਇਸ ਮੌਕੇ ਗੁਰਦੁਆਰਾ ਸੰਗਤ ਸਾਹਿਬ ਦੇ ਪ੍ਰਧਾਨ ਭਾਈ ਸੁਰਜੀਤ ਸਿੰਘ, ਯੂਰਪੀਅਨ ਸਿੱਖ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਭਾਈ ਬਿੰਦਰ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਮੋਹਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ, ਭਾਈ ਸੁਖਵਿੰਦਰ ਸਿੰਘ ਮੁਲਤਾਨੀ, ਭਾਈ ਚਰਨਜੀਤ ਸਿੰਘ ਮੁਲਤਾਨੀ ਅਤੇ ਭਾਈ ਸੁਰਿੰਦਰ ਸਿੰਘ ਮਿਆਣੀ ਸਮੇਤ ਹੋਰ ਸੰਗਤਾਂ ਅਤੇ ਕਮੇਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੈਟ੍ਰਿਕ ਵੁਰਜਿਟਰ, ਜੋ ਸਿੰਤ-ਟਰੂਡਿਨ ਸ਼ਹਿਰ ਦੀਆਂ ਦੇਸ਼ਭਗਤ ਜਥੇਬੰਦੀਆਂ ਦੇ ਪ੍ਰਧਾਨ ਹਨ, ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

### ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿੱਚ

# ਧੂਮਧਾਮ ਨਾਲ ਮਨਾਇਆ ਗਿਆ ਹਿੰਦੀ ਹ਼ਫ਼ਤਾ




ਤਲਵੰਡੀ ਸਾਬੋ, 21 ਸਤੰਬਰ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਵਿਖੇ ਹਿੰਦੀ ਹਫ਼ਤਾ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੌਰਾਨ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ 'ਚੰਗੀ ਸਿੱਖਿਆ', 'ਮੋਰ-ਤਿਤਲੀ', 'ਪਿਆਸਾ ਕਾਂ' ਅਤੇ 'ਲਾਲਚੀ ਕੁੱਤਾ' ਵਰਗੀਆਂ ਬਾਲ ਕਵਿਤਾਵਾਂ ਅਤੇ ਸਿੱਖਿਆਦਾਇਕ ਕਹਾਣੀਆਂ ਦਾ ਸਸਵਰ ਵਾਚਨ ਕਰਕੇ ਖੂਬ ਤਾੜੀਆਂ ਬਟੋਰੀਆਂ। ਬੱਚਿਆਂ ਦੀਆਂ ਪੇਸ਼ਕਾਰੀਆਂ ਨੇ ਸਾਰਿਆਂ ਦਾ ਮਨ ਮੋਹ ਲਿਆ। ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਬੱਚਿਆਂ ਨੂੰ ਪੈਨਸਿਲਾਂ ਵੰਡੀਆਂ ਗਈਆਂ ਅਤੇ ਉਨ੍ਹਾਂ ਨੂੰ ਸੁੰਦਰ ਹਿੰਦੀ ਲਿਖਾਈ ਲਈ ਉਤਸ਼ਾਹਿਤ ਕੀਤਾ ਗਿਆ। ਹੱਥ ਵਿੱਚ ਨਵੀਂ ਪੈਨਸਿਲ ਮਿਲਣ ਨਾਲ ਬੱਚਿਆਂ ਦੇ ਚਿਹਰੇ ਖੁਸ਼ੀ ਨਾਲ ਖਿੜ ਉੱਠੇ। ਹਿੰਦੀ ਹਫ਼ਤੇ ਦੇ ਮੌਕੇ 'ਤੇ ਸਕੂਲ ਦੇ ਵਿਹੜੇ ਨੂੰ ਹਿੰਦੀ ਹਫ਼ਤੇ ਨਾਲ ਸਬੰਧਤ ਬੈਨਰਾਂ, ਗੇਂਦੇ ਦੇ ਫੁੱਲਾਂ ਦੀਆਂ ਮਾਲਾਵਾਂ, ਤਿਰੰਗੇ ਰੰਗਾਂ ਦੇ ਗੁਬਾਰਿਆਂ ਅਤੇ 'ਅ' ਤੋਂ 'ਗਿਆ' ਤੱਕ ਦੀ ਵਰਣਮਾਲਾ ਦੀਆਂ ਝਾਲਰਾਂ ਨਾਲ ਖੂਬਸੂਰਤੀ ਨਾਲ ਸਜਾਇਆ ਗਿਆ। ਇਸ ਮੌਕੇ 'ਤੇ ਸਕੂਲ ਦੀ ਪ੍ਰਧਾਨ ਅਧਿਆਪਕਾ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਿੰਦੀ ਸਾਡੀ ਪਛਾਣ ਅਤੇ ਰਾਜ ਭਾਸ਼ਾ ਹੈ। ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਵਿੱਚ ਹਿੰਦੀ ਭਾਸ਼ਾ ਪ੍ਰਤੀ ਰੁਚੀ ਅਤੇ ਮਾਣ ਦੀ ਭਾਵਨਾ ਪੈਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਆਪਣੀ ਭਾਸ਼ਾ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਹਿੰਦੀ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਲੋੜਵੰਦ ਬੇਟੀ ਦਾ ਆਨੰਦ ਕਾਰਜ ਕਰਵਾਇਆ ਗਿਆ

## ਦਾਨੀ ਸੱਜਣਾ ਤੋਂ ਉਪਰ ਮਾਂ ਬਾਪ ਵੱਲੋਂ ਬੇਟੀ ਦਾ ਆਨੰਦ ਕਾਰਜ ਕਰਕੇ ਕੀਤਾ ਜਾਂਦਾ ਮਹਾਂਦਾਨ ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 21 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੀ ਧਰਤੀ ਤੇ ਆਏ ਦਿਨ ਸਮਾਜ ਸੇਵਕ ਜਥੇਬੰਦੀਆ ਵੱਲੋਂ ਸੇਵਾ ਭਾਵਨਾ ਦੇ ਨਾਲ ਅਲੱਗ ਅਲੱਗ ਤਰੀਕਿਆਂ ਨਾਲ ਲੋੜਵੰਦਾਂ ਦੀ ਮੱਦਦ ਕਰਕੇ ਪ੍ਰਮਾਤਮਾ ਦੀ ਖੁਸ਼ੀ ਦੇ ਪਾਤਰ ਬਣ ਕਿ ਆਪਣੇ ਜੀਵਨ ਨੂੰ ਸਫਲ ਬਣਾਉਂਦੇ ਹਨ ਜਿਸ ਦੇ ਚੱਲਦਿਆਂ ਬੀਤੇ ਦਿਨ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਦੇਸ ਵਿਦੇਸ ਵਿੱਚ ਵੱਸਦੀਆਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਲੋੜਵੰਦ ਪ੍ਰੀਵਾਰ ਦੀ ਬੇਟੀ ਦਾ ਆਨੰਦ ਕਾਰਜ ਕਰਵਾਇਆ ਗਿਆ ਬੇਟੀ ਨੂੰ ਵਿਆਹਣ ਆਈ ਬਰਾਤ ਨੂੰ ਵੱਖ ਵੱਖ ਤਰ੍ਹਾਂ ਦੀ ਮਠਿਆਈ ਅਤੇ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਪਹਿਲੀ ਗੱਲ ਦੁਨੀਆਂ ਵਿੱਚ ਜਦੋਂ ਵੀ ਕੋਈ ਵਸਤੂ ਪੈਸਾ ਗੁਰਦੁਆਰਾ ਸਾਹਿਬ ਵਿੱਚ ਜਾਂ ਕਿਸੇ ਲੋੜਵੰਦ ਨੂੰ ਮਨੁੱਖ ਭੇਟਾ ਦਿੰਦਾ ਹੈ ਤਾਂ ਸਹਿਜੇ ਕਹਿ ਦਿੰਦੇ ਹਨ ਕਿ ਇਹ ਬਹੁਤ ਵੱਡਾ ਦਾਨੀ ਹੈ ਕਿਉ ਇਹ ਬਹੁਤ ਦਾਨ ਦਿੰਦਾ ਹੈ ਅਸਲ ਵਿੱਚ ਬੱਚਿਆਂ ਨੂੰ ਪਾਲਣ ਵਾਲੇ ਮਾਂ ਬਾਪ ਆਪਣੀ ਜਿੰਜਗੀ ਦੀ ਕਮਾਈ ਪੂੰਜੀ ਨੂੰ ਆਪਣੇ ਬੱਚਿਆਂ ਤੋਂ ਕੁਰਬਾਨ ਕਰ ਦਿੰਦੇ ਹਨ ਅਤੇ ਬੱਚੇ ਵੱਡੇ ਹੋਣ ਤੇ ਚਾਵਾਂ ਨਾਲ ਪਾਲੀ ਹੋਈ ਆਪਣੀ ਬੇਟੀ ਦਾ ਵਿਆਹ ਆਨੰਦ ਕਾਰਜ ਕਰਦੇ ਹਨ ਜੋ ਦੁਨੀਆਂ ਵਿੱਚ ਸਭ ਤੋਂ ਵੱਡਾ ਦਾਨ ਮਹਾਂਦਾਨ ਮੰਨਿਆ ਗਿਆ ਹੈ ਜਿਸ ਦੀ ਪੂਰਤੀ ਨਹੀਂ ਕੀਤੀ ਜਾ ਸਕਦੀ ! ਇਸ ਮੌਕੇ ਅਮਰੀਕ ਸਿੰਘ ਬਿੱਟਾ, ਡਾਕਟਰ ਦਲਬੀਰ ਸਿੰਘ ਵੇਰਕਾ,ਬਿਕਰਮਜੀਤ ਸਿੰਘ ਕੋਟਲਾ ,ਅੰਮ੍ਰਿਤਪਾਲ ਸਿੰਘ ਜੱਬੋਵਾਲ, ਗੁਰਪ੍ਰੀਤ ਸਿੰਘ ਹੈਡ ਗ੍ਰੰਥੀ, ਹਰਪ੍ਰੀਤ ਸਿੰਘ ,ਇਕਬਾਲ ਸਿੰਘ ਗ੍ਰੰਥੀ, ਹਰਪ੍ਰੀਤ ਸਿੰਘ ਸੇਵਾਦਾਰ, ਅਮਨਦੀਪ ਸਿੰਘ ਡੱਡੂਆਣਾ ਭਾਈ ਬਚਿੱਤਰ ਸਿੰਘ ਤਰਸਿੱਕਾ, ਭਾਈ ਜਰਮਨਜੀਤ ਸਿੰਘ ਤਰਸਿੱਕਾ, ਭਾਈ ਸੁਖਜਿੰਦਰ ਸਿੰਘ ਨਿਜਾਮਪੁਰ , ਭਾਈ ਹਰਕਮਲਪ੍ਰੀਤ ਸਿੰਘ, ਜਸਪਾਲ ਸਿੰਘ ਨਵਾਂ ਪਿੰਡ, ਭਾਈ ਜਸਪਾਲ ਸਿੰਘ, ਰਾਣਾ ਬੰਡਾਲਾ ਕਿਸਾਨ ਯੂਨੀਅਨ, ਮਾਸਟਰ ਕੁਲਵੰਤ ਸਿੰਘ, ਗੁਰਦੇਵ ਸਿੰਘ, ਸਿਮਰਨਜੀਤ ਸਿੰਘ ਜੰਡਿਆਲਾ ਗੁਰੂ , ਸਕੱਤਰ ਸਿੰਘ, ਕੇਵਲ ਸਿੰਘ ਮਹਿਤਾ, ਭਾਈ ਗੁਰਦਿਆਲ ਸਿੰਘ ਟਾਂਗਰਾ, ਬਿਕਰਮਜੀਤ ਸਿੰਘ ਗਹਿਰੀ, ਬਿਕਰਮਜੀਤ ਸਿੰਘ ਨਰੈਣਗੜ੍ਹ, ਕੰਵਲਪ੍ਰੀਤ ਸਿੰਘ ਰਵੀ,ਮੰਗਲ ਸਿੰਘ, ਮਨਿੰਦਰ ਸਿੰਘ ਹਨੀ ,ਜਸਪਾਲ ਸਿੰਘ, ਬਾਪੂ ਜਸਬੀਰ ਸਿੰਘ, ਬਾਬਾ ਮਨੋਜ ਸਿੰਘ, ਲੱਕੀ ਸਿੰਘ, ਗੁਰਪ੍ਰੀਤ ਸਿੰਘ ਢਪੱਈਆ ,ਸੁਖਦੇਵ ਸਿੰਘ, ਭਾਈ ਮਨਿੰਦਰ ਸਿੰਘ ਖਾਲਸਾ ਬੰਡਾਲਾ ਬਲਾਕ ਪ੍ਰਧਾਨ, ਭਾਈ ਜਤਿੰਦਰ ਸਿੰਘ ਕਾਰਜਕਾਰੀ ਸਕੱਤਰ ,ਸ੍ਰ ਸਰਦੂਲ ਸਿੰਘ ਸਰਜਾ ਆਦਿ ਹਾਜ਼ਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

## ਸੇਂਟ ਸੋਲਜਰ ਸਕੂਲ ਵਿੱਚ ਆਯੁਰਵੇਦਿਕ ਦਿਵਸ ਬੜੇ ਉਤਸਾਹ ਅਤੇ ਜਾਗਰੂਕਤਾ ਨਾਲ ਮਨਾਇਆ ਗਿਆ

### ਮਨੁੱਖ ਨੂੰ ਸਿਹਤਮੰਦ ਰਹਿਣ ਲਈ ਕੁਦਰਤੀ ਔਸ਼ਧੀ ਬੂਟਿਆਂ ਨੂੰ ਸ਼ਾਮਿਲ ਕਰਨਾ ਜਰੂਰੀ ਡਾ: ਮੰਗਲ ਸਿੰਘ ਕਿਸ਼ਨਪੁਰੀ



ਜੰਡਿਆਲਾ ਗੁਰੂ 21 ਸਤੰਬਰ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਆਯੁਰਵੇਦਿਕ ਦਿਵਸ ਬੜੇ ਉਤਸਾਹ ਤੇ ਜਾਗਰੂਕਤਾ ਨਾਲ ਮਨਾਇਆ ਗਿਆ ।। ਜਿਸ ਵਿੱਚ ਵਿਦਿਆਰਥੀਆਂ ਨੂੰ ਆਯੁਰਵੇਦ ਦੀ ਮਹੱਤਤਾ ਅਤੇ ਆਯੁਰਵੇਦ ਰਾਹੀਂ ਇੱਕ ਸਿਹਤ ਮੰਦ ਅਤੇ ਸੰਤੁਲਿਤ ਜੀਵਨ ਸ਼ੈਲੀ ਨੂੰ ਅਪਣਾਉਣ ਲਈ ਉਤਸਾਹਿਤ ਕੀਤਾ ਗਿਆ ।ਵਿਦਿਆਰਥੀਆਂ ਨੂੰ ਆਯੁਰਵੇਦ ਦੀ ਅਮੀਰ ਵਿਰਾਸਤ ਅਤੇ ਆਯੁਰਵੇਦ ਤੋਂ ਹੋਣ ਵਾਲੇ ਲਾਭ ਤੋਂ ਜਾਣੂ ਕਰਾਉਣ ਲਈ ਸੰਬੰਧਿਤ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਉਪਰੰਤ ਅਸੈਂਬਲੀ ਦੌਰਾਨ ਵਿਦਿਆਰਥੀਆਂ ਨੇ ਵਿਸ਼ੇਸ਼ ਆਯੁਰਵੇਦ ਪ੍ਰਣ ਲਿਆ ਜਿਸ ਵਿੱਚ ਵਿਦਿਆਰਥੀਆਂ ਨੂੰ ਆਯੁਰਵੇਦ ਤੋਂ ਪ੍ਰੇਰਿਤ ਸਿਹਤ ਮੰਦ ਅਭਿਆਸਾ ਨੂੰ ਸਮਝਣ, ਸਤਿਕਾਰ ਕਰਨ ਅਤੇ ਸ਼ਾਮਿਲ ਕਰਨ ਲਈ ਉਤਸਾਹਿਤ ਕੀਤਾ ਗਿਆ। ਉਪਰੰਤ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਨੂੰ ਹਰਬਲ ਗਾਰਡਨ ਦਾ ਦੌਰਾ ਕਰਵਾਇਆ। ਜਿੱਥੇ ਵਿਦਿਆਰਥੀਆਂ ਨੇ ਵੱਖ ਵੱਖ ਔਸ਼ਧੀ ਪੌਦਿਆਂ ਅਤੇ ਉਨਾਂ ਦੇ ਉਪਯੋਗਾਂ ਬਾਰੇ ਜਾਣਕਾਰੀ ਹਾਸਿਲ ਕੀਤੀ। ਸਾਡੇ ਰੋਜ਼ਾਨਾ ਜੀਵਨ ਵਿੱਚ ਆਯੁਰਵੈਦਿਕ ਮਹੱਤਤਾ ਬਾਰੇ ਜਾਣਕਾਰੀ ਅਤੇ ਜਾਗਰੂਕਤਾ ਫੈਲਾਉਣ ਲਈ ਇੱਕ ਜਾਣਕਾਰੀ ਭਰਪੂਰ ਸੈਮੀਨਾਰ ਵੀ ਕਰਵਾਇਆ ਗਿਆ। ਜਿਸ ਵਿੱਚ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ .ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਆਯੁਰਵੇਦ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਅਤੇ ਆਪਣੇ ਆਪਣੇ ਘਰਾਂ ਵਿੱਚ ਔਸ਼ਧੀ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ। ਅਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਸਿਹਤਮੰਦ ਅਤੇ ਕੁਦਰਤੀ ਔਸ਼ਧੀ ਬੂਟਿਆਂ ਨੂੰ ਸ਼ਾਮਿਲ ਕਰਨ ਲਈ ਉਤਸਾਹਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

### ਜਿੰਨਾ ਸੰਸਥਾਵਾਂ ਦੀਆਂ ਨੀਂਹਾਂ ਵਿੱਚ ਸਾਡੇ ਪੁਰਖਿਆਂ ਦੇ ਸਿਰ ਲੱਗੇ ਹਨ

# ਉਹਨਾਂ ਸੰਸਥਾਵਾਂ ਨੂੰ ਰੋਲਿਆ ਜਾ ਰਿਹਾ ਹੈ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਜਿੰਨਾ ਸੰਸਥਾਵਾਂ ਨੂੰ ਖੜ੍ਹੀਆਂ ਕਰਨ ਵਿੱਚ ਸਾਡੇ ਪੁਰਖਿਆਂ ਨੇ ਕੁਰਬਾਨੀਆਂ ਕੀਤੀਆਂ, ਜਿੰਨਾ ਦੀ ਉਸਾਰੀ ਲਈ ਆਪਣਾ ਖ਼ੂਨ ਡੋਲਿਆ, ਅੱਜ ਉਨ੍ਹਾਂ ਸੰਸਥਾਵਾਂ ਨੂੰ ਮਸੰਦਾਂ ਵੱਲੋਂ ਬੁਰੀ ਤਰਾਂ ਰੋਲਿਆ ਜਾ ਰਿਹਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਉਪਰੰਤ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਦੋਸ਼ ਲਾਇਆ ਕਿ ਦੋ ਦਸੰਬਰ ਦੇ ਹੁਕਮਨਾਮਿਆ ਦਾ ਬਦਲਾ ਲੈਣ ਲਈ ਇਹ ਲੋਕ ਇਸ ਹੱਦ ਤੱਕ ਗਿਰ ਚੁੱਕੇ ਹਨ ਕਿ ਵਿਦੇਸ਼ ਤੋਂ ਇਕ ਬੀਬੀ ਨੂੰ ਲਿਆ ਕੇ ਮੇਰੇ ਖਿਲਾਫ ਵਰਤਣ ਲਈ ਸ਼੍ਰੋਮਣੀ ਕਮੇਟੀ ਵਿੱਚ ਸਹੂਲਤਾਂ ਅਤੇ ਰਿਹਾਇਸ਼ ਦਿੱਤੀ ਗਈ। ਉਹਨਾਂ ਕਿਹਾ ਕਿ ਮੈਨੂੰ ਪਤਾ ਲੱਗਿਆ ਹੈ ਕਿ ਮੇਰੀ ਕਿਰਦਾਰਕੁਸ਼ੀ ਕਰਨ ਲਈ ਇਸ ਬੀਬੀ ਨੂੰ ਵਿਦੇਸ਼ ਤੋਂ ਇਕ ਯੂਥ ਆਗੂ ਦੁਆਰਾ ਮੰਗਵਾਇਆ ਗਿਆ ਸੀ। ਪਰ ਇਹ ਬੰਬ ਉਹਨਾਂ ਦੇ ਆਪਣੇ ਹੀ ਹੱਥਾਂ ਵਿੱਚ ਫਟ ਗਿਆ ਕਿਉਂਕਿ ਸਾਡੇ ਅਸੀਸ ਤੇ ਗੁਰੂ ਦੀ ਬਖਸ਼ਿਸ਼ ਸੀ ਜਿਸ ਨੇ ਆਪ ਰੱਖਿਆ ਕੀਤੀ। ਉਹਨਾਂ ਨੇ ਦੋਸ਼ ਲਗਾਇਆ ਕਿ ਹੁਣ ਇਕ ਬੰਦੇ ਉੱਤੇ ਸਾਰਾ ਇਲਜ਼ਾਮ ਲਗਾ ਕੇ ਪੂਰੀ ਸਾਜਿਸ਼ ਨੂੰ ਛੁਪਾਇਆ ਜਾ ਰਿਹਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਸਵਾਲ ਕੀਤਾ ਕਿ ਇਕ ਔਰਤ ਛੇ ਮਹੀਨੇ ਤੱਕ ਗੁਰੂ ਘਰ ਦੀ ਸਰਾਂ ਵਿੱਚ ਸਾਰੀਆਂ ਸਹੂਲਤਾਂ ਮਾਣ ਰਹੀ ਸੀ, ਕੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਇਸ ਦੀ ਜਾਣਕਾਰੀ ਨਹੀਂ ਹੋਵੇਗੀ? ਜੇ ਜਾਣਕਾਰੀ ਹੀ ਨਹੀਂ ਸੀ ਤਾਂ ਉਹ ਪ੍ਰਧਾਨਗੀ ਕਰਨ ਦੇ ਕਾਬਲ ਹੀ ਨਹੀਂ। ਉਸ ਨੂੰ ਤੁਰੰਤ ਅਸਤੀਫਾ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਾਹਿਬ ਵੱਲੋਂ ਵੀ ਇਸ ਘਟਨਾ ਤੋਂ ਅਣਜਾਣਤਾ ਪ੍ਰਗਟਾਉਣਾ ਵੀ ਹੈਰਾਨੀਜਨਕ ਹੈ ਜਦ ਕਿ ਮੌਜੂਦਾ ਜਥੇਦਾਰ ਨੂੰ ਸਭ ਪਤਾ ਹੋਣਾ ਚਾਹੀਦਾ ਹੈ ਕਿ ਤਖ਼ਤ ਸਾਹਿਬ ਦੇ ਪ੍ਰਬੰਧ ਵਿੱਚ ਕੀ ਹੋ ਰਿਹਾ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਸ ਚਾਵਲਾ ਖਿਲਾਫ ਹੋਏ ਫੈਸਲੇ ਬਾਰੇ ਕਿਹਾ ਕਿ ਉਹ ਕੋਈ ਟਿੱਪਣੀ ਨਹੀਂ ਕਰਨਾ ਚਾਹੁੰਦੇ। ਪਰ ਫੈਸਲਾ ਕਾਹਲੀ ਵਿੱਚ ਲਿਆ ਗਿਆ ਹੈ ਜਦਕਿ ਮਰਿਆਦਾ ਅਨੁਸਾਰ ਦੋਸ਼ੀਆਂ ਤੋਂ ਪਹਿਲਾਂ ਜਵਾਬ ਲੈਣਾ ਚਾਹੀਦਾ ਸੀ। ਉਹਨਾਂ ਕਿਹਾ ਕਿ ਵਿਦੇਸ਼ ਵਿਚ ਬੈਠਾ ਅਮਰਜੀਤ ਸਿੰਘ ਚਾਵਲਾ ਬਿਆਨ ਦੇ ਰਿਹਾ ਹੈ ਕਿ ਮੈਨੂੰ ਬਲੀ ਦਾ ਬਕਰਾ ਬਣਾਇਆ ਗਿਆ ਕਿਉਂਕਿ ਸਾਰੇ ਆਗੂ ਜਾਣਦੇ ਸਨ ਕਿ ਉਸ ਬੀਬੀ ਨੂੰ ਬਹਿਰੀਨ ਤੋਂ ਕਿਉਂ ਲਿਆਂਦਾ ਗਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਸਰਕਾਰ 'ਤੇ ਵੀ ਸਵਾਲ ਚੁੱਕੇ ਕਿ ਐਫ ਆਈ ਆਰ ਦਰਜ ਹੋਣ ਦੇ ਬਾਵਜੂਦ ਦੋਸ਼ੀ ਨੂੰ ਏਨੀ ਛੂਟ ਕਿਉਂ ਦਿੱਤੀ ਗਈ ਕਿ ਉਹ ਵਿਦੇਸ਼ ਭੱਜਣ ਵਿੱਚ ਸਫਲ ਹੋ ਗਿਆ। ਜੇ ਸਰਕਾਰ ਨੂੰ ਇਹ ਪਤਾ ਹੈ ਕਿ ਕਿਹੜੇ ਆਗੂਆ ਨੇ ਬੀਬੀ ਨੂੰ ਕਿਸੇ ਮਕਸਦ ਲਈ ਬੁਲਾਇਆ ਸੀ ਤਾਂ ਪ੍ਰੈੱਸ ਕਾਨਫਰੰਸ ਕਰਕੇ ਇਲਜ਼ਾਮ-ਦਰਾਜੀ ਕਰਨ ਦੀ ਬਜਾਏ ਇਸਦੀ ਨਿਰਪੱਖ ਜਾਂਚ ਕਰਵਾ ਕੇ ਸੱਚਾਈ ਸਾਹਮਣੇ ਕਿਉਂ ਨਹੀਂ ਲਿਆਉਂਦੀ? ਅਸੀਂ ਸਰਕਾਰ ਤੋ ਮੰਗ ਕਰਦੇ ਹਾਂ ਕਿ ਰਿਟਾਇਰਡ ਜੱਜ ਦੀ ਅਗਵਾਈ ਵਿਚ ਸਿਟ ਬਣਾ ਕੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ। ਕਿਉਂਕਿ ਸ਼੍ਰੋਮਣੀ ਕਮੇਟੀ ਤੋਂ ਤਾਂ ਅਸੀਂ ਹੁਣ ਇਹ ਆਸ ਵੀ ਨਹੀ ਰੱਖਦੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਘਿਣਾਉਣੀ ਹਰਕਤ ਲਈ ਜ਼ਿੰਮੇਵਾਰ ਵਿਅਕਤੀਆਂ ਦੇ ਅਸਤੀਫੇ ਲਈ 11 ਦਿਨ ਲਗਾਤਾਰ ਜੱਥਿਆ ਦੇ ਰੂਪ ਚ ਸਾਡੇ ਜਿਲ੍ਹਾ ਜਥੇ ਜਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਾਹਿਬ ਨੂੰ ਮੰਗ ਪੱਤਰ ਦੇਣਗੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜਾਕੇ ਅਰਦਾਸ ਕਰਿਆ ਕਰਨਗੇ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕਤਰ ਜਨਰਲ ਗੁਰਪ੍ਰਤਾਪ ਸਿੰਘ ਵਡਾਲਾ ਪ੍ਰੋਫ ਪ੍ਰੇਮ ਸਿੰਘ ਚੰਦੂਮਾਜਰਾ ਸੀਨੀਅਰ ਮੀਤ ਪ੍ਰਧਾਨ ਸ ਪਰਮਿੰਦਰ ਸਿੰਘ ਢੀਂਡਸਾ, ਸ ਸੁੱਚਾ ਸਿੰਘ ਛੋਟੇਪੁਰ, ਸ ਸਰਵਣ ਸਿੰਘ ਫਿਲੌਰ, ਭਾਈ ਮਨਜੀਤ ਸਿੰਘ, ਸ ਗੋਬਿੰਦ ਸਿੰਘ ਲੌਂਗੋਵਾਲ, ਸ ਗਗਨਜੀਤ ਸਿੰਘ ਬਰਨਾਲਾ, ਜਸਟਿਸ ਨਿਰਮਲ ਸਿੰਘ, ਸ ਦਵਿੰਦਰ ਸਿੰਘ ਸੋਢੀ, ਸ ਕਰਨੈਲ ਸਿੰਘ ਪੀਰਮੁਹੰਮਦ, ਯੂਥ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ, ਬਾਬਾ ਹਰਦੀਪ ਸਿੰਘ, ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਭਗਵੰਤ ਸਿੰਘ ਫਤਿਹਜਲਾਲ ਰਣਬੀਰ ਸਿੰਘ ਪੂਨੀਆ ਗੁਰਵਿੰਦਰ ਸਿੰਘ ਡੂਮਛੇੜੀ ਬਲਤੇਜ ਸਿੰਘ ਮਹਿਦੂਦਾਂ ਵੀ ਹਾਜਰ ਸਨ।

> ☛ 11 ਦਿਨ ਜੱਥੇ ਦੇ ਰੂਪ ਚ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕੀਤੀ ਜਾਵੇਗੀ ਅਰਦਾਸ
> ☛ ਰਿਟਾਇਰਡ ਜੱਜ ਦੀ ਅਗਵਾਈ ਹੇਠ ਸਿੱਟ ਬਣਾਕੇ ਨਿਰਪੱਖ ਜਾਂਚ ਕਰਾਏ ਸਰਕਾਰ

### ਸ਼੍ਰੋਮਣੀ ਅਕਾਲੀ ਦਲ ਦੀ 23 ਸਤੰਬਰ ਨੂੰ ਹੋਣ ਵਾਲੀ

# ਰੈਲੀ ਦੀਆਂ ਤਿਆਰੀਆਂ ਮੁਕੰਮਲ-ਪ੍ਰਧਾਨ ਰਾਜਾ ਲਦੇਹ



**ਜੰਡਿਆਲਾ ਗੁਰੂ, 21 ਸਤੰਬਰ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਗੁਰੂ ਵਿਖੇ 23 ਸਤੰਬਰ ਨੂੰ ਹਲਕਾ ਇੰਚਾਰਜ ਸੰਦੀਪ ਸਿੰਘ ਏਆਰ ਦੀ ਅਗਵਾਈ ਹੇਠ ਹੋਣ ਵਾਲੀ ਪੰਜਾਬ ਬਚਾਓ ਰੈਲੀ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਦੱਸਿਆ ਕੀ ਇਸ ਰੈਲੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਬਕਾ ਮੰਤਰੀ ਤੇ ਮਾਝੇ ਦੇ ਜਰਨੈਲ ਬਿਕਰਮਜੀਤ ਸਿੰਘ ਮਜੀਠੀਆ ਵਿਸੇਸ ਤੌਰ ਤੇ ਸੰਬੋਧਨ ਕਰਨ ਗਏ ਪ੍ਰਧਾਨ ਰਾਜਾ ਲਦੇਹ ਨੇ ਕਿਹਾ ਕੀ ਰੈਲੀ ਨੂੰ ਸਫਲ ਬਣਾਉਣ ਲਈ ਪਾਰਟੀਆਂ ਤੇ ਆਗੂ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਪਿੱਛੇ ਕੋਈ ਦਿਨਾਂ ਤੋਂ ਲਗਾਤਾਰ ਮੀਟਿੰਗਾਂ ਤੇ ਜਨ ਸੰਪਰਕ ਮਹਿਮ ਚਲਾਈ ਜਾ ਰਹੀ ਹੈ। ਵੱਖ-ਵੱਖ ਪੱਧਰਾਂ ਤੇ ਸੌਂਪੀਆਂ ਗਈ ਜਿੰਮੇਵਾਰੀਆਂ ਨੂੰ ਵਰਕਰਾਂ ਵੱਲੋਂ ਪੂਰੀ ਤਨਦੇਹੀ ਤੇ ਅਨੁਸ਼ਾਸਨ ਨਾਲ ਨਿਭਾਇਆ ਜਾ ਰਿਹਾ ਪ੍ਰਧਾਨ ਲਾਦੇਹ ਨੇ ਆਖਿਆ ਕਿ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਪਿਛਲੇ ਦਿਨਾਂ ਦੌਰਾਨ ਹੋਈਆ ਮੀਟਿੰਗ ਵਿੱਚ ਵੱਡੀ ਗਿਣਤੀ ਚ ਵਰਕਰਾਂ ਦੀ ਸ਼ਮੂਲੀਅਤ ਰਹੀ ਹੈ ਤੇ ਕਈ ਮੀਟਿੰਗਾਂ ਵਿਡੇ ਇਕੱਠ ਦਾ ਰੂਪ ਧਾਰਦੀਆਂ ਨਜ਼ਰ ਆਈਆਂ ਉਹਨਾਂ ਨੇ ਕਿਹਾ ਇਸ ਤੋਂ ਸਪਸ਼ਟ ਹੈ ਕਿ 23 ਸਤੰਬਰ ਦੇ ਰੈਲੀ ਪ੍ਰਤੀ ਵਰਕਰਾਂ ਵਿੱਚ ਖਾਸ ਉਤਸਾਹ ਹਨ ਉਹਨਾਂ ਦੱਸਿਆ ਕਿ ਰੈਲੀ ਨੂੰ ਸਭ ਦਾ ਲਈ ਵੱਖ ਵੱਖ ਟੀਮਾਂ ਗਠਨ ਕਰਕੇ ਉਹਨਾਂ ਨੂੰ ਵਿਸ਼ੇਸ਼ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਵਰਕਰਾਂ ਵੱਲੋਂ ਪਿੰਡ ਪਿੰਡ ਜਾ ਕੇ ਲੋਕਾਂ ਨਾਲ ਸੰਪਰਕ ਕਰਦਿਆ ਰੈਲੀ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਜਾ ਰਿਹਾ ਇਸ ਤੋਂ ਇਲਾਵਾ ਆਵਾਜਾਈ ਸਵਾਗਤ ਪਾਰਕਿੰਗ ਬੈਠਣ ਅਤੇ ਹੋਲਡ ਦਾ ਪ੍ਰਬੰਧ ਵੀ ਮੁਕੰਮਲ ਕਰ ਲਿਆ ਗਿਆ ਹੈ ਉਹਨਾਂ ਨੇ ਕਿਹਾ ਕਿ ਜੰਡਿਆਲਾ ਗੁਰੂ ਹਲਕਾ ਇੰਚਾਰਜ ਸੰਦੀਪ ਸਿੰਘ ਏਆਰ ਦੀ ਅਗਵਾਈ ਹੇਠ ਹੋਣ ਵਾਲੀ ਪੰਜਾਬ ਬਚਾਓ ਰੈਲੀ ਇਲਾਕੇ ਦਾ ਇੱਕ ਮਹੱਤਵਪੂਰਨ ਸਿਆਸੀ ਇਕੱਠ ਦੀ ਸਥਿਤ ਹੋਵੇਗਾ ਆਗੂਆਂ ਵੱਲੋਂ ਤਿਆਰੀਆਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਹਰ ਵਰਕਰ ਆਪਣੀ ਜਿੰਮੇਵਾਰੀ ਪੂਰੀ ਗੰਭੀਰਤਾ ਨਾਲ ਨਿਭਾ ਰਿਹਾ ਹੈ ਉਹਨਾਂ ਨੇ ਸਮੂਹ ਪਾਰਟੀ ਵਰਕਰਾਂ ਤੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਡੀ ਗਿਣਤੀ ਵਿੱਚ ਜੰਡਿਆਲਾ ਗੁਰੂ ਪਿੰਡ ਮੱਲ੍ਹੀਆਂ ਵਿਖੇ ਪਹੁੰਚ ਕੇ ਰੈਲੀ ਨੂੰ ਸਫਲ ਬਣਾਉਣਗੇ। ਇਸ ਮੌਕੇ ਪ੍ਰੋਫੈਸਰ ਨੌਨਿਹਾਲ ਸਿੰਘ ਸਿਆਸੀ ਸਕੱਤਰ ਜਸ ਵਰਪਾਲ, ਸੁਖਜਿੰਦਰ ਸਿੰਘ ਸਿਆਸੀ ਸਕੱਤਰ, ਰਵਜੋਤ ਸਿੰਘ ਬਲਾਕ ਸੰਮਤੀ ਮੈਂਬਰ, ਯਾਦ ਤਰਸਿੱਕਾ ਆਈ ਟੀਮ ਪ੍ਰਧਾਨ, ਸਾਜਣ ਸਿੰਘ ਖਾਨਕੋਟ, ਸਮਸੇਰ ਸਿੰਘ ਸੈਕਟਰੀ ਯੂਥ ਅਕਾਲੀ ਦਲ ਮਹਿਤਾ, ਰਜਿੰਦਰ ਸਿੰਘ, ਗੁਰਮੀਤ ਕੌਰ ਬੱਲ,ਆਦਿ ਹਾਜਰ ਸਨ।

# ਬਜਾਰ ਨਾਲੋਂ 80 ਫੀਸਦੀ ਸਸਤੇ ਟੈਸਟ ਕਰ ਰਹੀ ਲੈਬ



**ਫ਼ਿਰੋਜ਼ਪੁਰ, 21 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਸ਼ਹੀਦ ਸਿੰਘ ਪਿੰਡ ਇਲਮੇਵਾਲਾ ਵਿਖੇ ਸੰਤ ਬਾਬਾ ਇੰਦਰ ਸਿੰਘ ਜੀ ਚੈਰੀਟੇਬਲ ਲੈਬੋ ਪਿਛਲੇ ਦੋ ਸਾਲਾਂ ਤੋਂ ਨਿਰੰਤਰ ਸੰਗਤਾਂ ਦੀ ਸੇਵਾ ਕਰ ਰਹੀ ਹੈ। ਇਸ ਲੈਬ ਵਿੱਚ ਆਮ ਬਾਜ਼ਾਰ ਨਾਲੋਂ 80ਫੀਸਦੀ ਘੱਟ ਰੇਟਾਂ ਤੇ ਮੈਡੀਕਲ ਟੈਸਟ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਗਰੀਬ ਅਤੇ ਬੇਸਹਾਰਾ ਲੋਕਾਂ ਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਇਹ ਜਾਣਕਾਰੀ ਗੁਰਦੁਆਰਾ ਸ਼ਹੀਦ ਸਿੰਘ ਇਲਮੇਵਾਲਾ ਦੇ ਮੁੱਖ ਸੇਵਾਦਾਰ ਬਾਬਾ ਅਮਰ ਸਿੰਘ ਨੇ ਦਿੱਤੀ। ਉਨ੍ਹਾਂ ਦਸਿਆ ਕਿ ਇਸ ਲੈਬ ਵਿਚ ਹਰਵਿੰਦਰ ਸਿੰਘ ਗੋਰਾ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਹੜ੍ਹ ਪੀੜਤਾਂ ਦੀ ਮਦਦ ਲਈ ਹੜ੍ਹਾਂ ਦੌਰਾਨ ਲੋਕਾਂ ਦੇ ਬਿਲਕੁਲ ਮੁਫ਼ਤ ਟੈਸਟ ਕੀਤੇ ਗਏ ਸਨ। ਇਸ ਤੋਂ ਇਲਾਵਾ ਸਮੇਂ—ਸਮੇਂ ਤੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਜਾਂਦੇ ਹਨ। ਉਨ੍ਹਾਂ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਇੱਥੇ ਇੱਕ ਕੰਪਿਊਟਰ ਲੈਬ ਖੋਲ੍ਹੀ ਜਾਵੇਗੀ, ਜਿਥੇ ਬੱਚਿਆਂ ਨੂੰ ਮੁਫ਼ਤ ਕੰਪਿਊਟਰ ਸਿੱਖਿਆ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਵਿਚ ਵਿਸ਼ੇਸ਼ ਸਹਿਯੋਗ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਤੇ ਸ਼ਹੀਦ ਬਾਬਾ ਦੀਪ ਸਿੰਘ ਜੀ ਵੈਲਫੇਅਰ ਸੁਸਾਇਟੀ ਵੱਲੋਂ ਕੀਤਾ ਜਾਂਦਾ ਹੈ।

# ਸਿਆਰਾਮ ਦਸਹਿਰਾ ਕਮੇਟੀ ਨੇ ਸ਼ੁਰੂ ਕੀਤੀਆਂ ਵਿਜੇਦਸ਼ਮੀ ਉਤਸਵ ਦੀਆਂ ਤਿਆਰੀਆਂ, ਨਵੀਂ ਕਾਰਜਕਾਰਨੀ ਦਾ ਗਠਨ



**ਫ਼ਿਰੋਜ਼ਪੁਰ, 21 ਸਤੰਬਰ (ਮਨੋਹਰ ਲਾਲ) :—** ਦੁਸਹਿਰਾ ਦੇ ਤਿਉਹਾਰ ਨੂੰ ਧੂਮਧਾਮ ਅਤੇ ਸ਼ਰਧਾ ਨਾਲ ਮਨਾਉਣ ਲਈ ਸਿਆਰਾਮ ਦਸਹਿਰਾ ਕਮੇਟੀ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸਿਆਰਾਮ ਦਸਹਿਰਾ ਕਮੇਟੀ ਵੱਲੋਂ ਇਸ ਸਾਲ 20 ਅਕਤੂਬਰ ਨੂੰ ਵਿਜੇਦਸ਼ਮੀ ਉਤਸਵ ਆਯੋਜਿਤ ਕੀਤਾ ਜਾਵੇਗਾ। ਪ੍ਰੋਗਰਾਮ ਨੂੰ ਸ਼ਾਨਦਾਰ ਬਣਾਉਣ ਲਈ ਕਮੇਟੀ ਦੀ ਪਹਿਲੀ ਬੈਠਕ ਬੀਤੀ ਸ਼ਾਮ ਨੂੰ ਇੱਕ ਨਿੱਜੀ ਸਥਾਨ ਤੇ ਕੀਤੀ ਗਈ, ਜਿਸ ਵਿੱਚ ਉਤਸਵ ਦੀਆਂ ਤਿਆਰੀਆਂ ਨੂੰ ਲੈ ਕੇ ਵਿਚਾਰ—ਵਟਾਂਦਰਾ ਕੀਤਾ ਗਿਆ ਅਤੇ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ।

ਜਾਣਕਾਰੀ ਦਿੰਦਿਆਂ ਮੁੱਖ ਪ੍ਰਬੰਧਕ ਵਿਜੇ ਮੌਂਗਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਜੇਦਸ਼ਮੀ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਆਯੋਜਨ ਨੂੰ ਸਫਲ ਬਣਾਉਣ ਲਈ ਵੱਖ—ਵੱਖ ਜ਼ਿੰਮੇਵਾਰੀਆਂ ਮੈਂਬਰਾਂ ਨੂੰ ਸੌਂਪੀਆਂ ਗਈਆਂ ਹਨ ਅਤੇ ਤਿਆਰੀਆਂ ਨੂੰ ਪੜਾਅਵਾਰ ਢੰਗ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਬੈਠਕ ਵਿੱਚ ਵਿਜੇ ਮੌਂਗਾ ਨੂੰ ਚੇਅਰਮੈਨ, ਪ੍ਰੇਮ ਧਵਨ ਨੂੰ ਪ੍ਰਧਾਨ, ਨਰਿੰਦਰ ਕੱਕੜ ਨੂੰ ਵਾਈਸ ਚੇਅਰਮੈਨ ਅਤੇ ਵਿਨੋਦ ਸ਼ਰਮਾ ਨੂੰ ਸੀਨੀਅਰ ਉਪ ਪ੍ਰਧਾਨ ਚੁਣਿਆ ਗਿਆ ਅਤੇ ਰਾਕੇਸ਼ ਮਨਚੰਦਾ ਅਤੇ ਓਮਪ੍ਰਕਾਸ਼ ਨਿੱਕਾ ਨੂੰ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ, ਜਦਕਿ ਚੇਤਨ ਸ਼ਰਮਾ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਸੋਹਣ ਲਾਲ ਖੱਤਰੀ ਨੂੰ ਕੈਸ਼ੀਅਰ ਨਰੇਸ਼ ਸ਼ਰਮਾ ਨੂੰ ਸਟੇਜ ਸਕੱਤਰ ਅਤੇ ਵਿਜੇ ਧਵਨ ਤੇ ਸੁਰੇਂਦਰ ਨਾਰੰਗ ਨੂੰ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ। ਬਾਲ ਕ੍ਰਿਸ਼ਨ ਧਵਨ ਅਤੇ ਗਗਨ ਅਗਰਵਾਲ ਨੂੰ ਐਡਵਾਈਜ਼ਰ (ਸਲਾਹਕਾਰ) ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਵਿਜੇਦਸ਼ਮੀ ਉਤਸਵ ਦੀ ਸ਼ੋਭਾ ਵਧਾਉਣ ਅਤੇ ਆਯੋਜਨ ਨੂੰ ਬਿਹਤਰ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਮੇਟੀ ਵੱਲੋਂ ਹੋਰ ਮੈਂਬਰਾਂ ਨੂੰ ਵੀ ਵੱਖ—ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਸੀਆਂ ਰਾਮ ਦੁਸ਼ਹਿਰਾ ਕਮੇਟੀ ਦੇ ਜਨਰਲ ਸਕੱਤਰ ਚੇਤਨ ਸ਼ਰਮਾ ਨੇ ਦੱਸਿਆ ਕਿ ਇਸ ਵਾਰ ਰਾਵਣ ਮੇਘਨਾਥ ਅਤੇ ਕੁੰਭ ਕਰਨ ਦੇ ਪੁਤਲੇ ਪਹਿਲਾ ਨਾਲੋਂ ਜਿਆਦਾ ਉੱਚੇ ਬਣਾਏ ਜਾਣਗੇ ਅਤੇ ਇਨ੍ਹਾਂ ਦਾ ਦਹਿਨ ਆਧੁਨਿਕ ਤਰੀਕੇ ਨਾਲ ਰਿਮੋਟ ਦੁਆਰਾ ਕੀਤਾ ਜਾਵੇਗਾ ਇਸ ਤੋਂ ਇਲਾਵਾ ਆਤਿਸ਼ਬਾਜੀ ਵਿਸ਼ੇਸ਼ ਤੌਰ ਤੇ ਸ਼ਿਵਕਾਸ਼ੀ ਕਾਸ਼ੀ ਤੋਂ ਮੰਗਾਈ ਜਾ ਰਹੀ ਹੈ। ਕਮੇਟੀ ਅਹੁਦੇਦਾਰਾਂ ਨੇ ਕਿਹਾ ਕਿ ਵਿਜੇਦਸ਼ਮੀ ਬੁਰਾਈ ਤੇ ਅਛਾਈ ਦੀ ਜਿੱਤ ਦਾ ਪ੍ਰਤੀਕ ਤਿਉਹਾਰ ਹੈ। ਇਸ ਮੌਕੇ ਸ਼ਹਿਰ ਵਾਸੀਆਂ ਨੂੰ ਧਾਰਮਿਕ ਅਤੇ ਸਮਾਜਿਕ ਏਕਤਾ ਦਾ ਸੰਦੇਸ਼ ਦੇਣ ਦੇ ਨਾਲ—ਨਾਲ ਉਤਸਵ ਨੂੰ ਵਿਸ਼ਾਲ ਰੂਪ ਦੇਣ ਦਾ ਯਤਨ ਕੀਤਾ ਜਾਵੇਗਾ। ਬੈਠਕ ਵਿੱਚ ਸਾਰੇ ਮੈਂਬਰਾਂ ਨੇ ਮਿਲ ਕੇ ਆਯੋਜਨ ਨੂੰ ਸਫਲ ਬਣਾਉਣ ਦਾ ਸੰਕਲਪ ਲਿਆ ਅਤੇ ਅਗਲੀਆਂ ਤਿਆਰੀਆਂ ਨੂੰ ਲੈ ਕੇ ਜ਼ਰੂਰੀ ਦਿਸ਼ਾ—ਨਿਰਦੇਸ਼ ਤੈਅ ਕੀਤੇ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਅਨਾਜ ਮੰਡੀ ਤੋਂ

# ਰਵਾਨਾ ਹੋਈ ਭਾਜਪਾ ਦੀ ਚੌਥੀ 'ਨਸ਼ਾ ਮੁਕਤ ਪੰਜਾਬ ਯਾਤਰਾ'





**ਤਲਵੰਡੀ ਸਾਬੋ, 21 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਕੱਢੀਆਂ ਜਾ ਰਹੀਆਂ 'ਨਸ਼ਾ ਮੁਕਤ ਪੰਜਾਬ ਯਾਤਰਾਵਾਂ' ਦੀ ਲੜੀ ਤਹਿਤ ਚੌਥੀ ਯਾਤਰਾ ਅੱਜ ਤਲਵੰਡੀ ਸਾਬੋ ਤੋਂ ਰਵਾਨਾ ਹੋਈ। ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ, ਉਪਰੰਤ ਸਥਾਨਕ ਰਵਿਦਾਸੀਆ ਚੌਕ ਨੇੜੇ ਅਨਾਜ ਮੰਡੀ ਤੋਂ ਯਾਤਰਾ ਨੂੰ ਰਵਾਨਾ ਕੀਤਾ ਗਿਆ।



ਤਲਵੰਡੀ ਸਾਬੋ ਤੋਂ ਚੌਥੀ ਯਾਤਰਾ ਰਵਾਨਾ ਕਰਨ ਦਾ ਐਲਾਨ ਪਹਿਲਾਂ ਹੀ ਕੀਤਾ ਗਿਆ ਸੀ। ਇਸ ਮੌਕੇ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਪੰਜਾਬ ਭਾਜਪਾ ਇੰਚਾਰਜ ਸਤੀਸ਼ ਪੂਨੀਆ, ਸਾਬਕਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ, ਸੁਨੀਲ ਕੁਮਾਰ ਜਾਖੜ, ਮਨਪ੍ਰੀਤ ਸਿੰਘ ਬਾਦਲ, ਇੰਦਰਜੀਤ ਸਿੰਘ ਸਾਹਨੀ, ਤਰੁਣ ਚੁੱਘ, ਰਾਜਿੰਦਰ ਮਿੱਤਲ, ਰਾਣਾ ਗੁਰਮੀਤ ਸਿੰਘ ਸੋਢੀ, ਅਨਿਲ ਸਰੀਨ ਅਤੇ ਗੁਰਪ੍ਰੀਤ ਸਿੰਘ ਮਲੂਕਾ ਸਮੇਤ ਭਾਜਪਾ ਦੇ ਕਈ ਸੀਨੀਅਰ ਆਗੂ ਮੌਜੂਦ ਰਹੇ। ਆਗੂ ਇੱਕ ਖੁੱਲ੍ਹੇ ਵਾਹਨ ਵਿੱਚ ਸਵਾਰ ਹੋ ਕੇ ਯਾਤਰਾ ਦੀ ਅਗਵਾਈ ਕਰਦੇ ਨਜ਼ਰ ਆਏ।ਇਸ ਤੋਂ ਇਲਾਵਾ ਸਾਬਕਾ ਮੰਤਰੀ ਹਰਮਿੰਦਰ ਸਿੰਘ ਜੱਸੀ, ਸਰੂਪ ਚੰਦ ਸਿੰਗਲਾ, ਚਰਨਜੀਤ ਸਿੰਘ ਬਰਾੜ, ਨਵਜੋਤ ਸਿੰਘ ਗੁਣੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ, ਅਹੁਦੇਦਾਰ ਅਤੇ ਵਰਕਰ ਵੀ ਮੌਜੂਦ ਸਨ। ਯਾਤਰਾ ਨੂੰ ਲੈ ਕੇ ਸਥਾਨਕ ਭਾਜਪਾ ਆਗੂਆਂ ਅਤੇ ਵਰਕਰਾਂ ਵਿੱਚ ਵੀ ਉਤਸ਼ਾਹ ਦੇਖਣ ਨੂੰ ਮਿਲਿਆ।ਭਾਜਪਾ ਵੱਲੋਂ ਚਲਾਈ ਜਾ ਰਹੀ ਇਹ ਮੁਹਿੰਮ 18 ਸਤੰਬਰ ਤੋਂ ਸ਼ੁਰੂ ਹੋਈ ਹੈ ਅਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਚਾਰ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਇਨ੍ਹਾਂ ਯਾਤਰਾਵਾਂ ਦਾ ਮਕਸਦ ਨਸ਼ਿਆਂ ਵਿਰੁੱਧ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਨਸ਼ੇ ਦੀ ਸਮੱਸਿਆ ਖ਼ਿਲਾਫ਼ ਸਮਾਜਿਕ ਭਾਗੀਦਾਰੀ ਵਧਾਉਣਾ ਦੱਸਿਆ ਗਿਆ ਹੈ। ਚਾਰੋਂ ਯਾਤਰਾਵਾਂ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰਨ ਲਈ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰਨਗੀਆਂ ਅਤੇ 30 ਸਤੰਬਰ ਨੂੰ ਜਲੰਧਰ ਵਿਖੇ ਸਮਾਪਤ ਹੋਣੀਆਂ ਹਨ। ਤਲਵੰਡੀ ਸਾਬੋ ਤੋਂ ਰਵਾਨਾ ਹੋਣ ਵਾਲੀ ਚੌਥੀ ਯਾਤਰਾ ਅੱਗੇ ਮੌੜ, ਰਾਮਪੁਰਾ ਫੂਲ, ਭੁੱਚੋ ਮੰਡੀ, ਬਠਿੰਡਾ ਦਿਹਾਤੀ, ਬਠਿੰਡਾ ਸ਼ਹਿਰੀ, ਮਾਨਸਾ, ਸਰਦੂਲਗੜ੍ਹ, ਬੁਢਲਾਡਾ, ਭਦੌੜ, ਬਰਨਾਲਾ, ਮਹਿਲ ਕਲਾਂ, ਧੂਰੀ, ਸੰਗਰੂਰ, ਸੁਨਾਮ, ਦਿੜ੍ਹਬਾ, ਲਹਿਰਾਗਾਗਾ, ਸ਼ੁਤਰਾਣਾ, ਨਾਭਾ, ਪਟਿਆਲਾ ਦਿਹਾਤੀ, ਪਟਿਆਲਾ ਸ਼ਹਿਰੀ, ਸਨੌਰ ਅਤੇ ਰਾਜਪੁਰਾ ਸਮੇਤ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘੇਗੀ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਯਾਤਰਾ ਤੋਂ ਪਹਿਲਾਂ ਪੰਜਾਬ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਾਂਝੀ ਲੜਾਈ ਲਈ ਅੱਗੇ ਆਉਣ ਦੀ ਅਪੀਲ ਕੀਤੀ ਸੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੇ ਕਈ ਪਰਿਵਾਰਾਂ ਅਤੇ ਨੌਜਵਾਨਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਇਸ ਸਮੱਸਿਆ ਨਾਲ ਨਜਿੱਠਣ ਲਈ ਸਮਾਜ ਦੀ ਭਾਗੀਦਾਰੀ ਜ਼ਰੂਰੀ ਹੈ। ਭਾਜਪਾ ਵੱਲੋਂ ਇਸ ਮੁਹਿੰਮ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਵਧਾਉਣ ਦੀ ਮੁਹਿੰਮ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਵੱਖ-ਵੱਖ ਸਿਆਸੀ ਧਿਰਾਂ ਵਿਚਕਾਰ ਦੋਸ਼-ਪ੍ਰਤੀਦੋਸ਼ ਵੀ ਜਾਰੀ ਹਨ। ਤਲਵੰਡੀ ਸਾਬੋ ਤੋਂ ਯਾਤਰਾ ਦੀ ਰਵਾਨਗੀ ਮੌਕੇ ਭਾਜਪਾ ਆਗੂਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਪਰਿਵਾਰਾਂ ਅਤੇ ਸਮਾਜ ਨੂੰ ਇਸ ਮੁਹਿੰਮ ਨਾਲ ਜੋੜਨ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦਾ ਸੱਦਾ ਦਿੱਤਾ।

# ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਵਿਖੇ ਵਿਸ਼ੇਸ਼ ਸਫਾਈ ਮੁਹਿੰਮ ਜ਼ੋਰਾਂ 'ਤੇ: ਕਾਰਜ ਸਾਧਕ ਅਫ਼ਸਰ





**☛ ਸ਼ਹਿਰ ਦੇ ਹਰ ਵਾਰਡ, ਗਲੀ-ਮੁਹੱਲੇ, ਬਾਜ਼ਾਰ ਅਤੇ ਜਨਤਕ ਥਾਵਾਂ ਦੀ ਸਫਾਈ ਯਕੀਨੀ ਬਣਾਉਣ ਲਈ ਨਗਰ ਕੌਂਸਲ ਦੀਆਂ ਟੀਮਾਂ ਸਰਗਰਮ ☛ ਕੂੜੇ ਦੀ ਸਮੇਂ ਸਿਰ ਚੁਕਾਈ ਅਤੇ ਢੁਕਵੇਂ ਨਿਪਟਾਰੇ ਵੱਲ ਦਿੱਤਾ ਜਾ ਰਿਹਾ ਵਿਸ਼ੇਸ਼ ਧਿਆਨ: ਰਮਨਦੀਪ ਸ਼ਰਮਾ ☛ ਸ਼ਹਿਰ ਵਾਸੀਆਂ ਨੂੰ ਸਫਾਈ ਮੁਹਿੰਮ ਵਿੱਚ ਵਧ-ਚੜ੍ਹ ਕੇ ਸਹਿਯੋਗ ਦੇਣ ਅਤੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦੀ ਅਪੀਲ**

ਮੂਨਕ ( ਰਣਜੀਤ ਸਿੰਘ ਪੇਧਨੀ )-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸਿਹਤਮੰਦ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਵਿਸ਼ੇਸ਼ ਸਫਾਈ ਮੁਹਿੰਮ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਸ਼ਹਿਰ ਵਿੱਚ ਸਫਾਈ ਕਾਰਜ ਜੰਗੀ ਪੱਧਰ 'ਤੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਮੂਨਕ ਦੇ ਕਾਰਜ ਸਾਧਕ ਅਫ਼ਸਰ ਰਮਨਦੀਪ ਸ਼ਰਮਾ ਨੇ ਦੱਸਿਆ ਕਿ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਵਾਰਡਾਂ, ਗਲੀ-ਮੁਹੱਲਿਆਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ ਦੀ ਸਫਾਈ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਕਾਰਜ ਸਾਧਕ ਅਫ਼ਸਰ ਨੇ ਦੱਸਿਆ ਕਿ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਨਗਰ ਕੌਂਸਲ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸ਼ਹਿਰ ਵਿੱਚ ਸਫਾਈ ਵਿਵਸਥਾ ਨੂੰ ਹੋਰ ਚੁਸਤ-ਦਰੁਸਤ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ। ਰਮਨਦੀਪ ਸ਼ਰਮਾ ਨੇ ਦੱਸਿਆ ਕਿ ਕੈਬਨਿਟ ਮੰਤਰੀ ਦੀਆਂ ਹਦਾਇਤਾਂ ਅਨੁਸਾਰ ਸ਼ਹਿਰ ਦੇ ਹਰੇਕ ਵਾਰਡ ਵਿੱਚ ਸਫਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਦੇ ਨਾਲ-ਨਾਲ ਕੂੜੇ ਦੀ ਨਿਯਮਤ ਅਤੇ ਸਮੇਂ ਸਿਰ ਚੁਕਾਈ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਗਲੀਆਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ 'ਤੇ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਨੂੰ ਸਾਫ਼-ਸੁਥਰਾ ਅਤੇ ਸੁੰਦਰ ਸ਼ਹਿਰ ਬਣਾਉਣ ਲਈ ਨਗਰ ਕੌਂਸਲ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਫਾਈ ਕਾਰਜਾਂ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਗਰ ਕੌਂਸਲ ਦੇ ਅਮਲੇ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ ਗਈ ਹੈ। ਕਾਰਜ ਸਾਧਕ ਅਫ਼ਸਰ ਨੇ ਕਿਹਾ ਕਿ ਸਫਾਈ ਮੁਹਿੰਮ ਨੂੰ ਸਫਲ ਬਣਾਉਣ ਲਈ ਲੋਕਾਂ ਦੀ ਭਾਗੀਦਾਰੀ ਵੀ ਬੇਹੱਦ ਅਹਿਮ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਅਤੇ ਦੁਕਾਨਾਂ ਦਾ ਕੂੜਾ ਇੱਧਰ-ਉੱਧਰ ਜਾਂ ਖੁੱਲ੍ਹੀਆਂ ਥਾਵਾਂ 'ਤੇ ਨਾ ਸੁੱਟਣ ਅਤੇ ਇਸ ਨੂੰ ਨਗਰ ਕੌਂਸਲ ਵੱਲੋਂ ਕੂੜਾ ਇਕੱਠਾ ਕਰਨ ਲਈ ਕੀਤੇ ਗਏ ਪ੍ਰਬੰਧਾਂ ਤਹਿਤ ਹੀ ਨਿਪਟਾਉਣ। ਉਨ੍ਹਾਂ ਲੋਕਾਂ ਨੂੰ ਆਪਣੇ ਘਰਾਂ ਦੇ ਨਾਲ-ਨਾਲ ਗਲੀ-ਮੁਹੱਲਿਆਂ ਅਤੇ ਸਾਂਝੀਆਂ ਥਾਵਾਂ ਨੂੰ ਸਾਫ਼ ਰੱਖਣ ਵਿੱਚ ਵੀ ਸਹਿਯੋਗ ਦੇਣ ਦੀ ਅਪੀਲ ਕੀਤੀ। ਰਮਨਦੀਪ ਸ਼ਰਮਾ ਨੇ ਕਿਹਾ ਕਿ "ਸਾਫ਼ ਮੂਨਕ ਦਾ ਟੀਚਾ ਨਗਰ ਕੌਂਸਲ ਅਤੇ ਸ਼ਹਿਰ ਵਾਸੀਆਂ ਦੇ ਸਾਂਝੇ ਯਤਨਾਂ ਨਾਲ ਹੀ ਹਾਸਲ ਕੀਤਾ ਜਾ ਸਕਦਾ ਹੈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ ਨਗਰ ਕੌਂਸਲ ਵੱਲੋਂ ਸਫਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।" ਉਨ੍ਹਾਂ ਕਿਹਾ ਕਿ ਵਿਸ਼ੇਸ਼ ਸਫਾਈ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫਾਈ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਨਗਰ ਕੌਂਸਲ ਦੀਆਂ ਟੀਮਾਂ ਵੱਲੋਂ ਇਨ੍ਹਾਂ ਕਾਰਜਾਂ ਦੀ ਨਿਰੰਤਰ ਨਿਗਰਾਨੀ ਵੀ ਕੀਤੀ ਜਾਵੇਗੀ।

# ਰਾਮਗੜ੍ਹੀਆ ਭਾਈਚਾਰੇ ਵਿਰੁੱਧ ਭੱਦੀ ਸ਼ਬਦਾਵਲੀ ਵਰਤਣ ਦੀ ਕੜੀ ਨਿੰਦਾ

ਫ਼ਿਰੋਜ਼ਪੁਰ, 21 ਸਤੰਬਰ (ਮਨੋਹਰ ਲਾਲ) :— ਖੰਨਾ ਵਿਖੇ ਦਿੱਤੇ ਗਏ ਧਰਨੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂ ਬਲਵਿੰਦਰ ਬਾਹਮਣ ਵੱਲੋਂ ਰਾਮਗੜ੍ਹੀਆ ਭਾਈਚਾਰੇ ਵਿਰੁੱਧ ਵਰਤੀ ਗਈ ਅਪਮਾਨਜਨਕ ਅਤੇ ਭੱਦੀ ਸ਼ਬਦਾਵਲੀ ਕਾਰਨ ਸਮੁੱਚੀ ਰਾਮਗੜ੍ਹੀਆ ਬਰਾਦਰੀ ਵਿਚ ਭਾਰੀ ਰੋਸ ਦੀ ਲਹਿਰ ਫੈਲ ਗਈ ਹੈ। ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੇ ਸਰਪ੍ਰਸਤ ਸੁਖਵਿੰਦਰ ਸਿੰਘ ਸੰਨੀ ਇੰਡੀਅਨ ਫਾਉਡਰੀ ਵਾਲੇ ਨੇ ਇਸ ਬਿਆਨਬਾਜੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਦੀ ਕਰਦਿਆਂ ਆਪਣਾ ਵਿਰੋਧ ਦਰਜ ਕਰਵਾਇਆ ਹੈ ਰਾਮਗੜ੍ਹੀਆ ਸਮਾਜ਼ ਦੇਸ਼ ਕੌਮ ਅਤੇ ਸਮਾਜ ਲਈ ਦਿਤੀਆਂ ਮਹਾਨ ਕੁਰਬਾਨੀਆਂ ਮੇਹਨਤ ਅਤੇ ਇਮਾਨਦਾਰੀ ਨਾਲ ਭਰਿਆ ਹੋਇਆ ਇਤਿਹਾਸ ਹੈ ਕਿਸੇ ਵੀ ਸਿਆਸੀ ਮੰਚ ਤੋਂ ਬਰਾਦਰੀ ਵਿਰੁੱਧ ਅਜਿਹੀ ਨੀਵੀ ਸ਼ਬਦਾਵਲੀ ਵਰਤਣਾ ਬੇਹੱਦ ਮੰਦਭਾਗਾ ਅਤੇ ਅਸਹਿਨ ਯੋਗ ਹੈ। ਗੱਲਬਾਤ ਕਰਦਿਆਂ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਮੰਗ ਕੀਤੀ ਕਿ ਸਬੰਧਤ ਆਪਣੇ ਬੋਲਾਂ ਲਈ ਤੁਰੰਤ ਰਾਮਗੜ੍ਹੀਆ ਭਾਈਚਾਰੇ ਤੋਂ ਜਨਤਕ ਤੌਰ ਤੇ ਮਾਫ਼ੀ ਮੰਗੇ। ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਹਾਈਕਮਾਂਡ ਨੂੰ ਅਪੀਲ ਕੀਤੀ ਕਿ ਸਮਾਜਿਕ ਭਾਈਚਾਰਕ ਸਾਂਝ ਨੂੰ ਠੇਸ ਪਹੁੰਚਾਉਣ ਵਾਲੇ ਅਜਿਹੇ ਆਗੂਆਂ ਵਿਰੁੱਧ ਤੁਰੰਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ। ਗੱਲਬਾਤ ਕਰਦਿਆਂ ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ ਨੇ ਸਪੱਸ਼ਟ ਕੀਤਾ ਕਿ ਜੇਕਰ ਇਸ ਮਾਮਲੇ ਵਿਚ ਤੁਰੰਤ ਯੋਗ ਕਾਰਵਾਈ ਜਾ ਮਾਫ਼ੀ ਨਾ ਮੰਗੀ ਗਈ ਤਾਂ ਸਮੁੱਚੀ ਬਰਾਦਰੀ ਇੱਕਜੁਟ ਹੋ ਕੇ ਸ਼ਾਂਤਮਈ ਢੰਗ ਨਾਲ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਤਾ ਜਾਵੇਗਾ ਅਤੇ ਅਗਲਾ ਤਿਖਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਸੋਸਾਇਟੀ ਅਹੁਦੇਦਾਰ ਨਿਰਵੈਰ ਸਿੰਘ ਸਿੰਧੀ, ਅੰਗਰੇਜ਼ ਸਿੰਘ ਕਲਸੀ, ਗੁਰਚਰਨ ਸਿੰਘ ਨਾਗੀ, ਕੁਲਵੰਤ ਸਿੰਘ ਨਾਗੀ, ਜਸਪਾਲ ਸਿੰਘ ਵਿਲਖੂ, ਸੰਤੋਖ ਸਿੰਘ ਘੁਦੂ, ਹਰਜਿੰਦਰ ਸਿੰਘ ਦੜਿਆਲਾ, ਜਰਨੈਲ ਸਿੰਘ ਗਾਬੜੀਆ, ਬਲਵਿੰਦਰ ਸਿੰਘ, ਸੁਖਦੇਵ ਸਿੰਘ, ਸਵਰਨ ਸਿੰਘ ਕਲਸੀ, ਸੁਰਜੀਤ ਸਿੰਘ ਅਵਤਾਰ ਸਿੰਘ ਵੀ ਹਾਜ਼ਰ ਸਨ।



ਪਿੰਡ ਭੰਮੀਪੁਰਾ ਦੇ ਡੇਰਾ ਬਾਬਾ ਸ੍ਰੀ ਚੰਦ ਜੀ ਵਿਖੇ

# ਤਿੰਨ ਰੋਜਾ ਧਾਰਮਿਕ ਸਮਾਗਮ ਕਰਵਾਇਆ










**ਜਗਰਾਉਂ (ਵਰਿਆਮ ਹਠੂਰ)**-ਜਿਲ੍ਹਾ ਲੁਧਿਆਣਾ ਦੇ ਪਿੰਡ ਭੰਮੀਪੁਰਾ ਵਿਖੇ ਸਥਿੱਤ ਡੇਰਾ ਬਾਬਾ ਸ੍ਰੀ ਚੰਦ ਜੀ ਵਿਖੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਗੁਰਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਤਿੰਨ ਰੋਜਾ ਧਾਰਮਿਕ ਸਮਾਗਮ ਕਰਵਾਇਆ ਗਿਆ, ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਹਾਜਰੀ ਭਰ ਕੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਜਿੱਥੇ ਤਿੰਨੋਂ ਦਿਪ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਉੱਥੇ ਰਾਤ ਸਮੇਂ ਕਥਾ ਕੀਰਤਨ ਦੀਵਾਨ ਸਜਾਏ ਗਏ, ਤੇ ਸਮਾਗਮ ਵਿੱਚ ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜੂਰੀ ਰਾਗੀ ਭਾਈ ਹਰਜਿੰਦਰ ਸਿੰਘ ਜੀ ਰਾਜਾ ਰਸੂਲਪੁਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਦੋ ਦਿਨ ਰਾਤਰੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਤੇ ਬਾਬਾ ਸ੍ਰੀ ਚੰਦ ਜੀ ਦੀ ਜੀਵਨੀ ਪ੍ਰਤੀ ਗੁਰਸੰਗਤਾਂ ਨੂੰ ਚਾਨਣਾ ਪਾਇਆ, ਪ੍ਰਬੰਧਕਾਂ ਵੱਲੋਂ ਕੀਰਤਨੀ ਜੱਥੇ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ, ਸਮਾਗਮ ਦੇ ਤੀਸਰੇ ਤੇ ਆਖਰੀ ਦਿਨ ਸਵੇਰੇ ਸਤਿਗੁਰਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਭਾਈ ਬੂਟਾ ਸਿੰਘ ਜੀ ਦੇ ਕੀਰਤਨੀ ਜੱਥੇ ਨੇ ਕਥਾ ਕੀਰਤਨ ਰਾਹੀਂ ਹਾਜਰੀ ਭਰਕੇ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਗੱਲਬਾਤ ਕਰਦਿਆਂ ਸੇਵਾਦਾਰ ਪੰਡਿਤ ਧਰਮਪਾਲ ਜੀ ਭੰਮੀਪੁਰਾ ਨੇ ਕਿਹਾ ਕਿ ਸਮੂਹ ਨਗਰ ਦੀਆਂ ਗੁਰਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ, ਅਤੇ ਸਮੂਹ ਸੇਵਾਦਾਰਾਂ ਦੇ ਸਹਿਯੋਗ ਸਦਕਾ ਤਿੰਨ ਰੋਜਾ ਧਾਰਮਿਕ ਸਮਾਗਮ ਕਰਵਾਏ ਗਏ ਹਨ। ਜਿਸ ਵਿੱਚ ਬੇਅੰਤ ਗੁਰਸੰਗਤਾਂ ਨੇ ਡੇਰਾ ਬਾਬਾ ਸ੍ਰੀ ਚੰਦ ਜੀ ਵਿਖੇ ਪਹੁੰਚ ਕੇ ਦਰਸਨ ਦੀਦਾਰੇ ਕੀਤੇ ਤੇ ਕਥਾ ਕੀਰਤਨ ਦਾ ਅਨੰਦ ਮਾਣਿਆ ਅਜਿਹੇ ਸਮਾਗਮ ਨਗਰ ਦੀਆਂ ਸਮੂਹ ਗੁਰਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਅੱਗੇ ਵੀ ਸਮੇਂ-ਸਮੇਂ ਨਾਲ ਕਰਵਾਏ ਜਾਣਗੇ, ਗੁਰਸੰਗਤਾਂ ਸਮੂਹ ਪ੍ਰਬੰਧਕ ਕਮੇਟੀ ਨੂੰ ਆਪਣਾ ਸਹਿਯੋਗ ਦਿੰਦੀਆਂ ਰਹਿਣ ਸਮੂਹ ਸੇਵਾਦਾਰਾਂ ਅਤੇ ਹਾਜਰੀਆਂ ਭਰਨ ਵਾਲੀਆਂ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਇਸ ਮੌਕੇ ਸੇਵਾਦਾਰ ਧਰਮਪਾਲ ਸਿੰਘ, ਐਡਵੋਕੇਟ ਗੁਰਮੇਲ ਸਿੰਘ, ਜਗਰਾਜ ਸਿੰਘ, ਰੂਪ ਸਿੰਘ, ਸਮੇਤ ਅਨੇਕਾਂ ਸੇਵਾਦਾਰ ਹਾਜਰ ਸਨ। ਤੇ ਗੁਰੂ ਕੇ ਲੰਗਰ ਅਤੁੱਟ ਵਰਤਿਆ

**ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜਰੀ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕੀਤਾ ਸਿਜਦਾ ਭੇਟ**

ਆਵਾਜ਼ਿ ਕੌਮ AWAZE QAUM International Newspaper & WEB TV

# ਤਾਰਾ ਕਾਨਵੈਂਟ ਸਕੂਲ ਜਗਾ ਦੇ ਵਿਦਿਆਰਥੀਆਂ ਵੱਲੋਂ ਲਗਾਇਆ ਇੱਕ ਰੋਜ਼ਾ ਵਿੱਦਿਅਕ ਟੂਰ







ਤਲਵੰਡੀ ਸਾਬੋ, 21 ਸਤੰਬਰ (ਗੁਰਜੰਟ ਸਿੰਘ ਨਥੇਹਾ)- ਇਲਾਕੇ ਦੇ ਨਾਮਵਰ ਅਤੇ ਆਈ.ਸੀ.ਐੱਸ.ਈ. ਬੋਰਡ ਨਵੀਂ ਦਿੱਲੀ ਤੋਂ ਮਾਨਤਾ ਪ੍ਰਾਪਤ ਸਕੂਲ ਤਾਰਾ ਕਾਨਵੈਂਟ ਸਕੂਲ, ਜਗਾ ਰਾਮ ਤੀਰਥ ਵੱਲੋਂ ਵਿਦਿਆਰਥੀਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਆਯੋਜਿਤ ਕੀਤਾ ਗਿਆ। ਮਿਤੀ 19 ਸਤੰਬਰ 2026, ਦਿਨ ਸ਼ਨੀਵਾਰ ਨੂੰ ਸਵੇਰੇ 5:30 ਵਜੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਬਾਲਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਦੋ ਲਗਜ਼ਰੀ ਬੱਸਾਂ ਰਾਹੀਂ ਰਵਾਨਾ ਕੀਤਾ। ਟੂਰ ਦੌਰਾਨ ਸਭ ਤੋਂ ਪਹਿਲਾਂ ਵਿਦਿਆਰਥੀਆਂ ਨੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਸੁਲਤਾਨਪੁਰ ਲੋਧੀ ਵਿਖੇ ਨਤਮਸਤਕ ਹੋ ਕੇ ਅਸ਼ੀਰਵਾਦ ਲਿਆ। ਸਕੂਲ ਦੇ ਚੇਅਰਮੈਨ ਸ਼੍ਰੀ ਲਛਮਣ ਦਾਸ ਗਰਗ, ਅਧਿਆਪਕਾਂ ਅਤੇ ਬੱਚਿਆਂ ਨੇ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ, ਗੁਰਬਾਣੀ ਸਰਵਣ ਕੀਤੀ, ਗੁਰੂ ਘਰ ਦੇ ਇਤਿਹਾਸ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਗੁਰੂ ਕਾ ਲੰਗਰ ਛਕਿਆ। ਇਸ ਉਪਰੰਤ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਦਾ ਸਾਇੰਸ ਸਿਟੀ ਵਿਖੇ ਵਿਗਿਆਨ ਦੀ ਦੁਨੀਆਂ ਦੇ ਅਨੋਖੇ ਨਮੂਨੇ ਦੇਖੇ ਅਤੇ ਭਰਪੂਰ ਜਾਣਕਾਰੀ ਹਾਸਲ ਕੀਤੀ। ਇੱਥੇ ਬੱਚਿਆਂ ਨੇ ਜਲਵਾਯੂ ਪਰਿਵਰਤਨ 'ਤੇ ਆਧਾਰਿਤ ਡਾਕੂਮੈਂਟਰੀ ਦੇਖੀ, ਲੁਪਤ ਹੋਈ ਡਾਇਨਾਸੌਰ ਪ੍ਰਜਾਤੀ ਬਾਰੇ ਜਾਣਿਆ, ਡਾਇਨਾਸੌਰ ਪਾਰਕ, ਰਾਈਡਜ਼, ਕਲਾਈਮੇਟ ਚੇਂਜ ਥੀਏਟਰ, ਫਲਾਈਟ ਸਿਮੂਲੇਟਰ, ਸਪੇਸ ਥੀਏਟਰ ਆਦਿ ਦਾ ਆਨੰਦ ਮਾਣਿਆ। ਸਪੇਸ ਥੀਏਟਰ ਅਤੇ ਲੇਜ਼ਰ ਸ਼ੋਅ ਨੇ ਬੱਚਿਆਂ ਵਿੱਚ ਭਾਰੀ ਉਤਸ਼ਾਹ ਪੈਦਾ ਕੀਤਾ। ਦੁਪਹਿਰ ਦਾ ਖਾਣਾ ਅਤੇ ਫ਼ਰੂਟ ਛਕਣ ਉਪਰੰਤ ਸ਼ਾਮ ਤਕਰੀਬਨ 5:00 ਵਜੇ ਟੂਰ ਸਾਇੰਸ ਸਿਟੀ ਤੋਂ ਵਾਪਸੀ ਲਈ ਰਵਾਨਾ ਹੋਇਆ। ਰਸਤੇ ਵਿੱਚ ਵਿਦਿਆਰਥੀਆਂ ਨੂੰ ਰਾਤ ਦਾ ਖਾਣਾ ਖਵਾਇਆ ਗਿਆ। ਹਰ ਬੱਚੇ ਦੇ ਚਿਹਰੇ 'ਤੇ ਟੂਰ ਦੀ ਖ਼ੁਸ਼ੀ ਸਾਫ਼ ਝਲਕ ਰਹੀ ਸੀ। ਰਾਤ ਸਮੇਂ ਸਕੂਲ ਪਹੁੰਚਣ 'ਤੇ ਬੱਚਿਆਂ ਨੂੰ ਲੈਣ ਆਏ ਮਾਪਿਆਂ ਨੇ ਸਕੂਲ ਮੈਨੇਜਮੈਂਟ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਗਿਆਨ ਭਰਪੂਰ ਵਿੱਦਿਅਕ ਟੂਰ ਆਯੋਜਿਤ ਕਰਦੇ ਰਹਿਣ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਇਲਮੇ ਵਾਲਾ ਵਿਖੇ ਦਮਦਮੀ ਟਕਸਾਲ ਸੇਵਕ ਜੱਥੇ ਦਾ ਕੀਤਾ ਗਿਆ ਵਿਸਥਾਰ

ਫ਼ਿਰੋਜ਼ਪੁਰ, 21 ਸਤੰਬਰ (ਮਨੋਹਰ ਲਾਲ) :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ) ਦੇ ਦਿਸ਼ਾ—ਨਿਰਦੇਸ਼ਾਂ ਹੇਠ ਅਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਦੀ ਵਿਸ਼ੇਸ਼ ਹਾਜ਼ਰੀ ਵਿੱਚ ਪਿੰਡ ਇਲਮੇ ਵਾਲਾ (ਫ਼ਿਰੋਜ਼ਪੁਰ) ਵਿਖੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਵਿੱਚ ਭਾਈ ਬੋਹੜ ਸਿੰਘ (ਦਮਦਮੀ ਟਕਸਾਲ), ਭਾਈ ਹਰਪਾਲ ਸਿੰਘ (ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ) ਭਾਈ ਚਮਕੌਰ ਸਿੰਘ ਦਮਦਮੀ ਟਕਸਾਲ ਭਾਈ ਸਰਵਨ ਸਿੰਘ ਹਲਕਾ ਪ੍ਰਧਾਨ ਜੀਰਾ, ਭਾਈ ਬੋਹੜ ਸਿੰਘ (ਚੇਅਰਮੈਨ ਧਰਮ ਪ੍ਰਚਾਰ), ਬਾਬਾ ਅਮਰ ਸਿੰਘ (ਜ਼ਿਲ੍ਹਾ ਪ੍ਰਧਾਨ ਧਾਰਮਿਕ ਪ੍ਰਚਾਰਕ) ਅਤੇ ਮਨੋਹਰ ਲਾਲ (ਪ੍ਰੈਸ ਸਕੱਤਰ, ਜ਼ਿਲ੍ਹਾ ਫ਼ਿਰੋਜ਼ਪੁਰ) ਵਿਸ਼ੇਸ਼ ਤੌਰ ਤੇ ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਹੋਰ ਵੀ ਕਈ ਪ੍ਰਮੁੱਖ ਆਗੂ ਤੇ ਸੰਗਤਾਂ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਸੇਵਕ ਜੱਥੇ ਦੇ ਮੁੱਖ ਉਦੇਸ਼ ਸਿੱਖ ਧਰਮ ਦੇ ਪ੍ਰਚਾਰ—ਪ੍ਰਸਾਰ ਨੂੰ ਹੋਰ ਵਿਸ਼ਾਲ ਪੱਧਰ ਤੇ ਲੈ ਕੇ ਜਾਣਾ, ਪੰਜਾਬ ਨੂੰ ਨਸ਼ਾ ?ਮੁਕਤ ਬਣਾਉਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਉਣਾ, ਨੌਜਵਾਨਾਂ ਨੂੰ ਗੁਰਬਾਣੀ, ਗੁਰਮਤਿ ਅਤੇ ਸਿੱਖ ਇਤਿਹਾਸ ਨਾਲ ਜੋੜਨਾ, ਧਰਮ ਪਰਿਵਰਤਨ ਅਤੇ ਸਮਾਜਿਕ ਕੁਰੀਤੀਆਂ ਖਿਲਾਫ਼ ਜਾਗਰੂਕਤਾ ਫੈਲਾਉਣਾ ਅਤੇ ਸਮਾਜ ਵਿੱਚ ਏਕਤਾ ਤੇ ਭਾਈਚਾਰਾ ਵਧਾਉਣਾ।ਉਨ੍ਹਾਂ ਦੱਸਿਆ ਕਿ ਪੰਥਕ ਨਾਲ ਜੁੜੇ ਮਸਲਿਆਂ ਨੂੰ ਉਚਿਤ ਮੰਚਾਂ ਤੇ ਪ੍ਰਭਾਵਸ਼ਾਲੀ ਢੰਗ ਨਾਲ ਚੁੱਕਣਾਂ।




ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਦੇਸ਼ ਦਿੱਤਾ ਕਿ ਅਜਿਹੀਆਂ ਚੁਣੌਤੀਆਂ ਦਾ ਮੁਕਾਬਲਾ ਸਿਰਫ਼ ਬਿਆਨਾਂ ਨਾਲ ਨਹੀਂ, ਸਗੋਂ ਸੰਗਠਿਤ ਸਮਾਜਿਕ ਅਤੇ ਧਾਰਮਿਕ ਯਤਨਾਂ ਰਾਹੀਂ ਹੀ ਕੀਤਾ ਜਾ ਸਕਦਾ ਹੈ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ

# 6 ਨਵੇਂ ਹਲਕਾ ਇੰਚਾਰਜਾਂ ਦੀ ਨਿਯੁਕਤੀ






**ਅੰਮ੍ਰਿਤਸਰ 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਅਤੇ ਪੰਜਾਬ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਦੇ ਉਦੇਸ਼ ਨਾਲ ਅੱਜ 6 ਨਵੇਂ ਹਲਕਾ ਇੰਚਾਰਜਾਂ

**ਪਾਰਟੀ ਦੀ ਜਥੇਬੰਦਕ ਮਜ਼ਬੂਤੀ, ਲੋਕਾਂ ਨਾਲ ਸਿੱਧਾ ਸੰਪਰਕ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ**




ਦੀ ਨਿਯੁਕਤੀ ਕੀਤੀ ਗਈ ਹੈ। ਪਾਰਟੀ ਵੱਲੋਂ ਸੌਂਪੀ ਗਈ ਇਸ ਨਵੀਂ ਜ਼ਿੰਮੇਵਾਰੀ ਤਹਿਤ ਸ. ਜਸਕਰਨ ਸਿੰਘ ਕਾਹਨਸਿੰਘਵਾਲਾ ਨੂੰ ਗੁਰੂ ਹਰ ਸਹਾਏ, ਸ. ਸੁਖਦੇਵ ਸਿੰਘ ਕਾਦੀਆ ਨੂੰ ਕਾਦੀਆ, ਸ. ਬਸੰਤ ਸਿੰਘ ਦੋਲਤਪੁਰ ਨੂੰ ਨਿਹਾਲ ਸਿੰਘ ਵਾਲਾ, ਸ. ਪ੍ਰਭਜੋਤ ਸਿੰਘ ਰਾਹੋ ਨੂੰ ਨਵਾਂ ਸ਼ਹਿਰ, ਸ. ਗੁਰਦੀਪ ਸਿੰਘ ਬਾਠ ਨੂੰ ਬਰਨਾਲਾ ਅਤੇ ਸ. ਨਿਰਮਲ ਸਿੰਘ ਸੇਖਣਮਾਜਰਾ ਨੂੰ ਰਾਜਪੁਰਾ ਹਲਕੇ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਪਾਰਟੀ ਆਗੂਆਂ ਨੇ ਕਿਹਾ ਕਿ ਹਲਕਾ ਇੰਚਾਰਜ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਨਾਲ-ਨਾਲ ਸਥਾਨਕ ਪੱਧਰ ’ਤੇ ਜਥੇਬੰਦੀ ਨੂੰ ਮਜ਼ਬੂਤ ਕਰਨ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਪਾਰਟੀ ਨਾਲ ਜੋੜਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਲਈ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ, ਪੰਜਾਬੀਅਤ, ਪੰਥਕ ਮਸਲਿਆਂ ਅਤੇ ‘ਸਰਬੱਤ ਦੇ ਭਲੇ’ ਦੇ ਸਿਧਾਂਤ ਨੂੰ ਮੁੱਖ ਰੱਖਦਿਆਂ ਆਪਣੀ ਜਥੇਬੰਦਕ ਸਰਗਰਮੀ ਨੂੰ ਪਿੰਡ-ਪਿੰਡ ਅਤੇ ਵਾਰਡ-ਵਾਰਡ ਤੱਕ ਹੋਰ ਮਜ਼ਬੂਤ ਕਰ ਰਿਹਾ ਹੈ। ਨਵੇਂ ਨਿਯੁਕਤ ਹਲਕਾ ਇੰਚਾਰਜਾਂ ਨੂੰ ਆਪਣੇ-ਆਪਣੇ ਹਲਕਿਆਂ ਵਿੱਚ ਪਾਰਟੀ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਪਾਰਟੀ ਵੱਲੋਂ ਨਵ-ਨਿਯੁਕਤ ਹਲਕਾ ਇੰਚਾਰਜਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟ ਕੀਤੀ ਗਈ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਂਦੇ ਹੋਏ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨਗੇ।

### ਜੰਡਿਆਲਾ ਗੁਰੂ ਹਲਕੇ ਦੇ ਪਿੰਡ ਮਿਹਰਬਾਨਪੁਰਾ ਤੋਂ ‘ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ

# ‘ਮਾਨ ਦਾ ਮੁਨਾਫ਼ਾ’ ਮੁਹਿੰਮ ਦੀ ਸ਼ੁਰੂਆਤ





**ਜੰਡਿਆਲਾ ਗੁਰੂ 21 ਸਤੰਬਰ (ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮਿਹਰਬਾਨਪੁਰਾ ਤੋਂ ‘ਮਾਨ ਦਾ ਮੁਨਾਫ਼ਾ’ ਮੁਹਿੰਮ ਦੀ ਸ਼ੁਰੂਆਤ ਕੀਤੀ। ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਅਤੇ ਲੋਕਾਂ ਨੂੰ ਮਿਲ ਰਹੇ ਵੱਖ-ਵੱਖ ਸਰਕਾਰੀ ਲਾਭਾਂ ਬਾਰੇ ਜਾਣਕਾਰੀ ਘਰ-ਘਰ ਪਹੁੰਚਾਉਣ ਦੀ ਗੱਲ ਕਹੀ ਗਈ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ ‘ਮਾਵਾਂ-ਧੀਆਂ ਸਤਿਕਾਰ ਯੋਜਨਾ’ ਸਮੇਤ ਵੱਖ-ਵੱਖ ਸਰਕਾਰੀ ਪਹਿਲਕਦਮੀਆਂ ਰਾਹੀਂ ਪਰਿਵਾਰਾਂ ਨੂੰ ਵਿੱਤੀ ਲਾਭ ਮਿਲ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਪਹਿਲਕਦਮੀਆਂ ਦੇ ਮੱਦੇਨਜ਼ਰ ਹਰ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਦਾ ਲਾਭ ਹੋ ਰਿਹਾ ਹੈ ਉਨ੍ਹਾਂ ਕਿਹਾ ਕਿ ਮੁਹਿੰਮ ਦੌਰਾਨ ਸਾਲ 2022 ਤੋਂ ਹੁਣ ਤੱਕ ਸਰਕਾਰ ਵੱਲੋਂ ਕੀਤੇ ਕੰਮਾਂ ਬਾਰੇ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਜਾਵੇਗੀ। ਉਨ੍ਹਾਂ ਅਨੁਸਾਰ ਮੁਹਿੰਮ ਦੌਰਾਨ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਉਨ੍ਹਾਂ ਤੋਂ ਲੋਕਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਘਰ-ਘਰ ਮੁਹਿੰਮ ਦੌਰਾਨ ਲੋਕ ਨਿਰਮਾਣ ਮੰਤਰੀ ਨੇ ਪਿੰਡ ਮਿਹਰਬਾਨਪੁਰਾ ਦੇ ਵੱਖ-ਵੱਖ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਬਜ਼ੁਰਗਾਂ, ਮਹਿਲਾਵਾਂ, ਨੌਜਵਾਨਾਂ ਅਤੇ ਬੱਚਿਆਂ ਸਮੇਤ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਲੋਕਾਂ ਦੇ ਵਿਚਾਰ ਸੁਣੇ ਅਤੇ ਸਰਕਾਰ ਦੀਆਂ ਯੋਜਨਾਵਾਂ ਸਬੰਧੀ ਉਨ੍ਹਾਂ ਨਾਲ ਵਿਚਾਰ-ਵਟਾਂਦਰਾ ਕੀਤਾ।ਸ. ਈ.ਟੀ.ਓ. ਨੇ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਬਿਜਲੀ, ਸਿਹਤ ਸੇਵਾਵਾਂ ਅਤੇ ਸਰਕਾਰੀ ਸਕੂਲਾਂ ਵਿੱਚ ਸੁਧਾਰ ਵਰਗੀਆਂ ਪਹਿਲਕਦਮੀਆਂ ਰਾਹੀਂ ਪਰਿਵਾਰਾਂ ਦੇ ਜ਼ਰੂਰੀ ਸੇਵਾਵਾਂ ’ਤੇ ਹੋਣ ਵਾਲੇ ਖਰਚ ਨੂੰ ਘਟਾਉਣ ਦਾ ਉਦੇਸ਼ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੂੰ ਬਿਜਲੀ ਖਰਚ ਵਿੱਚ ਬੱਚਤ ਹੋ ਰਹੀ ਹੈ।ਪੇਂਡੂ ਵਿਕਾਸ ਬਾਰੇ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਗਲੀਆਂ, ਨਾਲੀਆਂ, ਪਾਣੀ ਦੀ ਸਪਲਾਈ, ਕਮਿਊਨਿਟੀ ਇਮਾਰਤਾਂ, ਖੇਡ ਮੈਦਾਨਾਂ, ਸਟਰੀਟ ਲਾਈਟਾਂ ਅਤੇ ਹੋਰ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਨੂੰ ਵਿਕਾਸ ਦੀ ਇਕਾਈ ਵਜੋਂ ਮਜ਼ਬੂਤ ਕਰਨ ’ਤੇ ਧਿਆਨ ਦਿੱਤਾ ਜਾ ਰਿਹਾ ਹੈ ਉਨ੍ਹਾਂ ਅੱਗੇ ਕਿਹਾ ਕਿ ‘ਮਾਨ ਦਾ ਮੁਨਾਫ਼ਾ’ ਮੁਹਿੰਮ ਰਾਹੀਂ ਪੰਜਾਬ ਸਰਕਾਰ ਦੇ ਕੰਮਾਂ ਅਤੇ ਲੋਕਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਣਕਾਰੀ ਸੂਬੇ ਦੇ ਹੋਰ ਪਰਿਵਾਰਾਂ ਤੱਕ ਵੀ ਪਹੁੰਚਾਈ ਜਾਵੇਗੀ।

# ਸਾਊਥਾਲ ਦੀ ਮਨੀਂ ਬਸਰਾਨ ਨੇ ਯੂਕੇ ’ਚ ਗੱਡੇ ਝੰਡੇ, ਸਟਾਰਬਕਸ ਦਾ ਦੇਸ਼ ਪੱਧਰੀ ਮੁਕਾਬਲਾ ਜਿੱਤਿਆ

## ਮਹਿੰਦੀ ਦੀ ਰਵਾਇਤੀ ਕਲਾ ਸਟਾਰਬਕਸ ਦੇ ਕੱਪ ’ਤੇ ਉਤਾਰੀ, ਹੁਣ ਦੇਸ਼ ਭਰ ਦੇ ਬਿਲਬੋਰਡਾਂ ’ਤੇ ਦਿਖੇਗਾ ਡਿਜ਼ਾਈਨ




**ਲੰਡਨ, 21 ਸਤੰਬਰ (ਸਰਬਜੀਤ ਸਿੰਘ ਬਨੂੜ)**-ਪੱਛਮੀ ਲੰਡਨ ਦੇ ਸਾਊਥਾਲ ਨਾਲ ਜੁੜੀ ਪੰਜਾਬੀ ਮੂਲ ਦੀ ਕਲਾਕਾਰ ਮਨੀਂ ਬਸਰਾਨ ਨੇ ਆਪਣੀ ਮਹਿੰਦੀ ਕਲਾ ਨਾਲ ਸਟਾਰਬਕਸ ਯੂਕੇ ਦੇ ਦੇਸ਼ ਪੱਧਰੀ ‘ਸਟਾਰਬਕਸ ਇਲਸਟ੍ਰੇਸ਼ਨ ਕਲੱਬ’ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਵੱਡੀ ਪ੍ਰਾਪਤੀ ਕੀਤੀ ਹੈ। 36 ਸਾਲਾ ਮਨੀਂ ਬਸਰਾਨ ਇਸ ਵੇਲੇ ਸਾਊਥਾਲ-ਈਲਿੰਗ ਵਿੱਚ ਰਹਿੰਦੀ ਹੈ ਅਤੇ ਕਿਰਾਏ ਦੀਆਂ ਜਾਇਦਾਦਾਂ ਦੇ ਪ੍ਰਬੰਧਕ ਵਜੋਂ ਕੰਮ ਕਰਨ ਦੇ ਨਾਲ-ਨਾਲ ਲਗਭਗ 20 ਸਾਲਾਂ ਤੋਂ ਮਹਿੰਦੀ ਕਲਾ ਨਾਲ ਜੁੜੀ ਹੋਈ ਹੈ। ਜ਼ਿਕਰਯੋਗ ਹੈ ਕਿ ਸਟਾਰਬਕਸ ਵੱਲੋਂ ਕਰਵਾਏ ਗਏ ਇਸ ਮੁਕਾਬਲੇ ਵਿੱਚ ਦੇਸ਼ ਭਰ ਤੋਂ ਸੈਂਕੜੇ ਕਲਾਕਾਰਾਂ ਨੇ ਹਿੱਸਾ ਲਿਆ। ਮੁਕਾਬਲੇ ਦਾ ਵਿਸ਼ਾ ‘ਕੌਫੀ ਨੂੰ ਆਪਣੀ ਕਲਾ ਦਾ ਕੈਨਵਸ ਬਣਾਓ’ ਸੀ, ਜਿਸ ਤਹਿਤ ਭਾਗੀਦਾਰਾਂ ਨੂੰ ਸਟਾਰਬਕਸ ਦੇ ਕੱਪ ਉੱਤੇ ਆਪਣੀ ਮੌਲਿਕ ਕਲਾਕਾਰੀ ਤਿਆਰ ਕਰਨੀ ਸੀ। ਮੁਕਾਬਲਾ ਤਕਰੀਬਨ 18 ਦਿਨ ਤੱਕ ਚੱਲਿਆ ਅਤੇ ਨਿਯਮਾਂ ਮੁਤਾਬਕ ਏ.ਆਈ. ਨਾਲ ਬਣਾਏ ਡਿਜ਼ਾਈਨਾਂ ਦੀ ਇਜਾਜ਼ਤ ਨਹੀਂ ਸੀ। ਇਸ ਮੌਕੇ ਮਨੀਂ ਬਸਰਾਨ ਨੇ ਸਟਾਰਬਕਸ ਦੇ ਮਸ਼ਹੂਰ ਗੋਲ ਚਿੰਨ੍ਹ ਤੋਂ ਪ੍ਰੇਰਨਾ ਲੈਂਦਿਆਂ ਮੰਡਲਾ ਸ਼ੈਲੀ ਦਾ ਮਹਿੰਦੀ ਡਿਜ਼ਾਈਨ ਤਿਆਰ ਕੀਤਾ। ਖਾਸ ਗੱਲ ਇਹ ਰਹੀ ਕਿ ਉਸ ਨੇ ਪਹਿਲਾਂ ਕੋਈ ਖਾਕਾ ਜਾਂ ਯੋਜਨਾ ਤਿਆਰ ਨਹੀਂ ਕੀਤੀ, ਸਗੋਂ ਮਹਿੰਦੀ ਦੀ ਕੋਨ ਨਾਲ ਇੱਕੋ ਬੈਠਕ ਵਿੱਚ ਕੱਪ ਉੱਤੇ ਹੱਥੀਂ ਡਿਜ਼ਾਈਨ ਤਿਆਰ ਕਰ ਦਿੱਤਾ। ਮਨੀਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਪੱਛਮੀ ਲੰਡਨ ਦੇ ਸਾਊਥਾਲ ਵਿੱਚ ਪਲੀ-ਵਧੀ ਹੈ ਅਤੇ ਮਹਿੰਦੀ ਬਚਪਨ ਤੋਂ ਹੀ ਉਸ ਦੇ ਆਲੇ-ਦੁਆਲੇ ਵਿਆਹਾਂ, ਤਿਉਹਾਰਾਂ ਅਤੇ ਹੋਰ ਖੁਸ਼ੀ ਦੇ ਮੌਕਿਆਂ ਦਾ ਅਹਿਮ ਹਿੱਸਾ ਰਹੀ ਹੈ। ਉਸ ਨੇ ਆਪਣੇ ਇਸ ਕਲਾਤਮਕ ਵਿਚਾਰ ਨੂੰ ‘ਕੋਨ ਤੋਂ ਕੱਪ ਤੱਕ’ ਦਾ ਰੂਪ ਦਿੱਤਾ। ਜੇਤੂ ਡਿਜ਼ਾਈਨ ਦੀ ਚੋਣ ਕਰਨ ਵਾਲੇ ਨਿਰਣਾਇਕ ਮੰਡਲ ਵਿੱਚ ਬ੍ਰਿਟਿਸ਼-ਨਾਈਜੀਰੀਅਨ ਕਲਾਕਾਰ ਯਿੰਕਾ ਇਲੋਰੀ ਐੱਮ.ਬੀ.ਈ., ਕਲਾਕਾਰ ਰੌਬ ਡਰੇਪਰ, ਸਟਾਰਬਕਸ ਨਾਲ ਜੁੜੇ ਕਲਾਕਾਰ ਐਰਨ ਗੋਂਜ਼ਾਲੇਸ ਅਤੇ ਸਟਾਰਬਕਸ ਯੂਰਪ, ਮੱਧ ਪੂਰਬ ਤੇ ਅਫ਼ਰੀਕਾ ਦੀ ਡਿਜ਼ਾਈਨ ਡਾਇਰੈਕਟਰ ਪਾਓਲਾ ਤਸਾਰਾ ਸ਼ਾਮਲ ਸਨ। ਜੇਤੂ ਬਣਨ ਤੋਂ ਬਾਅਦ ਮਨੀਂ ਬਸਰਾਨ ਦੇ ਡਿਜ਼ਾਈਨ ਨੂੰ ਬ੍ਰਿਟੇਨ ਭਰ ਦੇ ਚੋਣਵੇਂ ਬਿਲਬੋਰਡਾਂ ਅਤੇ ਬਾਹਰੀ ਵਿਗਿਆਪਨ ਸਥਾਨਾਂ ਉੱਤੇ ਪ੍ਰਦਰਸ਼ਿਤ ਕੀਤਾ ਗਿਆ ਹੈ। ਇਸ ਦੇ ਨਾਲ ਉਸ ਨੂੰ ਯਿੰਕਾ ਇਲੋਰੀ ਐੱਮ.ਬੀ.ਈ. ਤੋਂ ਨਿੱਜੀ ਤੌਰ ’ਤੇ ਕਲਾ ਸਬੰਧੀ ਮਾਰਗਦਰਸ਼ਨ ਹਾਸਲ ਕਰਨ ਦਾ ਮੌਕਾ ਵੀ ਮਿਲਿਆ ਹੈ। ਮੁਕਾਬਲੇ ਦੇ ਨੌਂ ਹੋਰ ਚੁਣੇ ਗਏ ਡਿਜ਼ਾਈਨ ਵੀ ਦੇਸ਼ ਪੱਧਰੀ ਪ੍ਰਚਾਰ ਮੁਹਿੰਮ ਵਿੱਚ ਸ਼ਾਮਲ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਮਨੀਂ ਬਸਰਾਨ ਦਾ 13 ਸਤੰਬਰ ਨੂੰ ਆਨੰਦ ਕਾਰਜ ਹੋਇਆ ਹੈ। ਸਾਊਥਾਲ ਦੀਆਂ ਮਹਿੰਦੀ ਦੀਆਂ ਰਵਾਇਤਾਂ ਤੋਂ ਸ਼ੁਰੂ ਹੋਇਆ ਮਨੀਂ ਬਸਰਾਨ ਦਾ ਕਲਾਤਮਕ ਸਫ਼ਰ ਹੁਣ ਸਟਾਰਬਕਸ ਦੇ ਕੱਪ ਰਾਹੀਂ ਬ੍ਰਿਟੇਨ ਦੇ ਬਿਲਬੋਰਡਾਂ ਤੱਕ ਪਹੁੰਚ ਗਿਆ ਹੈ।

## ਫਾਸ਼ੀ ਹਮਲਿਆਂ ਖਿਲਾਫ਼ 26 ਸਤੰਬਰ ਮੋਗਾ ਰੈਲੀ ਦੀ ਤਿਆਰੀਆਂ ਜਾਰੀ

**ਹੁਸ਼ਿਆਰਪੁਰ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਮਿਊਨਿਸਟ ਪਾਰਟੀ ( ਮਾਰਕਸਵਾਦੀ - ਲੈਨਿਨਵਾਦੀ) ਨਿਊ ਡੈਮੋਕ੍ਰੇਸੀ ਵਲੋਂ ਭਾਜਪਾ - ਆਰ ਐਸ ਐਸ ਦੇ ਫਾਸ਼ੀ ਹਮਲਿਆਂ ਖਿਲਾਫ਼ 26 ਸਤੰਬਰ ਨੂੰ ਦਾਣਾ ਮੰਡੀ ਮੋਗਾ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਵਿਸ਼ਾਲ ਰੈਲੀ ਦੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਤਿਆਰੀਆਂ ਵਜੋਂ ਪਾੜਾ ਪਿੰਡ,ਮੁਰੀਦਪੁਰ,ਬੂਲਾ, ਧੀਰਪੁਰ ਆਦਿ ਪਿੰਡਾਂ ਚ ਜਾਗੋ ਕੱਢੀ ਗਈ ਅਤੇ ਘੁੱਗਸ਼ੋਰ,ਬੜਾ ਪਿੰਡ ਛੋਟਾ ਪਿੰਡ ਆਦਿ ਵਿਖੇ ਮੀਟਿੰਗਾਂ, ਰੈਲੀਆਂ ਕਰਕੇ ਕਿਰਤੀਆਂ ਕਾਮਿਆਂ ਨੂੰ ਰੈਲੀ ਲਈ ਲਾਮਬੰਦ ਗਿਆ।

ਇਸ ਮੌਕੇ ਪਾਰਟੀ ਆਗੂ ਕਾਮਰੇਡ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਕਿਹਾ ਕਿ ਭਾਜਪਾ - ਆਰ ਐਸ ਐਸ ਦੀ ਮੋਦੀ ਸਰਕਾਰ ਦੇਸ਼ ਦਾ ਸੰਵਿਧਾਨ ਅਤੇ ਜਮਹੂਰੀਅਤ ਖ਼ਤਮ ਕਰਕੇ ਦੇਸ਼ ਵਿਚ ਤਾਨਾਸ਼ਾਹੀ ਲਿਆਉਣਾ ਚਾਹੁੰਦੀ ਹੈ। ਇਸ ਲਈ ਸਰਕਾਰੀ ਨੀਤੀਆਂ ਦੀ ਆਲੋਚਨਾ ਕਰਨ ਵਾਲਿਆਂ ਨੂੰ ਦਬਾਇਆ ਜਾ ਰਿਹਾ ਹੈ। ਨਿੱਤ ਨਵੇਂ ਨਵੇਂ ਕਾਲੇ ਕਾਨੂੰਨ ਘੜੇ ਜਾ ਰਹੇ ਹਨ, ਵਿਰੋਧੀਆਂ ਨੂੰ ਜੇਲ੍ਹਾਂ ਵਿੱਚ ਸੁਟਿਆ ਜਾ ਰਿਹਾ ਹੈ। ਇਥੋਂ ਤੱਕ ਕਿ ਸੰਸਦ ਦੀ ਮਰਿਆਦਾ ਨੂੰ ਖੁੱਦ ਹੀ ਤਾਰ ਤਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਦਾ ਪ੍ਰਬੰਧ ਪੰਜਾਬ ਹਵਾਲੇ ਕਰਨ,ਚੰਡੀਗੜ੍ਹ ਪੰਜਾਬ ਨੂੰ ਦੇਣ, ਸਾਰੇ ਸਿਆਸੀ ਕਾਰਕੁਨਾਂ ਅਤੇ ਸਿੱਖਾਂ ਸਮੇਤ ਸਜ਼ਾਵਾਂ ਪੂਰੀਆਂ ਕਰ ਚੁੱਕੇ ਕੈਦੀਆਂ ਨੂੰ ਰਿਹਾਅ ਕਰਨ, ਯੂ ਏ ਪੀ ਏ, ਐਸਮਾ ਅਤੇ ਹੋਰ ਕਾਲੇ ਕਾਨੂੰਨ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਮੋਗਾ ਰੈਲੀ ਵਿੱਚ ਮਿਹਨਤੀ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਯੂਥ ਵਿੰਗ ਦੇ ਆਗੂ ਗੁਰਪ੍ਰੀਤ ਸਿੰਘ ਚੀਦਾ, ਯੂਨੀਅਨ ਦੇ ਤਹਿਸੀਲ ਆਗੂ ਕੇ ਐੱਸ ਅਟਵਾਲ, ਬਲਬੀਰ ਸਿੰਘ ਧੀਰਪੁਰ, ਬਲਵਿੰਦਰ ਕੌਰ, ਸਰਬਜੀਤ ਕੌਰ, ਇਸਤਰੀ ਜਾਗ੍ਰਿਤੀ ਮੰਚ ਦੀ ਆਗੂ ਜਸਵੀਰ ਕੌਰ ਜੱਸੀ, ਬਲਵਿੰਦਰ ਕੌਰ, ਦਲਜੀਤ ਕੌਰ ਅਤੇ ਹੋਰ ਆਗੂ ਵੀ ਲਾਮਬੰਦੀ ਮੁਹਿੰਮ ਨੂੰ ਚਲਾ ਰਹੇ ਹਨ।
ਉਨ੍ਹਾਂ ਮੋਗਾ ਰੈਲੀ ਵਿੱਚ ਮਿਹਨਤੀ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਯੂਥ ਵਿੰਗ ਦੇ ਆਗੂ ਗੁਰਪ੍ਰੀਤ ਸਿੰਘ ਚੀਦਾ, ਯੂਨੀਅਨ ਦੇ ਤਹਿਸੀਲ ਆਗੂ ਕੇ ਐੱਸ ਅਟਵਾਲ, ਬਲਬੀਰ ਸਿੰਘ ਧੀਰਪੁਰ, ਬਲਵਿੰਦਰ ਕੌਰ, ਸਰਬਜੀਤ ਕੌਰ, ਇਸਤਰੀ ਜਾਗ੍ਰਿਤੀ ਮੰਚ ਦੀ ਆਗੂ ਜਸਵੀਰ ਕੌਰ ਜੱਸੀ, ਬਲਵਿੰਦਰ ਕੌਰ, ਦਲਜੀਤ ਕੌਰ ਅਤੇ ਹੋਰ ਆਗੂ ਵੀ ਲਾਮਬੰਦੀ ਮੁਹਿੰਮ ਨੂੰ ਚਲਾ ਰਹੇ ਹਨ।

### ਇੰਗਲੈਂਡ ਦੀ ਧਰਤੀ 'ਤੇ ਗੂੰਜਿਆ ਪੰਥਕ ਏਕਤਾ ਦਾ ਸੰਦੇਸ਼

# ਸਮੈਥਵਿਕ ਵਿਖੇ ਵਿਸ਼ਾਲ ਪੰਥਕ ਕਾਨਫਰੰਸ
























**ਸਮੈਥਵਿਕ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਸ ਪੰਜਾਬ ਦੇ ਯੂਕੇ ਯੂਨਿਟ ਵੱਲੋਂ 20 ਸਤੰਬਰ, ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਵਿਖੇ ਵਿਸ਼ਾਲ ਪੰਥਕ ਕਾਨਫਰੰਸ ਕਰਵਾਈ ਗਈ। ਇਸ ਕਾਨਫਰੰਸ ਵਿੱਚ ਇੰਗਲੈਂਡ ਦੇ ਦੂਰ-ਦੁਰਾਡੇ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਆਪਣੀਆਂ ਹਾਜ਼ਰੀਆਂ ਭਰੀਆਂ।

ਇਸ ਵਿਸ਼ਾਲ ਇਕੱਠ ਨੂੰ ਵੱਖ-ਵੱਖ ਸ਼ਹਿਰਾਂ ਤੋਂ ਪਹੁੰਚੇ ਅਕਾਲੀ ਦਲ ਵਾਰਸ ਪੰਜਾਬ ਦੇ ਬੁਲਾਰਿਆਂ, ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕੀਤਾ।

**"ਪੰਥ ਬਚਾਓ, ਪੰਜਾਬ ਬਚਾਓ" ਮਿਸ਼ਨ ਨੂੰ ਭਰਪੂਰ ਸਮਰਥਨ**

ਬਰਮਿੰਘਮ ਵਿਖੇ ਹੋਇਆ ਇਹ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਅਕਾਲੀ ਦਲ ਵਾਰਸ ਪੰਜਾਬ ਦੇ ਮਿਸ਼ਨ 2027—"ਪੰਥ ਬਚਾਓ, ਪੰਜਾਬ ਬਚਾਓ" ਨੂੰ ਦੇਸ਼-ਵਿਦੇਸ਼ ਵਿੱਚ ਭਰਪੂਰ ਸਮਰਥਨ ਮਿਲ ਰਿਹਾ ਹੈ। ਸੰਗਤਾਂ ਦੇ ਉਤਸ਼ਾਹ ਅਤੇ ਸਮਰਥਨ ਨੇ ਇਹ ਸੁਨੇਹਾ ਦਿੱਤਾ ਕਿ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੀ ਅਕਾਲੀ ਦਲ ਵਾਰਸ ਪੰਜਾਬ ਦੀ ਸਰਕਾਰ ਬਣਾਉਣ ਲਈ ਇੰਗਲੈਂਡ ਦੀ ਧਰਤੀ ਤੋਂ ਵੀ ਮੁਹਿੰਮ ਦਾ ਜ਼ੋਰਦਾਰ ਆਗਾਜ਼ ਹੋ ਚੁੱਕਾ ਹੈ।

**ਆਗੂਆਂ ਦੀ ਸ਼ਮੂਲੀਅਤ ਅਤੇ ਪ੍ਰਬੰਧਕਾਂ ਦਾ ਧੰਨਵਾਦ**

ਇਸ ਸਮੁੱਚੇ ਸਮਾਗਮ ਦਾ ਪ੍ਰਬੰਧ ਅਕਾਲੀ ਦਲ ਵਾਰਸ ਪੰਜਾਬ ਯੂਕੇ ਦੇ ਪ੍ਰਧਾਨ ਸਰਦਾਰ ਜਗਰੂਪ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਅਕਾਲੀ ਦਲ ਵਾਰਸ ਪੰਜਾਬ ਦੇ ਤਰਨ ਤਾਰਨ ਜ਼ਿਲ੍ਹਾ ਪ੍ਰਧਾਨ ਭਾਈ ਚਮਕੌਰ ਸਿੰਘ ਧੁੰਨ ਨੇ ਵੀ ਹਾਜ਼ਰੀ ਭਰੀ ਅਤੇ ਸੰਗਤ ਨੂੰ ਸੰਬੋਧਨ ਕੀਤਾ। ਉਨ੍ਹਾਂ ਤੋਂ ਇਲਾਵਾ ਹੋਰ ਅਨੇਕਾਂ ਪੰਥਕ ਆਗੂਆਂ ਅਤੇ ਨੁਮਾਇੰਦਿਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਅਕਾਲੀ ਦਲ ਵਾਰਸ ਪੰਜਾਬ ਯੂਕੇ ਦੀ ਸਮੁੱਚੀ ਟੀਮ ਵੱਲੋਂ ਕਾਨਫਰੰਸ ਵਿੱਚ ਪਹੁੰਚੀਆਂ ਸਾਰੀਆਂ ਸੰਗਤਾਂ, ਬੁਲਾਰਿਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ ਅਤੇ ਸੇਵਾਦਾਰਾਂ ਦਾ ਦਿਲੋਂ ਬਹੁਤ-ਬਹੁਤ ਧੰਨਵਾਦ।

**ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥**

### ਇੰਗਲੈਂਡ ਦੀ ਧਰਤੀ 'ਤੇ ਗੂੰਜਿਆ ਪੰਥਕ ਏਕਤਾ ਦਾ ਸੰਦੇਸ਼

# ਸਮੈਥਵਿਕ ਵਿਖੇ ਵਿਸ਼ਾਲ ਪੰਥਕ ਕਾਨਫਰੰਸ




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਥੇਦਾਰ ਗੜਗੱਜ ਦੀ ਅਗਵਾਈ ਵਾਲੇ ਸਿੱਖ ਜੱਥੇ ਨੂੰ ਜ਼ੀਰੋ ਲਾਈਨ ਤੋਂ ਪਹਿਲਾਂ ਰੋਕਿਆ

# ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਛੇਤੀ ਖੋਲ੍ਹਣ ਲਈ ਕੀਤੀ ਅਰਦਾਸ







**ਨਵੀਂ ਦਿੱਲੀ, 21 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਜ ਸ੍ਰੀ ਕਰਤਾਰਪੁਰ ਸਾਹਿਬ ਲਾਂਘੇ ਵਿਖੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੱਦੇ ਉੱਤੇ ਡੇਰਾ ਬਾਬਾ ਨਾਨਕ ਭਾਰਤ ਵਾਲੇ ਪਾਸੇ ਜ਼ੀਰੋ ਲਾਈਨ ਉੱਤੇ ਲਾਂਘੇ ਛੇਤੀ ਖੁੱਲ੍ਹਣ ਲਈ ਭਾਰਤ ਤੇ ਪਾਕਿਸਤਾਨ ਦੇ ਸਿੱਖਾਂ ਵੱਲੋਂ ਉਲੀਕੇ ਗਏ ਸਾਂਝੇ ਸਮਾਗਮ ਲਈ ਪੁੱਜੇ, ਲੇਕਿਨ ਸੀਮਾ ਸੁਰੱਖਿਆ ਬਲ ਦੇ ਬਾਰਡਰ ’ਤੇ ਤਾਇਨਾਤ ਅਧਿਕਾਰੀਆਂ ਨੇ ਉਨ੍ਹਾਂ ਨੂੰ ਜ਼ੀਰੋ ਲਾਈਨ ਤੋਂ ਕੁਝ ਦੂਰੀ ਉੱਤੇ ਪਿੱਛੇ ਹੀ ਰੋਕ ਦਿੱਤਾ। ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਤੋਂ ਜ਼ੀਰੋ ਲਾਈਨ ਤੱਕ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਲੈ ਕੇ ਆਇਆ ਗਿਆ ਜਿਸ ਵਿੱਚ ਗੁਆਂਢੀ ਦੇਸ਼ ਦੇ ਕਈ ਹਿੱਸਿਆਂ ਤੋਂ ਸਿੱਖ ਸੰਗਤ ਨੇ ਸ਼ਮੂਲੀਅਤ ਕੀਤੀ। ਭਾਰਤ ਵਾਲੇ ਪਾਸਿਓਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਸੱਦੇ ’ਤੇ ਸਿੱਖ ਸੰਗਤ ਡੇਰਾ ਬਾਬਾ ਨਾਨਕ ਵਾਲੇ ਪਾਸੇ ਇਕੱਤਰ ਹੋਈ ਅਤੇ ਜਥੇ ਦੇ ਰੂਪ ’ਚ ਉਨ੍ਹਾਂ ਦੀ ਅਗਵਾਈ ਵਿੱਚ ਅੱਗੇ ਵਧੀ।ਜਥੇਦਾਰ ਗੜਗੱਜ ਵੱਲੋਂ ਦਿੱਤੇ ਸੱਦੇ ਅਤੇ ਉਨ੍ਹਾਂ ਦੀ ਬਾਰਡਰ ਜ਼ੀਰੋ ਲਾਈਨ ’ਤੇ ਅਰਦਾਸ ਸਮਾਗਮ ਲਈ ਆਮਦ ਬਾਰੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਰਜਿੰਦਰ ਸਿੰਘ ਰੂਬੀ ਅਤੇ ਗੁਰਦੁਆਰਾ ਡੇਰਾ ਬਾਬਾ ਨਾਨਕ ਦੇ ਮੈਨੇਜਰ ਸ. ਰਣਜੀਤ ਸਿੰਘ ਰਾਹੀਂ ਸਵੇਰ ਤੋਂ ਹੀ ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਸੀ। ਅਧਿਕਾਰੀਆਂ ਨੂੰ ਦੱਸਿਆ ਗਿਆ ਸੀ ਕਿ ਜਥੇਦਾਰ ਗੜਗੱਜ ਕੁਝ ਸਿੱਖ ਸੰਗਤ ਨਾਲ ਜ਼ੀਰੋ ਲਾਈਨ ’ਤੇ ਆ ਕੇ ਭਾਰਤ ਵਾਲੇ ਪਾਸੇ ਤੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਣ, ਭਾਰਤ-ਪਾਕਿਸਤਾਨ ਵਿਚਕਾਰ ਅਮਨ ਸ਼ਾਂਤੀ ਬਣੀ ਰਹਿਣ ਅਤੇ ਵਪਾਰ ਲਈ ਬਾਰਡਰ ਖੁੱਲ੍ਹਣ ਲਈ ਅਰਦਾਸ ਬੇਨਤੀ ਕਰਨ ਲਈ ਆਉਣਗੇ, ਜਦੋਂ ਜਥੇਦਾਰ ਗੜਗੱਜ ਦੀ ਅਗਵਾਈ ਵਿੱਚ ਸਿੱਖ ਸੰਗਤ ਦਾ ਜਥਾ ਜ਼ੀਰੋ ਲਾਈਨ ਵੱਲ ਵਧਿਆ ਤਾਂ ਨੇੜੇ ਪੁੱਜਣ ਉੱਤੇ ਕੁਝ ਦੂਰੀ ਉੱਤੇ ਹੀ ਸੀਮਾ ਸੁਰੱਖਿਆ ਬਲ ਦੇ ਅਧਿਕਾਰੀਆਂ ਨੇ ਉਨ੍ਹਾਂ ਨੂੰ ਅੱਗੇ ਵਧਣ ਤੋਂ ਰੋਕ ਦਿੱਤਾ ਅਤੇ ਕਿਹਾ ਕਿ ਜੇਕਰ ਅਰਦਾਸ ਬੇਨਤੀ ਕਰਨੀ ਹੈ ਤਾਂ ਜ਼ੀਰੋ ਲਾਈਨ ਨੇੜੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਹੀ ਕੀਤੀ ਜਾਵੇ। ਇਸ ਉੱਤੇ ਜਥੇਦਾਰ ਗੜਗੱਜ ਨੇ ਬੀਐੱਸਐੱਫ ਜਵਾਨਾਂ ਨੂੰ ਉੱਚ ਅਧਿਕਾਰੀਆਂ ਨਾਲ ਗੱਲ ਕਰਕੇ ਪੰਜ ਸਿੰਘਾਂ ਦਾ ਜਥਾ ਜ਼ੀਰੋ ਲਾਈਨ ਉੱਤੇ ਜਾਣ ਦੇਣ ਨੂੰ ਕਿਹਾ ਤਾਂ ਜੋ ਪਾਕਿਸਤਾਨ ਸਿੱਖ ਸੰਗਤ ਵੱਲੋਂ ਲਿਆਂਦੇ ਗਏ ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਰੁਮਾਲਾ ਸਾਹਿਬ ਅਤੇ ਪੰਜ ਪਿਆਰਿਆਂ ਲਈ ਸਿਰੋਪਾਓ ਦੂਜੇ ਪਾਸੇ ਸੌਂਪੇ ਜਾ ਸਕਣ, ਪਰੰਤੂ ਉਨ੍ਹਾਂ ਨੂੰ ਅੱਗੇ ਨਹੀਂ ਜਾਣ ਦਿੱਤਾ ਗਿਆ। ਇਸ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਜਿੱਥੇ ਬੀਐੱਸਐੱਫ ਦੇ ਅਧਿਕਾਰੀਆਂ ਨੇ ਉਨ੍ਹਾਂ ਨੂੰ ਰੋਕਣ ਲਈ ਲਗਾਏ ਨਾਕੇ ਦੇ ਸਾਹਮਣੇ ਹੀ ਜ਼ਮੀਨ ਉੱਤੇ ਸੰਗਤ ਸਮੇਤ ਬੈਠ ਗਏ ਅਤੇ ਉਪਰੰਤ ਰਹਿਰਾਸ ਸਾਹਿਬ ਤੇ ਸ਼ਬਤ ਕੀਰਤਨ ਕਰਕੇ ਲਾਂਘਾ ਖੁੱਲ੍ਹਣ ਤੇ ਦੋਵਾਂ ਦੇਸ਼ਾਂ ਵਿਚਕਾਰ ਅਮਨ ਸ਼ਾਂਤੀ ਦੀ ਅਰਦਾਸ ਕੀਤੀ ਗਈ। ਰਹਿਰਾਸ ਸਾਹਿਬ ਦਾ ਪਾਠ ਜਥੇਦਾਰ ਗੜਗੱਜ ਦੇ ਨਿੱਜੀ ਸਹਾਇਕ ਗਿਆਨੀ ਬਲਦੇਵ ਸਿੰਘ ਭੋਲੇਕੇ ਨੇ ਕੀਤਾ ਜਦਕਿ ਅਰਦਾਸ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤੀ ਗਈ, ਜਿਸ ਉਪਰੰਤ ਸੰਗਤ ਨੇ ਉੱਚੇ ਅਵਾਜ਼ ਵਿੱਚ ਪੰਜ ਜੈਕਾਰੇ ਲਗਾ ਕੇ ਆਪਣੀ ਹਾਜ਼ਰੀ ਦਰਜ ਕਰਵਾਈ। ਇਸ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਭਾਰਤ ਵਾਲੇ ਪਾਸਿਓਂ ਸਿੱਖ ਜਥੇ ਨੇ ਵਾਪਸ ਚਾਲੇ ਪਾਏ। ਪਾਕਿਸਤਾਨ ਲਹਿੰਦੇ ਪੰਜਾਬ ਵਾਲੇ ਪਾਸੇ ਵੀ ਵੱਡੀ ਗਿਣਤੀ ’ਚ ਸਿੱਖ ਸੰਗਤਾਂ ਬੜੀ ਸ਼ਰਧਾ ਭਾਵਨਾ ਨਾਲ ਨਗਰ ਕੀਰਤਨ ਸਜਾ ਕੇ ਜ਼ੀਰੋ ਲਾਈਨ ਉੱਤੇ ਪੁੱਜੀਆਂ ਅਤੇ ਉਨ੍ਹਾਂ ਨੇ ਵੀ ਰਹਿਰਾਸ ਸਾਹਿਬ ਦੇ ਪਾਠ, ਗੁਰਬਾਣੀ ਕੀਰਤਨ ਤੇ ਆਰਤੀ ਉਪਰੰਤ ਗੁਰੂ ਸਾਹਿਬ ਦੇ ਸਨਮੁਖ ਅਰਦਾਸ ਲਾਂਘਾ ਖੁੱਲ੍ਹਣ ਲਈ ਅਰਦਾਸ ਬੇਨਤੀ ਕੀਤੀ। ਭਾਰਤ ਵਾਲੇ ਪਾਸੇ ਸਿੱਖ ਜਥੇ ਵੱਲੋਂ ਪਾਕਿਸਤਾਨ ਸਿੱਖ ਸੰਗਤ ਵੱਲੋਂ ਕੀਤੇ ਜਾ ਰਹੇ ਗੁਰਬਾਣੀ ਕੀਰਤਨ ਅਤੇ ਜੈਕਾਰਿਆਂ ਦੀ ਗੂੰਜ ਦੀ ਅਵਾਜ਼ ਸੁਣੀ ਗਈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇਹ ਠੀਕ ਗੱਲ ਨਹੀਂ ਕਿ ਸਿੱਖਾਂ ਨੂੰ ਜ਼ੀਰੋ ਲਾਈਨ ਉੱਤੇ ਅਰਦਾਸ ਕਰਨ ਤੋਂ ਵੀ ਰੋਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਸਿੱਖ ਭਾਵਨਾਵਾਂ ਨੂੰ ਗੰਭੀਰਤਾ ਨਾਲ ਸਮਝਣਾ ਚਾਹੀਦਾ ਹੈ ਅਤੇ ਭਾਵਨਾਵਾਂ ਦੀ ਕਦਰ ਕਰਦਿਆਂ ਤੁਰੰਤ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਹਰ ਰੋਜ਼ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹਨ ਅਤੇ ਸਾਡੇ ਵੱਲੋਂ ਅੱਜ ਵੀ ਇਹੀ ਅਰਦਾਸ ਕੀਤੀ ਗਈ ਹੈ ਕਿ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਤੁਰੰਤ ਖੁੱਲ੍ਹੇ, ਦੋਵੇਂ ਦੇਸ਼ਾਂ ਵਿਚਕਾਰ ਅਮਨ ਸ਼ਾਂਤੀ ਕਾਇਮ ਰਹੇ ਅਤੇ ਪੰਜਾਬ ਵਾਲੇ ਪਾਸਿਓਂ ਬਾਰਡਰ ਰਾਹੀਂ ਵਪਾਰ ਖੁੱਲ੍ਹੇ ਤਾਂ ਜੋ ਇਸ ਖਿੱਤੇ (ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਤੇ ਨੇੜਲੇ ਖਿੱਤੇ) ਦੇ ਕਿਸਾਨਾਂ, ਵਪਾਰੀਆਂ ਤੇ ਲੋਕਾਂ ਨੂੰ ਫਾਇਦਾ ਹੋਵੇ। ਉਨ੍ਹਾਂ ਕਿਹਾ ਕਿ ਸਥਾਨਕ ਸਿੱਖ ਸੰਗਤ ਦੇ ਦੱਸੇ ਮੁਤਾਬਕ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਜਦੋਂ ਕੋਈ ਸਿਆਸੀ ਆਗੂ ਇੱਥੇ ਦਰਸ਼ਨਾਂ ਲਈ ਆਉਂਦੇ ਹਨ ਤਾਂ ਉਨ੍ਹਾਂ ਨੂੰ ਵੀਆਈਪੀ ਸਹੂਲਤਾਂ ਦੇ ਕੇ ਜ਼ੀਰੋ ਲਾਈਨ ਤੱਕ ਲਿਜਾ ਕੇ ਦਿਖਾਇਆ ਜਾਂਦਾ ਹੈ ਜਦਕਿ ਸਿੱਖ ਸੰਗਤ ਨੂੰ ਕਈ ਤਰ੍ਹਾਂ ਨਾਲ ਤੰਗ ਪਰੇਸ਼ਾਨ ਕੀਤਾ ਜਾਂਦਾ ਹੈ ਜੋ ਕਿ ਮੰਦਭਾਗਾ ਵਰਤਾਰਾ ਹੈ, ਜਿਸ ਪ੍ਰਤੀ ਕੇਂਦਰ ਅਤੇ ਸੂਬਾ ਸਰਕਾਰ ਨੂੰ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ ਕਿ ਸਿੱਖ ਭਾਵਨਾਵਾਂ ਨੂੰ ਐਵੇਂ ਸੱਟ ਨਾ ਮਾਰੀ ਜਾਵੇ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਐਲਾਨ ਕੀਤਾ ਕਿ ਉਹ ਹਰ ਮਹੀਨੇ ਡੇਰਾ ਬਾਬਾ ਨਾਨਕ ਵਿਖੇ ਸਿੱਖ ਸੰਗਤ ਨੂੰ ਨਾਲ ਲੈ ਕੇ ਇਹ ਅਰਦਾਸ ਕਰਨ ਲਈ ਆਉਣਗੇ ਕਿ ਲਾਂਘਾ ਛੇਤੀ ਖੁੱਲ੍ਹੇ। ਉਨ੍ਹਾਂ ਕਿਹਾ ਕਿ ਲਾਂਘਾ ਖੁੱਲ੍ਹਣ ਉੱਤੇ ਉਹ ਪਹਿਲੇ ਜਥੇ ਵਿੱਚ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਸਮਾਉਣ ਵਾਲੇ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243